ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 139
ਫ਼ੋਨ: +91- 92168-07500
E-mail: news@charhdikala.com
www.charhdikala.com

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Thursday, 21 May, 2026) ਵੀਰਵਾਰ, 21 ਮਈ, 2026, 7 ਜੇਠ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ


## ਚੰਡੀਗੜ੍ਹ ਦੇ ਸਕੂਲ 23 ਮਈ ਤੋਂ 30 ਜੂਨ ਤੱਕ ਰਹਿਣਗੇ ਬੰਦ

ਚੰਡੀਗੜ੍ਹ, 20 ਮਈ (ਚ.ਨ.ਸ.): ਇਸ ਸਮੇਂ ਪੂਰਾ ਉੱਤਰੀ ਭਾਰਤ ਭਿਆਨਕ ਗਰਮੀ ਦੀ ਲਪੇਟ ਵਿੱਚ ਹੈ। ਦੇਸ਼ ਭਰ ਦੇ ਕਈ ਰਾਜਾਂ ਵਿੱਚ ਸਕੂਲ ਗਰਮੀ ਕਾਰਨ ਬੰਦ ਘੋਸ਼ਿਤ ਕੀਤੇ ਗਏ ਹਨ, ਜਦੋਂ ਕਿ ਚੰਡੀਗੜ੍ਹ ਵਿੱਚ, 23 ਮਈ ਤੋਂ ਸਕੂਲੀ ਛੁੱਟੀਆਂ ਦਾ ਐਲਾਨ ਕੀਤਾ ਗਿਆ ਹੈ। ਇਸ ਉਦੇਸ਼ ਲਈ ਇੱਕ ਅਧਿਕਾਰਤ ਨੋਟਿਸ ਜਾਰੀ ਕੀਤਾ ਗਿਆ ਹੈ।ਜਾਣਕਾਰੀ ਅਨੁਸਾਰ, ਚੰਡੀਗੜ੍ਹ ਦੇ ਸਾਰੇ ਸਕੂਲਾਂ ਵਿੱਚ ਇਸ ਵਾਰ 39 ਦਿਨਾਂ ਦੀ ਛੁੱਟੀ ਹੋਵੇਗੀ। 23 ਮਈ ਤੋਂ ਛੁੱਟੀਆਂ ਦਾ ਐਲਾਨ ਕੀਤਾ ਗਿਆ ਹੈ, ਅਤੇ ਸਕੂਲ 30 ਜੂਨ ਤੱਕ ਬੰਦ ਰਹਿਣਗੇ। ਸਕੂਲ 1 ਜੁਲਾਈ ਤੋਂ ਦੁਬਾਰਾ ਖੁੱਲ੍ਹਣਗੇ।

### ਕਹਿਰ ਦੀ ਗਰਮੀ ਵਿਚਾਲੇ ਮੌਸਮ ਵਿਭਾਗ ਵੱਲੋਂ ਭਵਿੱਖਬਾਣੀ

## ਪੰਜਾਬ 'ਚ 25 ਮਈ ਤੱਕ ਚੱਲਣਗੀਆਂ ਗਰਮ ਹਵਾਵਾਂ



ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 20 ਮਈ :ਪੰਜਾਬ ਵਿਚ ਗਰਮੀ ਦਾ ਕਹਿਰ ਵਧਦਾ ਜਾ ਰਿਹਾ ਹੈ। ਗਰਮੀ ਤੋਂ ਬਚਣ ਲਈ ਲੋਕ ਘਰਾਂ ਵਿਚ ਰਹਿਣ 'ਤੇ ਮਜਬੂਰ ਹੋ ਰਹੇ ਹਨ। ਇਸ ਕਾਰਨ ਸੜਕਾਂ 'ਤੇ ਕਰਫਿਊ ਵਰਗੇ ਹਾਲਾਤ ਵੇਖਣ ਨੂੰ ਮਿਲ ਰਹੇ ਹਨ, ਵਧ ਰਹੀ ਗਰਮੀ ਕਾਰਨ ਲੋਕਾਂ ਨੂੰ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮੌਸਮ ਵਿਭਾਗ ਨੇ ਅਗਲੇ ਹਫ਼ਤੇ ਲਈ ਮੌਸਮ ਨੂੰ ਲੈ ਕੇ ਵੱਡੀ ਭਵਿੱਖਬਾਣੀ ਕੀਤੀ ਹੈ।

ਮੌਸਮ ਵਿਭਾਗ ਚੰਡੀਗੜ੍ਹ ਨੇ ਪੰਜਾਬ ਅਤੇ ਹਰਿਆਣਾ ਲਈ ਇਕ ਵਿਸ਼ੇਸ਼ ਮੌਸਮ ਬੁਲੇਟਿਨ ਜਾਰੀ ਕਰਦਿਆਂ ਚਿਤਾਵਨੀ ਦਿੱਤੀ ਹੈ ਕਿ ਖੇਤਰ ਵਿੱਚ ਭਿਆਨਕ ਗਰਮੀ ਦਾ ਕਹਿਰ ਜਾਰੀ ਰਹੇਗਾ। ਮੌਸਮ ਵਿਭਾਗ ਮੁਤਾਬਕ 25 ਮਈ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ 'ਚ ਗਰਮ ਹਵਾਵਾਂ ਚੱਲਦੀਆਂ ਰਹਿਣਗੀਆਂ। ਮੌਸਮ ਵਿਭਾਗ ਵੱਲੋਂ 25 ਮਈ ਤੱਕ ਭਿਆਨਕ ਗਰਮੀ ਦਾ ਓਰੇਂਜ ਅਲਰਟ ਜਾਰੀ ਕੀਤਾ ਗਿਆ ਹੈ। ਕੁਝ ਦਿਨ ਪਹਿਲਾਂ ਤੱਕ ਤਾਪਮਾਨ 40 ਡਿਗਰੀ ਤੱਕ ਚੱਲ ਰਿਹਾ ਸੀ ਅਤੇ ਯੈਲੋ ਅਲਰਟ ਸੀ ਪਰ ਵਧ ਰਹੀ ਗਰਮੀ ਵਿਚ ਇਹ ਅਲਰਟ ਵਧ ਕੇ 'ਓਰੇਂਜ ਅਲਰਟ' ਵਿਚ ਤਬਦੀਲ ਹੋ ਚੁੱਕਾ ਹੈ।

ਇਥੇ ਦੱਸ ਦੇਈਏ ਕਿ ਮਹਾਨਗਰ ਜਲੰਧਰ ਦਾ ਤਾਪਮਾਨ 43 ਡਿਗਰੀ ਤੱਕ ਪਹੁੰਚ ਚੁੱਕਾ ਹੈ, ਜਿਸ ਕਾਰਨ ਗਰਮੀ ਬਰਦਾਸ਼ਤ ਕਰ ਪਾਉਣੀ ਮੁਸ਼ਕਿਲ ਹੋ ਰਹੀ ਹੈ। ਪੰਜਾਬ ਦੇ ਮਾਲਵਾ ਖੇਤਰ ਸਮੇਤ ਬਠਿੰਡਾ 'ਚ ਇਸ ਵੇਲੇ ਗਰਮੀ ਨੇ ਆਪਣਾ ਸਭ ਤੋਂ ਭਿਆਨਕ ਰੂਪ ਧਾਰ ਲਿਆ ਹੈ। ਤਪਦੀ ਧੁੱਪ, ਅੱਗ ਵਰਗੀਆਂ ਗਰਮ ਹਵਾਵਾਂ ਅਤੇ ਲਗਾਤਾਰ ਵੱਧ ਰਹੇ ਤਾਪਮਾਨ ਨੇ ਆਮ ਜਨਜੀਵਨ ਨੂੰ ਪੂਰੀ ਤਰ੍ਹਾਂ ਪ੍ਰਭਾਵਿਤ ਕਰ ਦਿੱਤਾ ਹੈ। ਪਿਛਲੇ ਇਕ ਹਫ਼ਤੇ ਤੋਂ ਸ਼ਹਿਰ ਦਾ ਪਾਰਾ 46 ਤੋਂ 47 ਡਿਗਰੀ ਸੈਲਸੀਅਸ ਦੇ ਦਰਮਿਆਨ ਘੁੰਮ ਰਿਹਾ ਹੈ, ਜਿਸ ਕਾਰਨ ਬਠਿੰਡਾ ਪੰਜਾਬ ਦੇ ਸਭ ਤੋਂ ਗਰਮ ਸ਼ਹਿਰਾਂ ਵਿੱਚ ਸ਼ਾਮਲ ਹੋ ਗਿਆ ਹੈ। ਹੀਟ ਵੇਵ ਅਤੇ ਲੂ ਦੇ ਡਬਲ ਅਟੈਕ ਕਾਰਨ (ਬਾਕੀ ਸਫਾ 2 'ਤੇ)

### ਉਡਾਣਾਂ ਸ਼ੁਰੂ ਹੋਣ ਤੋਂ ਬਾਅਦ ਪਹਿਲੀ ਵਾਰ ਕੇਜਰੀਵਾਲ ਨਾਲ ਹਲਵਾਰਾ ਹਵਾਈ ਅੱਡੇ ਪੁੱਜੇ ਮੁੱਖ ਮੰਤਰੀ

# ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਮ 'ਤੇ ਰੱਖਿਆ ਜਾਵੇ ਹਵਾਈ ਅੱਡੇ ਦਾ ਨਾਮ: ਮਾਨ

ਵਿਸ਼ਾਲ ਸ਼ਰਮਾ/ਅਰਸ਼ ਸ਼ਰਮਾ/ ਸੰਜੀਵ ਲਹਿਲ



ਲੁਧਿਆਣਾ/ਖੰਨਾ, 20 ਮਈ : ਹਲਵਾਰਾ ਏਅਰਪੋਰਟ ਤੋਂ ਉਡਾਣਾਂ ਦੀ ਸ਼ੁਰੂਆਤ ਪੰਜਾਬ ਲਈ ਆਰਥਿਕ ਵਿਕਾਸ, ਕੁਨੈਕਟੀਵਿਟੀ ਅਤੇ ਤਰੱਕੀ ਦੇ ਨਵੇਂ ਯੁੱਗ ਦੀ ਸ਼ੁਰੂਆਤ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦਾਅਵਾ ਕੀਤਾ ਕਿ ਪੰਜਾਬ ਸਰਕਾਰ ਦੇ ਦ੍ਰਿੜ੍ਹ ਯਤਨਾਂ ਅਤੇ ਵਿੱਤੀ ਵਚਨਬੱਧਤਾ ਸਦਕਾ ਮੁਕੰਮਲ ਹੋਇਆ ਇਹ ਲੰਬੇ ਸਮੇਂ ਤੋਂ ਲਟਕ ਰਿਹਾ ਪ੍ਰੋਜੈਕਟ ਪੂਰੇ ਖੇਤਰ ਵਿੱਚ ਵਪਾਰ, ਉਦਯੋਗ, ਨਿਵੇਸ਼ ਅਤੇ ਰੋਜ਼ਗਾਰ ਨੂੰ ਹੁਲਾਰਾ ਦੇਵੇਗਾ। ਉਡਾਣਾਂ ਸ਼ੁਰੂ ਹੋਣ ਤੋਂ ਬਾਅਦ ਪਹਿਲੀ ਵਾਰ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨਾਲ ਏਅਰਪੋਰਟ ਟਰਮੀਨਲ ਦਾ ਦੌਰਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਕਿਹਾ ਕਿ ਇਸ ਹਵਾਈ ਅੱਡੇ ਦੀ ਸ਼ੁਰੂਆਤ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਸੂਬੇ ਵਿੱਚ ਵਿਸ਼ਵ ਪੱਧਰੀ ਸਹੂਲਤਾਂ ਲਿਆਉਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।ਪੰਜਾਬ ਸਰਕਾਰ ਵੱਲੋਂ ਹਵਾਈ ਅੱਡੇ ਦੇ ਵਿਕਾਸ 'ਤੇ ਲਗਭਗ 54.67 ਕਰੋੜ ਰੁਪਏ ਖ਼ਰਚਣ ਦੀ ਗੱਲ ਆਖਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਲਵਾਰਾ ਤੋਂ ਨਿਯਮਤ ਉਡਾਣਾਂ ਸ਼ੁਰੂ ਹੋਣ ਨਾਲ ਨਾ ਸਿਰਫ਼ ਪੰਜਾਬ ਦੇ ਲੋਕਾਂ ਨੂੰ ਵੱਡੀ ਸਹੂਲਤ ਮਿਲੇਗੀ, ਸਗੋਂ ਸੂਬੇ ਵਿੱਚ ਉਦਯੋਗਿਕ ਨਿਵੇਸ਼ ਅਤੇ ਵਪਾਰਕ ਗਤੀਵਿਧੀਆਂ ਲਈ ਵੀ ਨਵੇਂ ਰਾਹ ਖੁੱਲ੍ਹਣਗੇ। ਸੁਤੰਤਰਤਾ ਸੰਗਰਾਮੀਆਂ ਅਤੇ ਮਹਾਨ ਸੰਤਾਂ ਦੀ ਵਿਰਾਸਤ ਦਾ ਸਨਮਾਨ ਕਰਨ ਦੀ ਸਰਕਾਰ ਦੀ ਵਚਨਬੱਧਤਾ ਦੁਹਰਾਉਂਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਅਣਥੱਕ ਯਤਨਾਂ ਸਦਕਾ ਮੋਹਾਲੀ ਏਅਰਪੋਰਟ ਦਾ ਨਾਂ ਸ਼ਹੀਦ ਭਗਤ ਸਿੰਘ ਅਤੇ ਆਦਮਪੁਰ ਏਅਰਪੋਰਟ ਦਾ ਨਾਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ (ਬਾਕੀ ਸਫਾ 2 'ਤੇ)

## ਮਾਨਸਾ ਅਦਾਲਤ 'ਚ ਵੀਡੀਓ ਕਾਨਫ਼ਰੰਸਿੰਗ ਰਾਹੀਂ ਪੇਸ਼ ਹੋਏ ਮਾਨ

ਮਾਨਸਾ, 20 ਮਈ (ਚ.ਨ.ਸ.): ਮਾਣਹਾਨੀ ਮਾਮਲੇ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅੱਜ ਮਾਨਸਾ ਦੀ ਅਦਾਲਤ ਵਿਖੇ ਵੀਡੀਓ ਕਾਨਫਰੰਸਿੰਗ ਰਾਹੀਂ ਪੇਸ਼ ਹੋਏ। ਪਿਛਲੀਆਂ ਕਈ ਪੇਸ਼ੀਆਂ ਦੌਰਾਨ ਮੁੱਖ ਮੰਤਰੀ ਖ਼ੁਦ ਹਾਜ਼ਰ ਨਹੀਂ ਹੋ ਸਕੇ ਸਨ ਅਤੇ ਮਾਨਸਾ ਅਦਾਲਤ ਵਿਖੇ ਮੁੱਖ ਮੰਤਰੀ ਵੱਲੋਂ ਐਡਵੋਕੇਟ ਜਨਰਲ ਨੇ ਦਲੀਲਾਂ ਪੇਸ਼ ਕੀਤੀਆਂ ਸਨ। ਇਸ ਮਾਮਲੇ (ਬਾਕੀ ਸਫਾ 2 'ਤੇ)

## ਮਨਪ੍ਰੀਤ ਸਿੰਘ ਇਆਲੀ ਨੇ ਅਕਾਲੀ ਦਲ ਪੁਨਰ ਸੁਰਜੀਤ 'ਚੋਂ ਦਿੱਤਾ ਅਸਤੀਫ਼ਾ



ਲੁਧਿਆਣਾ , 20 ਮਈ (ਚ.ਨ.ਸ.):ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਮਨਪ੍ਰੀਤ ਸਿੰਘ ਇਆਲੀ ਨੇ ਆਪਣੇ ਸਾਰੇ ਅਹੁਦਿਆਂ ਤੋਂ ਅਸਤੀਫਾ ਦੇ ਦਿੱਤਾ ਹੈ। ਇਸ ਦਾ ਐਲਾਨ ਉਨ੍ਹਾਂ ਨੇ ਆਪਣੇ ਸੋਸ਼ਲ ਮੀਡੀਆ ਖਾਤੇ ਉਪਰ ਵੀਡੀਓ ਸਮੇਤ ਪੋਸਟ ਪਾਉਂਦਿਆਂ ਕੀਤਾ ਹੈ। ਉਨ੍ਹਾਂ ਕਿਹਾ ਕਿ 2 ਦਸੰਬਰ ਦੇ ਹੁਕਮਨਾਮਾ ਸਾਹਿਬ ਅਨੁਸਾਰ ਨੈਤਿਕ ਅਧਿਕਾਰ ਗਵਾਉਣ ਵਾਲੀ ਲੀਡਰਸ਼ਿਪ ਦਾ ਪਿੱਛੇ ਨਾ ਹੋਣਾ ਅਤੇ ਪੰਥਕ ਏਕਤਾ ਟੁੱਟਣ ਦੇ ਕਾਰਨਾਂ ਕਰਕੇ ਮੈਂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸਾਰੇ ਅਹੁਦਿਆਂ (ਬਾਕੀ ਸਫਾ 2 'ਤੇ)

## ਸ੍ਰੀ ਹੇਮਕੁੰਟ ਸਾਹਿਬ ਦੀ ਸਾਲਾਨਾ ਯਾਤਰਾ ਆਰੰਭ

### ਦਿੱਲੀ ਦੇ ਐਲ.ਜੀ. ਤਰਨਜੀਤ ਸਿੰਘ ਸੰਧੂ ਵੱਲੋਂ ਪਹਿਲਾ ਜੱਥਾ ਰਿਸ਼ੀਕੇਸ਼ ਤੋਂ ਰਵਾਨਾ

ਅੰਮ੍ਰਿਤਪਾਲ ਸਿੰਘ



ਰਿਸ਼ੀਕੇਸ਼/ਨਵੀਂ ਦਿੱਲੀ, 20 ਮਈ : ਉੱਤਰਾਖੰਡ ਵਿਖੇ ਹਿਮਾਲਿਆ ਦੀਆਂ ਬਰਫ਼ੀਲੀਆਂ ਪਹਾੜੀਆਂ ਵਿੱਚ ਲਗਭਗ 15 ਹਜ਼ਾਰ ਫੁੱਟ ਦੀ ਉਚਾਈ 'ਤੇ ਸਥਿਤ ਸਿੱਖਾਂ ਦੇ ਪ੍ਰਸਿੱਧ ਅਤੇ ਪਵਿੱਤਰ ਅਸਥਾਨ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੀ ਸਾਲਾਨਾ ਯਾਤਰਾ ਅੱਜ ਪੂਰੀ ਅਕੀਦਤ, ਸ਼ਰਧਾ ਅਤੇ ਖ਼ਾਲਸਾਈ ਜਾਹੋ-ਜਲਾਲ ਨਾਲ ਰਿਸ਼ੀਕੇਸ਼ ਤੋਂ ਆਰੰਭ ਹੋ ਗਈ ਹੈ। ਗੁਰਦੁਆਰਾ ਸ੍ਰੀ ਰਿਸ਼ੀਕੇਸ਼ ਸਾਹਿਬ ਵਿਖੇ ਆਯੋਜਿਤ ਇੱਕ ਵਿਸ਼ੇਸ਼ ਅਤੇ ਪ੍ਰਭਾਵਸ਼ਾਲੀ ਧਾਰਮਿਕ ਸਮਾਗਮ ਦੌਰਾਨ ਦਿੱਲੀ ਦੇ ਉਪ-ਰਾਜਪਾਲ (ਐਲ.ਜੀ.) ਤਰਨਜੀਤ ਸਿੰਘ ਸੰਧੂ ਨੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਦੇਸ਼-ਵਿਦੇਸ਼ ਤੋਂ ਪਹੁੰਚੀਆਂ ਸੰਗਤਾਂ ਦੇ ਸਾਲ 2026 ਦੇ ਪਹਿਲੇ ਜੱਥੇ ਨੂੰ ਹਰੀ ਝੰਡੀ ਦਿਖਾ ਕੇ ਅਗਲੇ ਪੜਾਅ ਲਈ ਰਵਾਨਾ ਕੀਤਾ। ਇਸ ਮੌਕੇ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਮੈਨੇਜਮੈਂਟ ਟਰੱਸਟ ਦੇ ਪ੍ਰਬੰਧਕਾਂ ਵੱਲੋਂ ਸੰਗਤਾਂ ਦੀ ਸਹੂਲਤ ਲਈ ਵਿਸ਼ੇਸ਼ ਇੰਤਜ਼ਾਮ ਕੀਤੇ ਗਏ ਸਨ। ਪਹਿਲੇ ਜੱਥੇ ਦੀ ਰਵਾਨਗੀ ਸਮੇਂ ਪੂਰਾ ਮਾਹੌਲ 'ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ' ਦੇ ਜੈਕਾਰਿਆਂ ਨਾਲ ਗੂੰਜ ਉੱਠਿਆ। ਇਸ ਇਤਿਹਾਸਕ ਅਧਿਆਤਮਿਕ ਯਾਤਰਾ ਦੇ ਆਗਾਜ਼ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਦਿੱਲੀ ਦੇ ਉਪ-ਰਾਜਪਾਲ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਅੱਜ ਦੇ ਇਸ ਪਵਿੱਤਰ ਦਿਹਾੜੇ 'ਤੇ ਸ਼ਰਧਾਲੂਆਂ ਦੇ ਪਹਿਲੇ ਜੱਥੇ ਨੂੰ ਰਵਾਨਾ ਕਰਨ ਦਾ ਸੁਭਾਗ ਪ੍ਰਾਪਤ ਹੋਣਾ ਉਨ੍ਹਾਂ ਲਈ ਬਹੁਤ ਹੀ ਮਾਣ ਅਤੇ (ਬਾਕੀ ਸਫਾ 2 'ਤੇ)

## ਰਾਹੁਲ ਗਾਂਧੀ ਨੇ ਮੋਦੀ ਤੇ ਸ਼ਾਹ 'ਤੇ ਲਗਾਇਆ ਦੇਸ਼ ਨੂੰ ਵੇਚਣ ਦਾ ਦੋਸ਼

ਰਾਏਬਰੇਲੀ , 20 ਮਈ (ਚ.ਨ.ਸ.):ਰਾਏਬਰੇਲੀ ਵਿੱਚ ਕਾਂਗਰਸੀ ਸੰਸਦ ਮੈਂਬਰ ਰਾਹੁਲ ਗਾਂਧੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ 'ਤੇ ਤਿੱਖਾ ਸਿਆਸੀ ਹਮਲਾ ਕੀਤਾ। ਉਨ੍ਹਾਂ ਕਿਹਾ ਕਿ ਇੱਕ ਆਰਥਿਕ ਤੂਫ਼ਾਨ ਆਉਣ ਵਾਲਾ ਹੈ। ਨਰਿੰਦਰ ਮੋਦੀ ਅਤੇ ਭਾਰਤ ਸਰਕਾਰ ਤੁਹਾਨੂੰ ਨਹੀਂ ਬਚਾ ਸਕਣਗੇ। ਉਨ੍ਹਾਂ ਕਿਹਾ ਕਿ ਕੋਰੋਨਾ ਮਹਾਂਮਾਰੀ ਵਾਂਗ ਉਹ ਤੁਹਾਡੇ ਸਾਹਮਣੇ ਆ ਕੇ ਰੋਣਗੇ ਅਤੇ ਕਹਿਣਗੇ ਕਿ (ਬਾਕੀ ਸਫਾ 2 'ਤੇ)

## ਮੋਦੀ ਨੇ ਮੈਲੋਨੀ ਨੂੰ ਗਿਫ਼ਟ ਕੀਤੀ 'ਮੈਲੋਡੀ'

### ਇਟਾਲੀਅਨ ਪੀ.ਐਮ. ਨੇ ਹੱਸ ਕੇ ਸਵੀਕਾਰ ਕੀਤਾ ਤੋਹਫ਼ਾ

ਚੜ੍ਹਦੀਕਲਾ ਬਿਊਰੋ



ਓਸਲੋ, 20 ਮਈ : ਇਟਲੀ ਦੀ ਪ੍ਰਧਾਨ ਮੰਤਰੀ ਜਾਰਜੀਆ ਮੈਲੋਨੀ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਇਕ ਵੀਡੀਓ ਸੋਸ਼ਲ ਮੀਡੀਆ 'ਤੇ ਕਾਫ਼ੀ ਜ਼ਿਆਦਾ ਵਾਇਰਲ ਹੋ ਰਹੀ ਅਤੇ ਲੋਕਾਂ ਵੱਲੋਂ ਇਸ ਵੀਡੀਓ ਨੂੰ ਖ਼ੂਬ ਪਸੰਦ ਕੀਤਾ ਜਾ ਰਿਹੈ। ਦਰਅਸਲ ਇਸ ਵੀਡੀਓ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਪਣੇ ਰੋਮ ਦੌਰੇ ਸਮੇਂ ਇਟਲੀ ਦੀ ਪ੍ਰਧਾਨ ਮੰਤਰੀ ਮੈਲੋਨੀ ਨੂੰ ਤੋਹਫ਼ੇ ਵਿਚ 'ਮੈਲੋਡੀ' ਟਾਫ਼ੀਆਂ ਦਾ ਪੈਕੇਟ ਦਿੰਦੇ ਹੋਏ ਦਿਖਾਈ ਦੇ ਰਹੇ ਨੇ,, ਜਿਸ ਨੂੰ ਇਟਲੀ ਦੀ ਪੀਐਮ ਮੈਲੋਨੀ ਨੇ ਹੱਸ ਕੇ ਸਵੀਕਾਰ ਕੀਤਾ। ਜਾਰਜੀਆ ਮੈਲੋਨੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਭੇਟ ਕੀਤੇ ਤੋਹਫ਼ੇ ਨੂੰ (ਬਾਕੀ ਸਫਾ 2 'ਤੇ)

### ਤਾਮਿਲਨਾਡੂ ਦੇ ਸੀ.ਐਮ. ਦਾ ਐਲਾਨ

## 'ਰਿਸ਼ਵਤ ਮੰਗਣ ਦੀ ਸ਼ਿਕਾਇਤ ਕਰਨ ਵਾਲੇ ਨੂੰ ਮਿਲੇਗਾ 1 ਲੱਖ ਦਾ ਇਨਾਮ'

ਚੇਨਈ, 20 ਮਈ (ਚ.ਨ.ਸ.):ਤਮਿਲਨਾਡੂ ਵਿਚ ਮੁੱਖ ਮੰਤਰੀ ਵਿਜੇ ਥਲਾਪਤੀ ਦੀ ਅਗਵਾਈ ਵਿਚ ਬਣੀ ਸਰਕਾਰ ਨੇ ਭ੍ਰਿਸ਼ਟਾਚਾਰ ਨਾਲ ਨਿਪਟਣ ਲਈ ਸਖ਼ਤ ਕਦਮ ਚੁੱਕੇ ਹਨ। ਸਰਕਾਰੀ ਪ੍ਰਸ਼ਾਸਨ ਵਿਚ ਪਾਰਦਰਸ਼ਤਾ ਤੇ ਈਮਾਨਦਾਰੀ ਲਿਆਉਣ ਦੇ ਮਕਸਦ ਨਾਲ (ਬਾਕੀ ਸਫਾ 2 'ਤੇ)

## ਬੇਅਦਬੀ ਕਾਨੂੰਨ ਦੇ ਮਸਲੇ 'ਤੇ ਸ਼੍ਰੋਮਣੀ ਕਮੇਟੀ ਨੇ ਬਾਬਾ ਬਕਾਲਾ ਸਾਹਿਬ ਵਿਖੇ 31 ਨੂੰ ਸੱਦਿਆ ਪੰਥਕ ਸੰਮੇਲਨ



ਗੁਰਦਿਆਲ ਸਿੰਘ

ਅੰਮ੍ਰਿਤਸਰ, 20 ਮਈ :ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ 'ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ (ਸੋਧ) ਐਕਟ 2026' ਵਿੱਚ ਸਿੱਖ ਭਾਵਨਾਵਾਂ ਵਿਰੁੱਧ ਦਰਜ ਮੱਦਾਂ ਨੂੰ ਲੈ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਸ਼ਾਲ ਪੰਥਕ ਕਾਨਫਰੰਸ 31 ਮਈ 2026 ਨੂੰ ਬਾਬਾ ਬਕਾਲਾ ਸਾਹਿਬ ਵਿਖੇ ਸੱਦੀ ਗਈ ਹੈ।

ਇਹ ਜਾਣਕਾਰੀ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਅੰਮ੍ਰਿਤਸਰ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਦਿੱਤੀ। ਐਡਵੋਕੇਟ ਧਾਮੀ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਲੰਘੇ ਦਿਨੀਂ ਵੱਖ-ਵੱਖ ਅਸਥਾਨਾਂ ਤੇ ਪੰਥਕ ਮੀਟਿੰਗਾਂ ਕੀਤੀਆਂ ਗਈਆਂ ਸਨ ਜਿਸ ਵਿਚ ਸੰਗਤਾਂ ਦੀ ਭਾਵਨਾ ਸੀ ਕਿ ਇਸ ਗੰਭੀਰ ਮਸਲੇ ਸਬੰਧੀ ਸਮੁੱਚੀਆਂ ਸਿੱਖ ਜਥੇਬੰਦੀਆਂ ਦਾ ਵਿਸ਼ਾਲ ਪੰਥਕ ਇਕੱਠ ਬੁਲਾਇਆ ਜਾਵੇ। ਬਹੁਤ ਸਾਰੇ ਸਿੱਖ ਵਿਦਵਾਨਾਂ ਵੱਲੋਂ ਵੀ ਅਜਿਹੇ ਸੁਝਾਅ ਮਿਲੇ ਸਨ। ਇਸ ਦੇ ਮੱਦੇਨਜ਼ਰ ਅੱਜ ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ ਨਾਲ ਵਿਚਾਰ ਕਰਕੇ ਇਹ ਪ੍ਰੋਗਰਾਮ ਉਲੀਕਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਪੰਥਕ ਇਕੱਠ ਟਕਰਾਅ ਲਈ ਨਹੀਂ ਬਲਕਿ ਸਿੱਖ ਸੰਗਤਾਂ ਦੇ ਇਤਰਾਜ਼ਾਂ ਦੀ ਤਰਜ਼ਮਾਨੀ ਲਈ ਹੈ। ਉਨ੍ਹਾਂ ਕਿਹਾ ਕਿ ਇਸ ਪੰਥਕ (ਬਾਕੀ ਸਫਾ 2 'ਤੇ)

## ਮੋਦੀ ਨੂੰ ਸਵਾਲ ਕਰਨ ਵਾਲੀ ਨਾਰਵੇ ਦੀ ਪੱਤਰਕਾਰ ਦੇ ਇੰਸਟਾਗ੍ਰਾਮ ਤੇ ਫੇਸਬੁੱਕ ਖਾਤੇ ਮੁਅੱਤਲ

ਚੜ੍ਹਦੀਕਲਾ ਬਿਊਰੋ



ਓਸਲੋ, 20 ਮਈ : ਨਾਰਵੇ ਦੀ ਮਹਿਲਾ ਪੱਤਰਕਾਰ ਹੈਲੇ ਲਿੰਗ ਵੱਲੋਂ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਓਸਲੋ ਫੇਰੀ ਦੌਰਾਨ ਮੀਡੀਆ ਇੰਟਰੈਕਸ਼ਨ ਨੂੰ ਲੈ ਕੇ ਚੁੱਕੇ ਗਏ ਸਵਾਲਾਂ ਦਾ ਵਿਵਾਦ ਹੁਣ ਹੋਰ ਡੂੰਘਾ ਹੋ ਗਿਆ ਹੈ। ਪ੍ਰਧਾਨ ਮੰਤਰੀ ਮੋਦੀ ਨੂੰ 'ਦੁਨੀਆ ਦੇ ਸਭ ਤੋਂ ਆਜ਼ਾਦ ਮੀਡੀਆ' ਦੇ ਸਵਾਲਾਂ ਦਾ ਸਾਹਮਣਾ ਕਰਨ ਦੀ ਚੁਣੌਤੀ ਦੇਣ ਵਾਲੀ ਇਸ ਵੀਡੀਓ ਦੇ ਵਾਇਰਲ ਹੋਣ ਤੋਂ ਬਾਅਦ, ਹੈਲੇ ਲਿੰਗ ਨੇ ਦਾਅਵਾ ਕੀਤਾ ਹੈ ਕਿ ਉਸ ਦੇ ਇੰਸਟਾਗ੍ਰਾਮ ਅਤੇ ਫੇਸਬੁੱਕ ਅਕਾਊਂਟਸ ਨੂੰ ਮੁਅੱਤਲ (ਸਸਪੈਂਡ) ਕਰ ਦਿੱਤਾ ਗਿਆ ਹੈ। ਨਾਰਵੇ ਦੇ ਅਖ਼ਬਾਰ 'ਡੈਗਸਵਿਸਨ' ਦੀ ਇਸ ਪੱਤਰਕਾਰ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਇਸ ਦੀ ਪੁਸ਼ਟੀ ਕਰਦਿਆਂ ਲਿਖਿਆ, ਜੇਕਰ ਤੁਸੀਂ ਮੇਰੇ ਨਾਲ ਇੰਸਟਾਗ੍ਰਾਮ ਜਾਂ ਫੇਸਬੁੱਕ 'ਤੇ ਸੰਪਰਕ ਕਰਨ ਦੀ ਕੋਸ਼ਿਸ਼ ਕਰ ਰਹੇ ਹੋ, ਤਾਂ ਮੈਂ ਦੱਸਣਾ ਚਾਹੁੰਦੀ ਹਾਂ ਕਿ ਮੇਰੇ ਦੋਵੇਂ ਅਕਾਊਂਟਸ ਸਸਪੈਂਡ ਕਰ ਦਿੱਤੇ ਗਏ ਹਨ। ਮੈਂ ਵੱਧ ਤੋਂ ਵੱਧ ਭਾਰਤੀਆਂ ਦੇ ਸਵਾਲਾਂ ਦੇ ਜਵਾਬ ਦੇਣਾ ਚਾਹੁੰਦੀ ਸੀ, ਪਰ ਹੁਣ ਇਸ ਵਿੱਚ ਦੇਰੀ ਹੋਵੇਗੀ। ਉਮੀਦ ਹੈ ਕਿ ਮੇਰੇ ਅਕਾਊਂਟਸ ਜਲਦੀ ਵਾਪਸ ਮਿਲ ਜਾਣਗੇ। ਪੱਤਰਕਾਰ ਵੱਲੋਂ ਸਾਂਝੇ ਕੀਤੇ ਗਏ ਸਕ੍ਰੀਨਸ਼ਾਟ ਮੁਤਾਬਕ, 'ਮੈਟਾ' ਵੱਲੋਂ ਉਸ ਦਾ (ਬਾਕੀ ਸਫਾ 2 'ਤੇ)

### ਪੰਜਾਬ ਦੇ ਸਿਆਸੀ ਦਲ 'ਤੇ ਵੋਟਾਂ ਲਈ ਪੰਜਾਬ ਦੇ ਸੈਕੂਲਰ ਢਾਂਚੇ ਨੂੰ ਤੋੜਨ ਲੱਗੇ

## ਅੱਜ ਸਭ ਤੋਂ ਵੱਡੀ ਚਿੰਤਾ ਇਹ ਹੈ ਕਿ ਜਾਤੀ ਅਧਾਰਿਤ ਸਿਆਸਤ ਪੰਜਾਬ ਦੀ ਸਮਤਾ-ਮੂਲਕ ਭਾਈਚਾਰਕ ਆਤਮਾ ਨੂੰ ਕਮਜ਼ੋਰ ਕਰ ਸਕਦੀ ਹੈ

### ਪੰਜਾਬ ਦੀ ਸਾਂਝੀਵਾਲਤਾ 'ਤੇ ਡੇਰਿਆਂ ਅਤੇ ਜਾਤੀ ਰਾਜਨੀਤੀ ਦਾ ਸਾਇਆ, ਇਹ ਪੰਜਾਬ ਦੇ ਸੈਕੂਲਰ ਢਾਂਚੇ ਲਈ ਵੀ ਚੁਣੌਤੀ

ਪ੍ਰੋ.ਡਾ. ਕ੍ਰਿਸ਼ਨ ਕੁਮਾਰ ਰੱਤੂ
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਸਦੀਆਂ ਤੋਂ ਪੰਜਾਬ ਦੀ ਪਛਾਣ ਹਮੇਸ਼ਾ ਧਾਰਮਿਕ ਸਹਿਣਸ਼ੀਲਤਾ ਅਤੇ ਮਿਲਾਪ ਨਾਲ ਜੁੜੀ ਰਹੀ ਹੈ। ਅੱਜ ਸਭ ਤੋਂ ਵੱਡੀ ਚਿੰਤਾ ਇਹ ਹੈ ਕਿ ਹੁਣ ਜਾਤੀ ਅਧਾਰਿਤ ਰਾਜਨੀਤੀ ਪੰਜਾਬ ਦੀ ਸਮਤਾ-ਮੂਲਕ ਆਤਮਾ ਨੂੰ ਕਮਜ਼ੋਰ ਕਰ ਸਕਦੀ ਹੈ।

ਪੰਜਾਬ ਦੀ ਧਰਤੀ ਸਦੀਆਂ ਤੋਂ ਸਾਂਝੀਵਾਲਤਾ, ਸਮਾਨਤਾ ਅਤੇ ਭਾਈਚਾਰੇ ਦੀ ਮਿਸਾਲ ਰਹੀ ਹੈ। ਇੱਥੇ ਗੁਰੂ ਸਾਹਿਬਾਨ ਦੀ ਬਾਣੀ ਨੇ ਮਨੁੱਖ ਨੂੰ ਜਾਤ-ਪਾਤ ਤੋਂ ਉੱਪਰ ਉੱਠ ਕੇ ਸਰਬੱਤ ਦਾ ਭਲਾ ਸਿਖਾਇਆ। ਖੇਤਾਂ, ਦਰਿਆਵਾਂ ਅਤੇ ਗੁਰਦੁਆਰਿਆਂ ਦੀ ਇਹ ਧਰਤੀ ਹਮੇਸ਼ਾ ਇਕ ਐਸੇ ਸਮਾਜ ਦੀ ਨਿਸ਼ਾਨੀ ਰਹੀ ਜਿੱਥੇ ਧਰਮ, ਭਾਸ਼ਾ ਅਤੇ ਜਾਤੀ ਤੋਂ ਉੱਪਰ ਇਨਸਾਨੀਅਤ ਨੂੰ ਮਹੱਤਵ ਦਿੱਤਾ ਗਿਆ। ਪਰ ਅੱਜ ਦੀ ਪੰਜਾਬੀ ਰਾਜਨੀਤੀ ਇੱਕ ਖਤਰਨਾਕ ਮੋੜ ਵੱਲ ਵਧਦੀ ਦਿਖਾਈ ਦੇ ਰਹੀ ਹੈ, ਜਿੱਥੇ ਰਾਜਨੀਤਿਕ ਪਾਰਟੀਆਂ ਵਿਕਾਸ, ਸਿੱਖਿਆ, ਰੋਜ਼ਗਾਰ ਅਤੇ ਨਸ਼ਿਆਂ ਵਰਗੇ ਮੁੱਦਿਆਂ ਦੀ ਥਾਂ ਜਾਤੀ ਸਮੀਕਰਨਾਂ ਅਤੇ ਡੇਰਿਆਂ ਦੀ ਗਿਣਤੀ ਨੂੰ ਵੋਟਾਂ ਦੇ ਹਥਿਆਰ ਵਜੋਂ ਵਰਤ ਰਹੀਆਂ ਹਨ। ਅੱਜ ਪੰਜਾਬ ਵਿੱਚ ਡੇਰਿਆਂ ਦਾ ਸਮਾਜਿਕ ਪ੍ਰਭਾਵ ਨਵਾਂ ਨਹੀਂ। ਕਈ ਡੇਰੇ ਸਮਾਜ ਸੇਵਾ, ਨਸ਼ਾ ਮੁਕਤੀ ਅਤੇ ਗਰੀਬ ਵਰਗ ਦੀ ਸਹਾਇਤਾ ਨਾਲ ਜੁੜੇ ਰਹੇ ਹਨ ਪਰ ਜਦੋਂ ਰਾਜਨੀਤਿਕ ਪਾਰਟੀਆਂ ਇਹਨਾਂ ਡੇਰਿਆਂ ਨੂੰ ਸਿੱਧੇ ਤੌਰ ਤੇ (ਬਾਕੀ ਸਫਾ 2 'ਤੇ)

## ਮਾਮੂਲੀ ਤਕਰਾਰ ਤੋਂ ਬਾਅਦ ਪੁੱਤ ਨੇ ਮਾਰੀ ਨਹਿਰ 'ਚ ਛਾਲ; ਬਚਾਉਣ ਦੀ ਕੋਸ਼ਿਸ਼ ਵਿੱਚ ਪਿਓ ਵੀ ਡੁੱਬਿਆ



ਸ੍ਰੀ ਮੁਕਤਸਰ ਸਾਹਿਬ, 20 ਮਈ (ਚ.ਨ.ਸ.): ਇੱਥੋਂ ਦੇ ਥਾਣਾ ਸਿਟੀ ਸਾਹਮਣੇ ਬਣੀ ਸਬਜ਼ੀ ਮੰਡੀ ਵਿੱਚ ਸਬਜ਼ੀ ਵੇਚਣ ਵਾਲੇ ਪਿਓ-ਪੁੱਤਰ ਵਿਚਕਾਰ ਕਿਸੇ ਗੱਲ ਨੂੰ ਲੈ ਕੇ ਆਪਸੀ ਤਕਰਾਰ ਹੋ ਗਿਆ। ਗੁੱਸੇ ਵਿੱਚ ਆਇਆ ਪੁੱਤਰ ਘਟਨਾ ਸਥਾਨ ਤੋਂ ਕਰੀਬ ਚਾਰ ਕਿਲੋਮੀਟਰ ਦੂਰ ਪਿੰਡ ਝਬੇਲਵਾਲੀ ਨੇੜਲੀਆਂ ਨਹਿਰਾਂ 'ਤੇ ਪਹੁੰਚਿਆ ਅਤੇ ਉੱਥੋਂ ਘਰ ਫ਼ੋਨ ਕੀਤਾ ਕਿ ਉਹ ਨਹਿਰ ਵਿੱਚ ਛਾਲ ਮਾਰਨ ਲੱਗਾ ਹੈ। ਇਸ ਗੱਲ ਦਾ ਪਤਾ (ਬਾਕੀ ਸਫਾ 2 'ਤੇ)


ਨਿਰਵਿਘਨ ਬੈਂਕਿੰਗ ਸੇਵਾਵਾਂ ਲਈ
ਆਪਣੇ KYC ਨੂੰ ਅੱਪ ਟੂ ਡੇਟ ਰੱਖੋ



ਜੇਕਰ ਤੁਹਾਡੇ KYC ਵੇਰਵੇ ਨਹੀਂ ਬਦਲੇ ਹਨ, ਤਾਂ
ਮੁੜ KYC ਲਈ ਇੱਕ ਸਵੈ-ਘੋਸ਼ਣਾ, ਪੱਤਰ/ਔਨਲਾਈਨ ਬੈਂਕਿੰਗ/ਮੋਬਾਈਲ ਬੈਂਕਿੰਗ/ਏ.ਟੀ.ਐਮ/ਬੈਂਕ ਨਾਲ ਰਜਿਸਟਰਡ ਆਪਣੇ ਮੋਬਾਈਲ ਨੰਬਰ/ਈਮੇਲ ਜਾਂ ਬਿਜ਼ਨਸ ਕੋਰਸਪੌਂਡੈਂਟ (BCs) ਰਾਹੀਂ ਜਮ੍ਹਾਂ ਕਰੋ।

ਜੇਕਰ ਤੁਹਾਡੇ KYC ਵੇਰਵੇ ਬਦਲ ਗਏ ਹਨ, ਤਾਂ
ਅੱਪਡੇਟ ਕੀਤੇ ਵੇਰਵਿਆਂ ਵਾਲੇ ਕਿਸੇ ਵੀ ਇੱਕ ਦਸਤਾਵੇਜ਼ ਦੀ ਕਾਪੀ ਪ੍ਰਦਾਨ ਕਰੋ: ਆਧਾਰ/ਵੋਟਰ ਆਈਡੀ ਕਾਰਡ/NREGA ਜੌਬ ਕਾਰਡ/ਡਰਾਈਵਿੰਗ ਲਾਇਸੈਂਸ/ਪਾਸਪੋਰਟ/ਰਾਸ਼ਟਰੀ ਆਬਾਦੀ ਰਜਿਸਟਰ ਦੁਆਰਾ ਜਾਰੀ ਕੀਤਾ ਗਿਆ ਪੱਤਰ।

ਤੁਸੀਂ ਆਪਣੀ ਨਜ਼ਦੀਕੀ ਬੈਂਕ ਸ਼ਾਖਾ ਵਿੱਚ ਜਾ ਕੇ ਵੀ ਆਪਣਾ KYC ਅਪਡੇਟ ਕਰ ਸਕਦੇ ਹੋ।




ਵਧੇਰੇ ਜਾਣਕਾਰੀ ਲਈ, https://rbikehtahai.rbi.org.in/KYC ਤੇ ਜਾਓ
ਅਧਿਕਾਰਤ ਵਟਸਐਪ ਨੰਬਰ
99990 41935 / 99309 91935

ਜਨ-ਹਿਤ ਵਿੱਚ ਜਾਰੀਕਰਤਾ
ਭਾਰਤੀ ਰਿਜ਼ਰਵ ਬੈਂਕ
RESERVE BANK OF INDIA
www.rbi.org.in

## ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਮ

ਦੇ ਨਾਂ 'ਤੇ ਰੱਖੇ ਜਾਣ ਤੋਂ ਬਾਅਦ ਹੁਣ ਹਲਵਾਰਾ ਏਅਰਪੋਰਟ ਦਾ ਨਾਂ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਂ 'ਤੇ ਰੱਖਿਆ ਜਾਣਾ ਚਾਹੀਦਾ ਹੈ।ਉਨ੍ਹਾਂ ਅੱਗੇ ਕਿਹਾ ਕਿ ਉਹ ਇਸ ਮਾਮਲੇ ਨੂੰ ਕੇਂਦਰ ਸਰਕਾਰ ਕੋਲ ਉਠਾਉਣਗੇ। ਹਵਾਈ ਅੱਡੇ ਦੇ ਦੌਰੇ ਦੌਰਾਨ ਲੋਕਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਸਰਕਾਰ ਦੇ ਯਤਨਾਂ ਸਦਕਾ ਇਹ ਹਵਾਈ ਅੱਡਾ ਹੁਣ ਸ਼ੁਰੂ ਹੋ ਗਿਆ ਹੈ। ਇਸ ਕਦਮ ਦੇ ਪਿੱਛੇ ਇੱਕੋ ਇੱਕ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਸੂਬੇ ਦੇ ਲੋਕਾਂ ਨੂੰ ਸੁਰੱਖਿਅਤ, ਕਿਫ਼ਾਇਤੀ ਅਤੇ ਆਰਾਮਦਾਇਕ ਹਵਾਈ ਸਫ਼ਰ ਦੀ ਸਹੂਲਤ ਮਿਲ ਸਕੇ।

ਉਨ੍ਹਾਂ ਅੱਗੇ ਕਿਹਾ, ਇਹ ਹਵਾਈ ਅੱਡਾ ਇਸ ਖੇਤਰ ਦੇ ਨਾਲ-ਨਾਲ ਦੇਸ਼ ਦੇ ਹੋਰ ਹਿੱਸਿਆਂ ਦੇ ਉੱਦਮੀਆਂ, ਵਪਾਰੀਆਂ ਅਤੇ ਉਦਯੋਗਪਤੀਆਂ ਨੂੰ ਪੰਜਾਬ ਆਉਣ-ਜਾਣ ਵਿੱਚ ਮੱਦਦ ਕਰੇਗਾ, ਜਿਸ ਨਾਲ ਵਪਾਰ, ਕਾਰੋਬਾਰ ਅਤੇ ਆਰਥਿਕ ਗਤੀਵਿਧੀਆਂ ਨੂੰ ਹੁਲਾਰਾ ਮਿਲੇਗਾ।

ਪਹਿਲਾਂ ਦਰਪੇਸ਼ ਮੁਸ਼ਕਲਾਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਦਿੱਲੀ-ਐਨ.ਸੀ.ਆਰ. ਲਈ ਸਿੱਧੀਆਂ ਉਡਾਣਾਂ ਨਾ ਹੋਣ ਕਾਰਨ ਲੋਕਾਂ ਖ਼ਾਸ ਕਰਕੇ ਉਦਯੋਗਪਤੀਆਂ ਨੂੰ ਸੜਕ ਰਸਤੇ ਦੇਸ਼ ਦੀ ਰਾਜਧਾਨੀ ਜਾਣ ਸਮੇਂ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਸੀ। ਇਸ ਨਾਲ ਨਾ ਸਿਰਫ਼ ਬੇਲੋੜੀ ਖੱਜਲ-ਖ਼ੁਆਰੀ ਹੁੰਦੀ ਸੀ, ਸਗੋਂ ਸਮੇਂ, ਪੈਸੇ ਅਤੇ ਊਰਜਾ ਦਾ ਵੀ ਵੱਡਾ ਨੁਕਸਾਨ ਹੁੰਦਾ ਸੀ।

ਉਨ੍ਹਾਂ ਅੱਗੇ ਕਿਹਾ, ਇਸ ਹਵਾਈ ਅੱਡੇ ਦੇ ਚਾਲੂ ਹੋਣ ਨਾਲ ਖੇਤਰ ਦੇ ਲੋਕਾਂ ਨੂੰ ਵੱਡੀ ਸਹੂਲਤ ਮਿਲੇਗੀ ਅਤੇ ਦੁਨੀਆਂ ਭਰ ਦੇ ਪ੍ਰਮੁੱਖ ਉੱਦਮੀ ਪੰਜਾਬ ਵਿੱਚ ਵੱਡਾ ਨਿਵੇਸ਼ ਕਰਨ ਲਈ ਆਕਰਸ਼ਿਤ ਹੋਣਗੇ। ਹਵਾਈ ਅੱਡੇ ਦੇ ਆਰਥਿਕ ਪ੍ਰਭਾਵ 'ਤੇ ਭਰੋਸਾ ਪ੍ਰਗਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਹਵਾਈ ਅੱਡਾ ਪੰਜਾਬ ਵਿੱਚ ਉਦਯੋਗੀਕਰਨ ਨੂੰ ਤੇਜ਼ ਕਰਨ ਵਿੱਚ ਮਦਦਗਾਰ ਵਜੋਂ ਕੰਮ ਕਰੇਗਾ ਅਤੇ ਸੂਬੇ ਨੂੰ ਸਭ ਤੋਂ ਪਸੰਦੀਦਾ ਨਿਵੇਸ਼ ਸਥਾਨ ਵਜੋਂ ਹੋਰ ਮਜ਼ਬੂਤੀ ਨਾਲ ਸਥਾਪਿਤ ਕਰੇਗਾ। ਕੁਨੈਕਟੀਵਿਟੀ ਨੂੰ ਬਿਹਤਰ ਬਣਾਉਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਉਨ੍ਹਾਂ ਕਿਹਾ, ਯਾਤਰੀਆਂ ਦੀ ਸਹੂਲਤ ਲਈ ਜਲਦੀ ਹੀ ਹਲਵਾਰਾ ਹਵਾਈ ਅੱਡੇ ਤੋਂ ਹੋਰ ਉਡਾਣਾਂ ਸ਼ੁਰੂ ਕੀਤੀਆਂ ਜਾਣਗੀਆਂ। ਬਿਹਤਰ ਹਵਾਈ ਕੁਨੈਕਟੀਵਿਟੀ ਪੰਜਾਬ ਵਿੱਚ ਆਰਥਿਕ ਗਤੀਵਿਧੀਆਂ ਨੂੰ ਹੋਰ ਮਜ਼ਬੂਤ ਕਰੇਗੀ ਅਤੇ ਸੂਬੇ ਦੀ ਤਰੱਕੀ ਤੇ ਇੱਥੋਂ ਦੇ ਲੋਕਾਂ ਦੀ ਖ਼ੁਸ਼ਹਾਲੀ ਵਿੱਚ ਅਹਿਮ ਭੂਮਿਕਾ ਨਿਭਾਏਗੀ। ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਹਲਵਾਰਾ ਹਵਾਈ ਅੱਡੇ ਦਾ ਨਾਂ ਮਹਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਂ 'ਤੇ ਰੱਖਣ ਦੀ ਮੰਗ ਨੂੰ ਭਾਰਤ ਸਰਕਾਰ ਕੋਲ ਜ਼ੋਰਦਾਰ ਢੰਗ ਨਾਲ ਉਠਾਏਗੀ। ਮੁੱਖ ਮੰਤਰੀ ਮਾਨ ਨੇ ਕਿਹਾ, ਸ਼ਹੀਦ ਕਰਤਾਰ ਸਿੰਘ ਸਰਾਭਾ ਨੇ ਮਹਿਜ਼ 19 ਸਾਲ ਦੀ ਛੋਟੀ ਉਮਰ ਵਿੱਚ ਦੇਸ਼ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ ਸੀ। ਉਨ੍ਹਾਂ ਦੀ ਲਾਸਾਨੀ ਕੁਰਬਾਨੀ ਨੇ ਲੱਖਾਂ ਲੋਕਾਂ ਨੂੰ ਬ੍ਰਿਟਿਸ਼ ਸਾਮਰਾਜਵਾਦ ਵਿਰੁੱਧ ਲੜਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ, ਸ਼ਹੀਦ-ਏ-ਆਜ਼ਮ ਭਗਤ ਸਿੰਘ ਵੀ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਆਪਣਾ ਰੋਲ ਮਾਡਲ ਮੰਨਦੇ ਸਨ। ਹਲਵਾਰਾ ਹਵਾਈ ਅੱਡੇ ਦਾ ਨਾਮ ਉਨ੍ਹਾਂ ਦੇ ਨਾਂ 'ਤੇ ਰੱਖਣਾ ਉਸ ਮਹਾਨ ਸ਼ਹੀਦ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ, ਜੋ ਇਸ ਖੇਤਰ ਨਾਲ ਸਬੰਧਤ ਸਨ ਅਤੇ ਜੋ ਪਹਿਲਾਂ ਹਵਾਬਾਜ਼ੀ ਦੀ ਪੜ੍ਹਾਈ ਕਰਨ ਲਈ ਬਰਕਲੇ ਯੂਨੀਵਰਸਿਟੀ ਗਏ ਅਤੇ ਭਾਰਤ ਦੇ ਆਜ਼ਾਦੀ ਸੰਗਰਾਮ ਵਿੱਚ ਹਿੱਸਾ ਲੈਣ ਲਈ ਵਾਪਸ ਪਰਤੇ। ਮੁੱਖ ਮੰਤਰੀ ਮਾਨ ਨੇ ਕਿਹਾ, ਪੰਜਾਬ ਮਹਾਨ ਗੁਰੂਆਂ, ਸੰਤਾਂ, ਪੀਰਾਂ ਅਤੇ ਸ਼ਹੀਦਾਂ ਦੀ ਪਵਿੱਤਰ ਧਰਤੀ ਹੈ ਅਤੇ ਇਸ ਮਿੱਟੀ ਦੇ ਹਰ ਕਿਣਕੇ ਵਿੱਚ ਉਨ੍ਹਾਂ ਦੀ ਮਹਾਨ ਵਿਰਾਸਤ ਸਮੋਈ ਹੈ। ਪੰਜਾਬ ਵਿਧਾਨ ਸਭਾ ਨੇ 22 ਮਾਰਚ, 2023 ਨੂੰ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਸੀ, ਜਿਸ ਵਿੱਚ ਭਾਰਤ ਸਰਕਾਰ ਨੂੰ ਇੰਡੀਅਨ ਏਅਰ ਫੋਰਸ ਸਟੇਸ਼ਨ ਹਲਵਾਰਾ, ਲੁਧਿਆਣਾ ਵਿਖੇ ਅੰਤਰਰਾਸ਼ਟਰੀ ਹਵਾਈ ਅੱਡੇ ਦਾ ਨਾਂ ਸ਼ਹੀਦ ਕਰਤਾਰ ਸਿੰਘ ਸਰਾਭਾ ਅੰਤਰਰਾਸ਼ਟਰੀ ਹਵਾਈ ਅੱਡਾ ਰੱਖਣ ਦੀ ਬੇਨਤੀ ਕੀਤੀ ਗਈ ਸੀ।

ਭਾਰਤ ਦੇ ਆਜ਼ਾਦੀ ਸੰਗਰਾਮ ਵਿੱਚ ਉਨ੍ਹਾਂ ਦੇ ਵੱਡਮੁੱਲੇ ਯੋਗਦਾਨ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ, ਸ਼ਹੀਦ ਕਰਤਾਰ ਸਿੰਘ ਸਰਾਭਾ ਨੇ ਦੇਸ਼ ਨੂੰ ਵਿਦੇਸ਼ੀ ਸਾਮਰਾਜਵਾਦ ਤੋਂ ਮੁਕਤ ਕਰਵਾਉਣ ਲਈ ਅਹਿਮ ਭੂਮਿਕਾ ਨਿਭਾਈ। ਗ਼ਦਰ ਪਾਰਟੀ ਦੇ ਆਗੂ ਵਜੋਂ ਉਨ੍ਹਾਂ ਨੇ ਦੇਸ਼-ਵਿਦੇਸ਼ ਵਿੱਚ ਭਾਰਤ ਦੀ ਆਜ਼ਾਦੀ ਲਈ ਅਣਥੱਕ ਯਤਨ ਕੀਤੇ। ਮੁੱਖ ਮੰਤਰੀ ਨੇ ਅੱਗੇ ਕਿਹਾ, ਪਹਿਲਾਂ ਪੰਜਾਬ ਸਰਕਾਰ ਦੇ ਨਿਰੰਤਰ ਯਤਨਾਂ ਸਦਕਾ ਮੋਹਾਲੀ ਅੰਤਰਰਾਸ਼ਟਰੀ ਹਵਾਈ ਅੱਡੇ ਦਾ ਨਾਂ ਸ਼ਹੀਦ ਭਗਤ ਸਿੰਘ ਦੇ ਨਾਂ 'ਤੇ ਰੱਖਿਆ ਗਿਆ ਸੀ। ਹਲਵਾਰਾ ਹਵਾਈ ਅੱਡੇ ਦਾ ਨਾਂ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਂ 'ਤੇ ਰੱਖਣਾ ਸਾਡੇ ਸ਼ਹੀਦਾਂ ਪ੍ਰਤੀ ਇੱਕ ਹੋਰ ਨਿਮਰ ਸ਼ਰਧਾਂਜਲੀ ਹੋਵੇਗੀ।

ਉਨ੍ਹਾਂ ਅੱਗੇ ਕਿਹਾ, ਸ਼ਹੀਦਾਂ ਦੀ ਸ਼ਾਨਦਾਰ ਵਿਰਾਸਤ ਨੂੰ ਸੰਭਾਲਣ ਲਈ ਹਵਾਈ ਅੱਡਿਆਂ, ਯੂਨੀਵਰਸਿਟੀਆਂ ਅਤੇ ਸੰਸਥਾਵਾਂ ਦਾ ਨਾਂ ਮਹਾਨ ਸ਼ਹੀਦਾਂ ਅਤੇ ਸ਼ਖ਼ਸੀਅਤਾਂ ਦੇ ਨਾਂ 'ਤੇ ਰੱਖਣਾ ਸਾਡੀ ਸਰਕਾਰ ਦੀ ਅਹਿਮ ਪਹਿਲਕਦਮੀ ਰਹੀ ਹੈ। ਆਦਮਪੁਰ ਹਵਾਈ ਅੱਡੇ ਦਾ ਨਾਂ ਵੀ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਨਾਂ 'ਤੇ ਰੱਖਿਆ ਗਿਆ ਹੈ। ਹਵਾਬਾਜ਼ੀ ਸਿਖਲਾਈ ਸੰਸਥਾ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਸਰਕਾਰ ਵੱਲੋਂ ਨੌਜਵਾਨ ਪਾਇਲਟਾਂ ਨੂੰ ਸਿਖਲਾਈ ਦੇਣ ਲਈ ਸਾਹਨੇਵਾਲ ਹਵਾਈ ਅੱਡੇ ਦੀ ਇਮਾਰਤ ਦੀ ਵਰਤੋਂ ਸਬੰਧੀ ਵੀ ਠੋਸ ਯਤਨ ਕੀਤੇ ਜਾਣਗੇ। ਨੌਜਵਾਨਾਂ ਨੂੰ ਪਹਿਲਾਂ ਹੀ ਕਿਫਾਇਤੀ ਦਰਾਂ 'ਤੇ ਹਵਾਬਾਜ਼ੀ ਦੀ ਸਿਖਲਾਈ ਦਿੱਤੀ ਜਾ ਰਹੀ ਹੈ। ਪੰਜਾਬ ਸਰਕਾਰ ਵੱਲੋਂ ਜਨਤਕ ਹਿੱਤ ਵਿੱਚ ਹਲਵਾਰਾ ਹਵਾਈ ਅੱਡੇ ਤੋਂ ਉਡਾਣ ਦੇ ਸਮੇਂ ਨੂੰ ਬਦਲਣ ਦਾ ਮੁੱਦਾ ਵੀ ਕੇਂਦਰ ਸਰਕਾਰ ਕੋਲ ਉਠਾਇਆ ਜਾਵੇਗਾ। ਪੰਜਾਬ ਅਤੇ ਇਸ ਦੇ ਲੋਕਾਂ ਦੀ ਭਲਾਈ ਪ੍ਰਤੀ ਆਪਣੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸੂਬੇ ਦੇ ਹਿੱਤਾਂ ਦੀ ਰਾਖੀ ਅਤੇ ਇਸ ਦੀ ਨਿਰੰਤਰ ਤਰੱਕੀ ਅਤੇ ਖ਼ੁਸ਼ਹਾਲੀ ਨੂੰ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

## ਮਾਨਸਾ ਅਦਾਲਤ 'ਚ ਵੀਡੀਓ ਕਾਨਫ਼ਰੰਸਿੰਗ

ਵਿੱਚ ਅਗਲੀ ਸੁਣਵਾਈ 20 ਜੁਲਾਈ ਨੂੰ ਹੋਵੇਗੀ।ਇਹ ਮਾਨਹਾਨੀ ਦਾ ਮਾਮਲਾ ਸਾਬਕਾ ਵਿਧਾਇਕ ਨਾਜਰ ਸਿੰਘ ਮਾਨਸ਼ਾਹੀਆ ਨੇ ਮੁੱਖ ਮੰਤਰੀ ਭਗਵੰਤ ਮਾਨ ਦੇ ਖ਼ਿਲਾਫ਼ ਦਾਇਰ ਕੀਤਾ ਹੋਇਆ ਹੈ। ਨਾਜਰ ਸਿੰਘ ਮਾਨਸ਼ਾਹੀਆ ਸਾਲ 2017 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ (ਆਪ) ਦੀ ਟਿਕਟ 'ਤੇ ਮਾਨਸਾ ਤੋਂ ਵਿਧਾਇਕ ਚੁਣੇ ਗਏ ਸਨ। ਬਾਅਦ ਵਿੱਚ, ਸੂਬੇ ਅੰਦਰ ਕਾਂਗਰਸ ਸਰਕਾਰ ਬਣਨ ਤੋਂ ਬਾਅਦ ਉਹ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਗਏ ਸਨ।

ਕਾਂਗਰਸ ਵਿੱਚ ਸ਼ਾਮਲ ਹੋਣ 'ਤੇ ਭਗਵੰਤ ਮਾਨ ਨੇ ਨਾਜਰ ਸਿੰਘ ਮਾਨਸ਼ਾਹੀਆ ਉੱਪਰ ਦੋਸ਼ ਲਗਾਇਆ ਸੀ ਕਿ ਉਹ ਚੇਅਰਮੈਨੀ ਦਾ ਅਹੁਦਾ ਲੈਣ ਲਈ ਸੌਦਾਬਾਜ਼ੀ ਕਰਕੇ ਅਤੇ ਕਰੋੜਾਂ ਰੁਪਏ ਲੈ ਕੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ ਹਨ। ਇਨ੍ਹਾਂ ਦੋਸ਼ਾਂ ਤੋਂ ਬਾਅਦ, ਉਸੇ ਸਮੇਂ ਤਤਕਾਲੀ ਵਿਧਾਇਕ ਨਾਜਰ ਸਿੰਘ ਮਾਨਸ਼ਾਹੀਆ ਨੇ ਭਗਵੰਤ ਮਾਨ ਦੇ ਖ਼ਿਲਾਫ਼ ਮਾਨਸਾ ਦੀ ਅਦਾਲਤ ਵਿੱਚ ਮਾਨਹਾਨੀ ਦਾ ਮੁਕੱਦਮਾ ਦਾਇਰ ਕੀਤਾ ਸੀ।

ਸਾਬਕਾ ਵਿਧਾਇਕ ਨਾਜਰ ਸਿੰਘ ਮਾਨਸ਼ਾਹੀਆ ਦੇ ਵਕੀਲ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਅੱਜ ਮਾਨਹਾਨੀ ਮਾਮਲੇ ਵਿੱਚ ਵੀਡੀਓ ਕਾਨਫ਼ਰੰਸ ਰਾਹੀਂ ਅਦਾਲਤ ਵਿੱਚ ਪੇਸ਼ ਹੋਏ ਹਨ। ਮਾਨਸਾ ਦੀ ਅਦਾਲਤ ਵੱਲੋਂ ਇਸ ਮਾਮਲੇ ਦੀ ਅਗਲੀ ਸੁਣਵਾਈ ਲਈ 20 ਜੁਲਾਈ ਦੀ ਤਾਰੀਖ਼ ਤੈਅ ਕੀਤੀ ਗਈ ਹੈ।

## ਪੰਜਾਬ 'ਚ 25 ਮਈ ਤੱਕ ਚੱਲਣਗੀਆਂ

ਲੋਕਾਂ ਲਈ ਘਰਾਂ ਤੋਂ ਬਾਹਰ ਨਿਕਲਣਾ ਵੀ ਮੁਸ਼ਕਿਲ ਹੋ ਗਿਆ ਹੈ।

ਆਲਮ ਇਹ ਹੈ ਕਿ ਭਿਆਨਕ ਗਰਮੀ ਦੇ ਵਿਚਕਾਰ ਸਿੱਧੀ ਧੁੱਪ ਵਿਚ ਜਾਣ ਨਾਲ ਚਮੜੀ ਵਿਚ ਜਲਨ ਮਹਿਸੂਸ ਹੋਣ ਲੱਗੀ ਹੈ, ਜੋਕਿ ਬੇਹੱਦ ਨੁਕਸਾਨਦਾਇਕ ਸਾਬਤ ਹੋ ਸਕਦੀ ਹੈ। ਸੂਰਜ ਤੋਂ ਆਉਣ ਵਾਲੀਆਂ ਪਰਾਬੈਂਗਣੀ (ਅਲਟਰਾ ਵਾਇਲਟ) ਕਿਰਨਾਂ ਸਰੀਰ ਵਿਚ ਆਕਸੀਜਨ ਮੌਲੀਕਿਊਲਜ਼ ਦਾ ਨਿਰਮਾਣ ਨਹੀਂ ਹੋਣ ਦਿੰਦੀਆਂ। ਇਸੇ ਲਈ ਚਮੜੀ ਵਿਚ ਰੁੱਖਾਪਨ ਆ ਜਾਂਦਾ ਹੈ, ਜਿਸ ਨਾਲ ਝੁਰੜੀਆਂ ਪੈਣ ਦੀ ਸ਼ੁਰੂਆਤ ਹੋਣ ਲੱਗਦੀ ਹੈ। ਚਮੜੀ ਵਿਚ ਜਲਨ ਹੋਣ ਨੂੰ 'ਸਕਿੱਨ ਬਰਨ' ਕਿਹਾ ਜਾਂਦਾ ਹੈ। ਇਸ ਸਮੇਂ ਜਿਸ ਤਰ੍ਹਾਂ ਚਮੜੀ ਸੜ ਰਹੀ ਹੈ, ਉਸ ਤੋਂ ਬਚਾਅ ਨਾ ਕਰਨ 'ਤੇ ਕਈ ਤਰ੍ਹਾਂ ਦੀਆਂ ਬਿਮਾਰੀਆਂ ਹੋਣ ਦਾ ਖ਼ਦਸ਼ਾ ਹੈ। ਇਸ ਨਾਲ ਚਮੜੀ ਦੀਆਂ ਬਿਮਾਰੀਆਂ ਵੀ ਹੋ ਸਕਦੀਆਂ ਹਨ।

ਦੁਪਹਿਰ ਦੇ ਸਮੇਂ 5 ਘੰਟੇ ਦਾ ਸਮਾਂ ਬੇਹੱਦ ਖ਼ਤਰਨਾਕ ਸਾਬਤ ਹੋ ਰਿਹਾ ਹੈ। ਖ਼ਾਸ ਤੌਰ 'ਤੇ ਸਵੇਰੇ 11 ਤੋਂ ਲੈ ਕੇ ਸ਼ਾਮ ਦੇ 4 ਵਜੇ ਤੱਕ ਗਰਮੀ ਦਾ ਪੂਰਾ ਕਹਿਰ ਹੁੰਦਾ ਹੈ। ਇਸ ਤੋਂ ਬਾਅਦ ਸੜਕਾਂ 'ਤੇ ਛਾਂ ਆਉਣੀ ਸ਼ੁਰੂ ਹੋ ਜਾਂਦੀ ਹੈ। ਦੁਪਹਿਰ 12 ਤੋਂ ਲੈ ਕੇ 2 ਵਜੇ ਦੇ ਲਗਭਗ ਸੂਰਜ ਬਿਲਕੁਲ ਉੱਪਰ ਹੁੰਦਾ ਹੈ, ਜਿਸ ਕਾਰਨ ਕੜਕਦੀ ਧੁੱਪ ਪੈਂਦੀ ਹੈ। ਇਹ ਸਮਾਂ ਚਮੜੀ ਨੂੰ ਜ਼ਿਆਦਾ ਨੁਕਸਾਨ ਪਹੁੰਚਾਉਂਦਾ ਹੈ। ਚਮੜੀ ਤੋਂ ਇਲਾਵਾ ਸਿਰ 'ਤੇ ਸਿੱਧੀ ਧੁੱਪ ਪੈਣ ਨਾਲ ਸਰੀਰ ਨੂੰ ਹੋਰ ਵੀ ਕਈ ਤਰ੍ਹਾਂ ਦਾ ਨੁਕਸਾਨ ਪਹੁੰਚਦਾ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਇਸ ਤੋਂ ਬਚਾਅ ਕਰਨਾ ਬੇਹੱਦ ਜ਼ਰੂਰੀ ਹੈ। ਧੁੱਪ ਵਿਚ ਜ਼ਿਆਦਾ ਦੇਰ ਰਹਿਣ ਨਾਲ ਸਰੀਰ ਵਿਚ ਪਾਣੀ ਦੀ ਕਮੀ ਹੋ ਜਾਂਦੀ ਹੈ। ਅਜਿਹੇ ਵਿਚ ਜ਼ਰੂਰੀ ਹੈ ਕਿ ਦਿਨ ਵਿਚ ਘੱਟੋ-ਘੱਟ ਅੱਠ ਗਲਾਸ ਪਾਣੀ ਪੀਓ। ਇਸ ਨਾਲ ਚਮੜੀ ਵਿਚ ਜ਼ਰੂਰੀ ਨਮੀ ਬਣੀ ਰਹੇਗੀ। ਇਸ ਦੇ ਨਾਲ ਹੀ ਸਰੀਰ ਦੀ ਸਫ਼ਾਈ ਵੀ ਹੋਵੇਗੀ। ਕੈਫੀਨ ਵਾਲੇ ਪੀਣ ਵਾਲੇ ਪਦਾਰਥਾਂ ਦਾ ਸੇਵਨ ਨਾ ਕਰੋ। ਜੇਕਰ ਤੁਸੀਂ ਕੌਫੀ-ਚਾਹ ਆਦਿ ਲੈਂਦੇ ਹੋ ਤਾਂ ਪਾਣੀ ਪੀਣ ਦੀ ਮਾਤਰਾ ਰੁਟੀਨ ਨਾਲੋਂ ਵਧਾ ਦਿਓ।

ਉਥੇ ਹੀ ਮੌਸਮ ਵਿਭਾਗ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਗਰਮੀ ਦੇ ਇਸ ਪ੍ਰਕੋਪ ਤੋਂ ਬਚਣ ਲਈ ਖ਼ਾਸ ਕਰਕੇ ਦੁਪਹਿਰ ਵੇਲੇ ਬਾਹਰ ਨਿਕਲਣ ਤੋਂ ਪਰਹੇਜ਼ ਕਰਨ ਅਤੇ ਸਿਹਤ ਸਬੰਧੀ ਸਾਵਧਾਨੀਆਂ ਵਰਤਣ ਦੀ ਸਲਾਹ ਦਿੱਤੀ ਗਈ ਹੈ। ਸਰੀਰ ਵਿੱਚ ਪਾਣੀ ਦੀ ਕਮੀ ਨਾ ਹੋਣ ਦਿਓ ਅਤੇ ਵੱਧ ਤੋਂ ਵੱਧ ਪਾਣੀ ਪੀਓ। ਹਲਕੇ ਰੰਗ ਦੇ ਢਿੱਲੇ ਸੂਤੀ ਕੱਪੜੇ ਪਹਿਨੋ ਅਤੇ ਬਾਹਰ ਨਿਕਲਣ ਵੇਲੇ ਸਿਰ ਨੂੰ ਕੱਪੜੇ ਜਾਂ ਛਤਰੀ ਨਾਲ ਢੱਕ ਕੇ ਰੱਖੋ। ਕਿਸਾਨਾਂ ਲਈ ਸਲਾਹ ਦਿੰਦੇ ਹੋਏ ਮੌਸਮ ਵਿਭਾਗ ਨੇ ਕਿਹਾ ਕਿ ਫ਼ਸਲਾਂ ਨੂੰ ਗਰਮੀ ਦੇ ਪ੍ਰਭਾਵ ਤੋਂ ਬਚਾਉਣ ਲਈ ਸਿਰਫ਼ ਸਵੇਰ ਜਾਂ ਸ਼ਾਮ ਦੇ ਸਮੇਂ ਹੀ ਸਿੰਚਾਈ ਕਰੋ।

ਗਰਮੀ ਦੇ ਵਧ ਰਹੇ ਕਹਿਰ ਦੇ ਨਾਲ ਹੀਟ ਸਟ੍ਰੈੱਸ ਸ਼ਬਦ ਦੀ ਵਰਤੋਂ ਹੋਣੀ ਸ਼ੁਰੂ ਹੋਈ ਹੈ। ਵਧ ਰਹੇ ਤਾਪਮਾਨ ਕਾਰਨ ਸਰੀਰ 'ਤੇ ਹੋਣ ਵਾਲੇ ਅਸਰ ਨੂੰ ਹੀਟ ਸਟ੍ਰੈੱਸ ਦੇ ਨਾਲ ਜੋੜਿਆ ਜਾਂਦਾ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਜਦੋਂ ਸਾਡੀ ਬਾਡੀ (ਸਰੀਰ) ਗਰਮੀ ਵਿਚ ਆਉਂਦੀ ਹੈ ਤਾਂ ਉਹ ਆਪਣੇ ਅੰਦਰ ਦੇ ਤਾਪਮਾਨ ਨੂੰ ਬਣਾਈ ਰੱਖਣ ਦੀ ਕੋਸ਼ਿਸ਼ ਕਰਦੀ ਹੈ। ਅਜਿਹੇ ਵਿਚ ਵਿਅਕਤੀ ਨੂੰ ਥਕਾਵਟ ਹੋਣ ਲੱਗਦੀ ਹੈ, ਜਿਸ ਨੂੰ ਹੀਟ ਸਟ੍ਰੈੱਸ ਦੀ ਸ਼ੁਰੂਆਤ ਕਿਹਾ ਜਾਂਦਾ ਹੈ। ਵਧ ਰਹੀ ਗਰਮੀ ਵਿਚ ਮਾਹਿਰਾਂ ਵੱਲੋਂ ਹੀਟ ਸਟ੍ਰੈੱਸ ਪ੍ਰਤੀ ਅਲਰਟ ਰਹਿਣ ਦੀ ਐਡਵਾਇਜ਼ਰੀ ਦਿੱਤੀ ਗਈ ਹੈ।

ਹੀਟ ਸਟ੍ਰੈੱਸ ਦੇ ਮੁੱਖ ਲੱਛਣਾਂ ਦੀ ਗੱਲ ਕੀਤੀ ਜਾਵੇ ਤਾਂ ਤਾਪਮਾਨ 40-42 ਡਿਗਰੀ ਤੋਂ ਉੱਪਰ ਜਾਣ 'ਤੇ ਸਰੀਰ ਨੂੰ ਮੁਸ਼ਕਿਲ ਹੁੰਦੀ ਹੈ। ਅਜਿਹੇ ਵਿਚ ਸਿਰਦਰਦ, ਉਲਟੀ ਅਤੇ ਸਰੀਰ ਵਿਚ ਪਾਣੀ ਦੀ ਕਮੀ ਵਰਗੀਆਂ ਸ਼ਿਕਾਇਤਾਂ ਹੁੰਦੀਆਂ ਹਨ। ਉੱਥੇ ਹੀ, ਤਾਪਮਾਨ 45 ਡਿਗਰੀ ਹੋ ਜਾਵੇ ਤਾਂ ਬੇਹੋਸ਼ੀ, ਚੱਕਰ ਜਾਂ ਘਬਰਾਹਟ ਵਰਗੀਆਂ ਸ਼ਿਕਾਇਤਾਂ ਕਾਰਨ ਬਲੱਡ ਪ੍ਰੈਸ਼ਰ ਘਟਣਾ ਸ਼ੁਰੂ ਹੋ ਜਾਂਦਾ ਹੈ।

## ਮਨਪ੍ਰੀਤ ਸਿੰਘ ਇਆਲੀ ਨੇ ਅਕਾਲੀ ਦਲ ਪੁਨਰ ਸੁਰਜੀਤ

ਅਤੇ ਤਾਲਮੇਲ ਕਮੇਟੀ ਦੇ ਕਨਵੀਨਰ ਦੇ ਅਹੁਦੇ ਤੋਂ ਅਸਤੀਫਾ ਦਿੰਦਾ ਹਾਂ। ਉਨ੍ਹਾਂ ਸਾਫ ਕਿਹਾ ਕਿ ਭਵਿੱਖ ਵਿਚ ਮੈਂ ਕਦੇ ਵੀ ਭਾਜਪਾ, ਬਾਦਲ ਦਲ, ਕਾਂਗਰਸ ਤੇ ਆਮ ਆਦਮੀ ਪਾਰਟੀ ਦਾ ਹਿੱਸਾ ਨਹੀਂ ਬਣਾਂਗਾ। ਪੰਥ, ਪੰਜਾਬ, ਪੰਜਾਬੀਅਤ ਤੇ ਕੌਮ ਦੀ ਚੜ੍ਹਦੀ ਕਲਾ ਲਈ ਪੰਥਕ ਧਿਰ ਨਾਲ ਮਿਲ ਕੇ ਕੰਮ ਕਰਾਂਗਾ। ਇਥੇ ਇਹ ਖਾਸ ਤੌਰ 'ਤੇ ਦੱਸਣਯੋਗ ਹੈ ਕਿ ਮੁੱਲਾਂਪੁਰ ਦਾਖਾ ਤੋਂ ਅਕਾਲੀ ਦਲ ਬਾਦਲ ਦੀ ਟਿਕਟ 'ਤੇ ਚੋਣ ਜਿੱਤ ਕੇ ਵਿਧਾਇਕ ਬਣਨ ਵਾਲੇ ਮਨਪ੍ਰੀਤ ਸਿੰਘ ਇਆਲੀ ਲੰਬੇ ਸਮੇਂ ਤੋਂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੀ ਰਾਜਨੀਤੀ ਨਾਲ ਜੁੜੇ ਰਹੇ ਹਨ ਅਤੇ ਪਾਰਟੀ ਦੇ ਅੰਦਰ ਇਕ ਮਜ਼ਬੂਤ ਚਿਹਰੇ ਵਜੋਂ ਵਿਚਰੇ। ਹਾਲਾਂਕਿ ਪਿਛਲੇ ਕੁਝ ਸਮੇਂ ਤੋਂ ਪਾਰਟੀ ਦੀਆਂ ਨੀਤੀਆਂ ਅਤੇ ਅੰਦਰੂਨੀ ਮਸਲਿਆਂ ਨੂੰ ਲੈ ਕੇ ਉਨ੍ਹਾਂ ਦੀ ਨਾਰਾਜ਼ਗੀ ਦੀਆਂ ਖ਼ਬਰਾਂ ਸਾਹਮਣੇ ਆ ਰਹੀਆਂ ਸਨ। ਅੱਜ ਉਨ੍ਹਾਂ ਨੇ ਵੱਡੇ ਫ਼ੈਸਲਾ ਲੈਂਦਿਆਂ ਅਕਾਲੀ ਦਲ ਪੁਨਰ ਸੁਰਜੀਤ ਦੇ ਸਾਰੇ ਅਹੁਦਿਆਂ ਤੋਂ ਅਸਤੀਫਾ ਦੇ ਦਿੱਤਾ ਹੈ।

## ਸ੍ਰੀ ਹੇਮਕੁੰਟ ਸਾਹਿਬ ਦੀ ਸਾਲਾਨਾ

ਭਾਵੁਕ ਪਲ ਹੈ। ਉਨ੍ਹਾਂ ਕਿਹਾ ਕਿ ਇਹ ਸਾਲਾਨਾ ਯਾਤਰਾ ਦੁਨੀਆ ਭਰ ਵਿੱਚ ਵਸਦੇ ਸਿੱਖਾਂ ਅਤੇ ਹੋਰਨਾਂ ਸ਼ਰਧਾਲੂਆਂ ਲਈ ਬਹੁਤ ਵੱਡੀ ਅਧਿਆਤਮਿਕ ਅਤੇ ਧਾਰਮਿਕ ਮਹੱਤਤਾ ਰੱਖਦੀ ਹੈ। ਆਪਣੇ ਸੰਬੋਧਨ ਦੌਰਾਨ ਉਪ-ਰਾਜਪਾਲ ਨੇ ਸਾਲ 1975 ਵਿੱਚ ਆਪਣੇ ਪਿਤਾ ਸਰਦਾਰ ਬਿਸ਼ਨ ਸਿੰਘ ਸਮੁੰਦਰੀ (ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸੰਸਥਾਪਕ ਵਾਈਸ ਚਾਂਸਲਰ) ਨਾਲ ਕੀਤੀ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਦੀਆਂ ਯਾਦਾਂ ਨੂੰ ਵੀ ਸਾਂਝਾ ਕੀਤਾ ਅਤੇ ਕਿਹਾ ਕਿ ਉਹ ਪੁਰਾਣੀਆਂ ਯਾਦਾਂ ਅੱਜ ਫਿਰ ਉਨ੍ਹਾਂ ਦੇ ਮਨ ਵਿੱਚ ਤਾਜ਼ਾ ਹੋ ਗਈਆਂ ਹਨ। ਉਨ੍ਹਾਂ ਨੇ ਯਾਤਰਾ 'ਤੇ ਜਾਣ ਵਾਲੇ ਸਾਰੇ ਯਾਤਰੀਆਂ ਨਾਲ ਨਿੱਜੀ ਤੌਰ 'ਤੇ ਮੁਲਾਕਾਤ ਕੀਤੀ, ਉਨ੍ਹਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਹਿਮਾਲਿਆ ਦੇ ਇਸ ਬੇਹੱਦ ਔਖੇ ਤੇ ਦੁਰਗਮ ਰਸਤੇ 'ਤੇ ਚੱਲਣ ਵਾਲੇ ਸਾਰੇ ਸ਼ਰਧਾਲੂਆਂ ਦੀ ਸੁਰੱਖਿਆ, ਚੰਗੀ ਸਿਹਤ ਅਤੇ ਸੁਖਾਵੇਂ ਸਫ਼ਰ ਲਈ ਪ੍ਰਮਾਤਮਾ ਅੱਗੇ ਅਰਦਾਸ ਕੀਤੀ।

ਦੱਸਣਯੋਗ ਹੈ ਕਿ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੇ ਕਪਾਟ ਆਉਂਦੀ 23 ਮਈ ਨੂੰ ਸੰਗਤਾਂ ਲਈ ਰਸਮੀ ਤੌਰ 'ਤੇ ਖੋਲ੍ਹੇ ਜਾਣਗੇ, ਜਿਸ ਲਈ ਭਾਰਤੀ ਫੌਜ ਦੇ ਜਵਾਨਾਂ ਅਤੇ ਗੁਰਦੁਆਰਾ ਟਰੱਸਟ ਦੇ ਸੇਵਾਦਾਰਾਂ ਵੱਲੋਂ ਪਿਛਲੇ ਇੱਕ ਮਹੀਨੇ ਤੋਂ ਦਿਨ-ਰਾਤ ਭਾਰੀ ਬਰਫ਼ਬਾਰੀ ਦਰਮਿਆਨ ਸੇਵਾ ਕਰਕੇ ਰਸਤਿਆਂ ਨੂੰ ਪੂਰੀ ਤਰ੍ਹਾਂ ਸਾਫ਼ ਕਰ ਦਿੱਤਾ ਗਿਆ ਹੈ। ਅੱਜ ਰਿਸ਼ੀਕੇਸ਼ ਤੋਂ ਰਵਾਨਾ ਹੋਇਆ ਇਹ ਜੱਥਾ ਵੱਖ-ਵੱਖ ਪੜਾਵਾਂ ਜਿਵੇਂ ਕਿ ਗੋਵਿੰਦਘਾਟ ਅਤੇ ਗੋਵਿੰਦ ਧਾਮ (ਘੰਗਰੀਆ) ਹੁੰਦਾ ਹੋਇਆ ਪਵਿੱਤਰ ਅਸਥਾਨ ਵੱਲ ਵਧੇਗਾ। ਟਰੱਸਟ ਦੇ ਪ੍ਰਧਾਨ ਨਰਿੰਦਰਜੀਤ ਸਿੰਘ ਬਿੰਦਰਾ ਨੇ ਦੱਸਿਆ ਕਿ ਪ੍ਰਸ਼ਾਸਨ ਅਤੇ ਫੌਜ ਦੇ ਸਹਿਯੋਗ ਨਾਲ ਸ਼ਰਧਾਲੂਆਂ ਦੀ ਸੁਰੱਖਿਆ ਅਤੇ ਰਹਿਣ-ਸਹਿਣ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਉੱਚਾਈ ਵਾਲੇ ਖੇਤਰਾਂ ਵਿੱਚ ਯਾਤਰੀਆਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਸਮਾਗਮ ਦੌਰਾਨ ਧਾਰਮਿਕ ਸ਼ਖ਼ਸੀਅਤਾਂ, ਸੰਤ ਸਮਾਜ ਦੇ ਨੁਮਾਇੰਦੇ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਰਾਹੁਲ ਗਾਂਧੀ ਨੇ ਮੋਦੀ ਤੇ ਸ਼ਾਹ 'ਤੇ ਲਗਾਇਆ ਦੇਸ਼ ਨੂੰ

ਇਹ ਉਨ੍ਹਾਂ ਦੀ ਗਲਤੀ ਨਹੀਂ ਹੈ।ਮੈਂ ਤੁਹਾਨੂੰ ਦੱਸ ਰਿਹਾ ਹਾਂ ਕਿ ਕਸੂਰ ਸਿਰਫ਼ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਆਰ.ਐਸ.ਐਸ. ਦਾ ਹੈ, ਕਿਉਂਕਿ ਇਨ੍ਹਾਂ ਨੇ ਸੰਵਿਧਾਨ ਨੂੰ ਖਤਮ ਕਰ ਦਿੱਤਾ ਹੈ। ਰਾਹੁਲ ਬੁੱਧਵਾਰ ਨੂੰ ਲੋਧਵਾਰੀ ਪਿੰਡ ਵਿੱਚ

# ਪਹਿਲੇ ਸਫ਼ੇ ਦੀ ਬਾਕੀ

ਬਹੁਜਨ ਸਵਾਭੀਮਾਨ ਸਭਾ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਉਨ੍ਹਾਂ ਕਿਹਾ ਕਿ ਜਦੋਂ ਆਰ.ਐਸ.ਐਸ. ਦੇ ਵਰਕਰ ਤੁਹਾਡੇ ਕੋਲ ਆਉਣਗੇ ਤਾਂ ਤੁਸੀਂ ਉਨ੍ਹਾਂ ਨੂੰ ਖੁੱਲ੍ਹ ਕੇ ਕਿਹੋ ਕਿ ਤੁਹਾਡਾ ਪ੍ਰਧਾਨ ਮੰਤਰੀ ਗੱਦਾਰ ਹੈ, ਤੁਹਾਡਾ ਗ੍ਰਹਿ ਮੰਤਰੀ ਗੱਦਾਰ ਹੈ ਅਤੇ ਤੁਹਾਡਾ ਸੰਗਠਨ ਗੱਦਾਰ ਹੈ। ਤੁਸੀਂ ਹਿੰਦੁਸਤਾਨ ਨੂੰ ਵੇਚਣ ਦਾ ਦਾ ਕੰਮ ਕੀਤਾ ਹੈ।

## ਮੋਦੀ ਨੇ ਮੈਲੋਨੀ ਨੂੰ ਗਿਫ਼ਟ ਕੀਤੀ

ਸਵੀਕਾਰ ਹੀ ਨਹੀਂ ਕੀਤਾ,, ਬਲਕਿ ਉਸ ਦੀ ਵੀਡੀਓ ਵੀ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਸਾਂਝੀ ਕੀਤੀ। ਉਂਝ ਇਹ ਕੋਈ ਪਹਿਲੀ ਵਾਰ ਨਹੀਂ ਜਦੋਂ ਪੀ.ਐਮ. ਮੋਦੀ ਅਤੇ ਮੈਲੋਨੀ ਦੀਆਂ ਤਸਵੀਰਾਂ ਵਾਇਰਲ ਹੋਈਆਂ ਹੋਣ, ਇਸ ਤੋਂ ਪਹਿਲਾਂ ਵੀ ਦੋਵੇਂ ਨੇਤਾਵਾਂ ਦੀਆਂ ਤਸਵੀਰਾਂ ਕਾਫ਼ੀ ਚਰਚਾ ਵਿਚ ਰਹਿ ਚੁੱਕੀਆਂ ਨੇ।

ਤੁਹਾਨੂੰ ਦੱਸ ਦਈਏ ਕਿ ਸੋਸ਼ਲ ਮੀਡੀਆ 'ਤੇ ਪੀਐਮ ਮੈਲੋਨੀ ਨੂੰ 'ਮੈਲੋਡੀ' ਵਜੋਂ ਹੀ ਜਾਣਿਆ ਜਾਂਦੈ,,,ਇਸ ਲਈ ਜਦੋਂ ਪੀ.ਐਮ. ਮੋਦੀ ਨੇ ਮੈਲੋਨੀ ਨੂੰ ਇਹ ਤੋਹਫ਼ੇ ਭੇਂਟ ਕੀਤਾ ਤਾਂ ਇਕ ਦਿਲਚਸਪ ਪਲ਼ ਬਣ ਗਿਆ।

## 'ਰਿਸ਼ਵਤ ਮੰਗਣ ਦੀ ਸ਼ਿਕਾਇਤ ਕਰਨ ਵਾਲੇ ਨੂੰ

ਭ੍ਰਿਸ਼ਟਾਚਾਰ ਵਿਰੋਧੀ ਵਿਭਾਗ ਨੂੰ ਮਜ਼ਬੂਤ ਕੀਤਾ ਗਿਆ ਹੈ ਤੇ ਇਕ ਵੱਡਾ ਐਲਾਨ ਕੀਤਾ ਗਿਆ ਹੈ। ਇਸ ਨਵੀਂ ਨੀਤੀ ਤਹਿਤ ਲੋਕਾਂ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵੀ ਸਰਕਾਰੀ ਵਿਭਾਗ ਵਿਚ ਉਨ੍ਹਾਂ ਤੋਂ ਰਿਸ਼ਵਤ ਮੰਗੀ ਜਾਂਦੀ ਹੈ। ਭਾਵੇਂ ਹੀ ਉਹ ਰਕਮ 1000 ਰੁਪਏ ਹੀ ਕਿਉਂ ਨਾ ਹੋਵੇ ਤਾਂ ਉਹ ਸਬੂਤਾਂ ਸਣੇ ਸ਼ਿਕਾਇਤ ਦਰਜ ਕਵਾਏ।

ਸਰਕਾਰ ਨੇ ਐਲਾਨ ਕਰਦੇ ਹੋਏ ਕਿਹਾ ਕਿ ਜੋ ਲੋਕ ਰਿਸ਼ਵਤ ਮੰਗਣ ਵਾਲੇ ਅਧਿਕਾਰੀਆਂ ਖਿਲਾਫ ਸਹੀ ਸਬੂਤਾਂ ਦੇ ਨਾਲ ਸ਼ਿਕਾਇਤ ਦਰਜ ਕਰਾਉਣਗੇ, ਉਨ੍ਹਾਂ ਨੂੰ 1 ਲੱਖ ਰੁਪਏ ਨਕਦ ਇਨਾਮ ਦਿੱਤਾ ਜਾਵੇਗਾ। ਥਲਾਪਤੀ ਵਿਜੇ ਦੀ ਟੀ.ਵੀ.ਕੇ. ਸਰਕਾਰ ਨੇ ਇਸ ਪ੍ਰਕਿਰਿਆ ਨੂੰ ਆਸਾਨ ਬਣਾਉਣ ਲਈ ਇਹ ਹੈਲਪਲਾਈਨ ਨੰਬਰ 1800 425 1555 ਸ਼ੁਰੂ ਕੀਤੀ ਗਈ ਹੈ। ਇਸ ਫੈਸਲੇ ਦਾ ਮਕਸਦ ਸਰਕਾਰੀ ਦਫਤਰਾਂ ਵਿਚ ਭ੍ਰਿਸ਼ਟਾਚਾਰ ਨੂੰ ਪੂਰੀ ਤਰ੍ਹਾਂ ਖਤਮ ਕਰਨ ਵਿਚ ਜਨਤਾ ਨੂੰ ਸਰਗਮ ਕਰਨਾ ਹੈ।

ਦਰਅਸਲ ਟੀ.ਵੀ.ਕੇ. ਸਰਕਾਰ ਆਪਣੀ ਚੋਣ ਮੁਹਿੰਮ ਦੌਰਾਨ ਕੀਤੇ ਗਏ ਇਕ ਵਾਅਦੇ ਨੂੰ ਪੂਰਾ ਕਰਨ ਲਈ ਸਰਗਰਮ ਕਦਮ ਚੁੱਕ ਰਹੀ ਹੈ। ਮੁਹਿੰਮ ਦੌਰਾਨ ਇਹ ਐਲਾਨ ਕੀਤਾ ਗਿਆ ਸੀ ਕਿ ਜੇਕਰ ਉਹ ਸੱਤਾ ਵਿਚ ਆਉਂਦੇ ਹਨ ਤਾਂ ਆਧਾਰ ਕਾਰਡ ਦੀ ਤਰ੍ਹਾਂ ਹੀ ਇਕ ਤਮਿਲਨਾਡੂ ਨਾਗਰਿਕਤਾ ਕਾਰਡ ਜਾਰੀ ਕਰਨਗੇ। ਇਸ ਕਾਰਡ ਵਿਚ ਹਰ ਪਰਿਵਾਰ ਬਾਰੇ ਜਾਣਕਾਰੀ ਹੋਵੇਗੀ। ਕਾਰਡ ਜ਼ਰੀਏ ਲੋਕ ਜਨਮ ਤੋਂ ਹੀ ਵਿਗਿਆਨਕ ਤੇ ਯੋਜਨਾਬੱਧ ਤਰੀਕੇ ਨਾਲ ਸਰਕਾਰੀ ਯੋਜਨਾਵਾਂ ਦਾ ਫਾਇਦਾ ਲੈ ਸਕਣਗੇ ਜਿਸ ਨਾਲ ਉਨ੍ਹਾਂ ਨੂੰ ਖਾਸ ਅਧਿਕਾਰਾਂ ਲਈ ਅਪਲਾਈ ਕਰਨ ਜਾਂ ਰਿਸ਼ਵਤ ਦੇਣ ਦੀ ਲੋੜ ਨਹੀਂ ਪਵੇਗੀ।

## ਮੋਦੀ ਨੂੰ ਸਵਾਲ ਕਰਨ ਵਾਲੀ ਨਾਰਵੇ ਦੀ ਪੱਤਰਕਾਰ

ਇੰਸਟਾਗ੍ਰਾਮ ਅਕਾਊਂਟ 19 ਮਈ 2026 ਨੂੰ ਸਸਪੈਂਡ ਕੀਤਾ ਗਿਆ ਹੈ ਅਤੇ ਅਪੀਲ ਕਰਨ ਲਈ 180 ਦਿਨਾਂ ਦਾ ਸਮਾਂ ਦਿੱਤਾ ਗਿਆ ਹੈ। ਅਕਾਊਂਟ ਬੰਦ ਹੋਣ ਦੇ ਅਸਲ ਕਾਰਨਾਂ ਦਾ ਅਜੇ ਪਤਾ ਨਹੀਂ ਲੱਗ ਸਕਿਆ, ਪਰ ਹੈਲੇ ਲਿੰਗ ਨੇ ਇਸ ਨੂੰ 'ਪ੍ਰੈੱਸ ਦੀ ਆਜ਼ਾਦੀ ਲਈ ਚੁਕਾਉਣੀ ਪਈ ਇੱਕ ਛੋਟੀ ਜਿਹੀ ਕੀਮਤ' ਦੱਸਿਆ ਹੈ।

ਇਸੇ ਦੌਰਾਨ ਅਧਿਕਾਰਤ ਮੀਡੀਆ ਬ੍ਰੀਫਿੰਗ ਦੌਰਾਨ ਵੀ ਜਦੋਂ ਹੈਲੇ ਲਿੰਗ ਨੇ ਭਾਰਤੀ ਅਧਿਕਾਰੀਆਂ ਨੂੰ ਮਨੁੱਖੀ ਅਧਿਕਾਰਾਂ ਦੀ ਕਥਿਤ ਉਲੰਘਣਾ ਅਤੇ ਭਾਰਤ 'ਤੇ 'ਭਰੋਸਾ' ਕਰਨ ਦੇ ਸਵਾਲਾਂ ਨਾਲ ਘੇਰਨ ਦੀ ਕੋਸ਼ਿਸ਼ ਕੀਤੀ, ਤਾਂ ਵਿਦੇਸ਼ ਮੰਤਰਾਲੇ ਦੇ ਸਕੱਤਰ (ਪੱਛਮੀ) ਸਿਬੀ ਜਾਰਜ ਨੇ ਬੇਹੱਦ ਤਿੱਖਾ ਜਵਾਬ ਦਿੱਤਾ।

ਸਿਬੀ ਜਾਰਜ ਨੇ ਭਾਰਤੀ ਲੋਕਤੰਤਰ ਦਾ ਪੱਖ ਪੂਰਦਿਆਂ ਕਿਹਾ, ਅਸੀਂ ਦੁਨੀਆ ਦੀ ਕੁੱਲ ਆਬਾਦੀ ਦਾ ਛੇਵਾਂ ਹਿੱਸਾ ਹਾਂ, ਪਰ ਸਾਡੇ ਕੋਲ ਦੁਨੀਆ ਦੀਆਂ ਮੁਸ਼ਕਿਲਾਂ ਦਾ ਛੇਵਾਂ ਹਿੱਸਾ ਨਹੀਂ ਹੈ। ਸਾਡਾ ਸੰਵਿਧਾਨ ਦੇਸ਼ ਦੇ ਹਰ ਨਾਗਰਿਕ ਨੂੰ ਮੌਲਿਕ ਅਧਿਕਾਰਾਂ ਦੀ ਗਾਰੰਟੀ ਦਿੰਦਾ ਹੈ। ਜੇਕਰ ਕਿਸੇ ਦੇ ਅਧਿਕਾਰਾਂ ਦੀ ਉਲੰਘਣਾ ਹੁੰਦੀ ਹੈ, ਤਾਂ ਉਹ ਸਿੱਧਾ ਅਦਾਲਤ ਜਾ ਸਕਦਾ ਹੈ। ਸਾਨੂੰ ਆਪਣੇ ਲੋਕਤੰਤਰ 'ਤੇ ਮਾਣ ਹੈ। ਉਨ੍ਹਾਂ ਭਾਰਤ ਵਿਰੁੱਧ ਬਾਹਰੀ ਟਿੱਪਣੀਆਂ ਅਤੇ ਚੋਣਵੇਂ ਨੈਰੇਟਿਵ (ਬਿਆਨਬਾਜ਼ੀ) ਗੜ੍ਹਨ ਵਾਲਿਆਂ ਦੀ ਵੀ ਕਰੜੀ ਨਿੰਦਾ ਕੀਤੀ।

ਮੈਂ ਕੋਈ ਜਾਸੂਸ ਨਹੀਂ : ਪੱਤਰਕਾਰ ਦੀ ਸਫ਼ਾਈ

ਸੋਸ਼ਲ ਮੀਡੀਆ 'ਤੇ ਭਾਰਤੀ ਯੂਜ਼ਰਸ ਵੱਲੋਂ ਹੋ ਰਹੀ ਭਾਰੀ ਟ੍ਰੋਲਿੰਗ ਅਤੇ ਵਿਦੇਸ਼ੀ ਏਜੰਟ ਜਾਂ ਜਾਸੂਸ ਹੋਣ ਦੇ ਲੱਗ ਰਹੇ ਦੋਸ਼ਾਂ 'ਤੇ ਹੈਲੇ ਲਿੰਗ ਨੇ ਮੁੜ ਸਫ਼ਾਈ ਦਿੱਤੀ ਹੈ। ਉਸ ਨੇ ਲਿਖਿਆ ਕਿ ਪੱਤਰਕਾਰੀ ਕਈ ਵਾਰ ਟਕਰਾਅ ਵਾਲੀ ਹੁੰਦੀ ਹੈ ਅਤੇ ਸਵਾਲਾਂ ਦੇ ਜਵਾਬ ਲੱਭਣਾ ਉਸ ਦਾ ਫ਼ਰਜ਼ ਹੈ। ਉਸ ਨੇ ਸਾਫ਼ ਕੀਤਾ, ਮੈਂ ਕੋਈ ਵਿਦੇਸ਼ੀ ਜਾਸੂਸ ਨਹੀਂ ਹਾਂ ਅਤੇ ਨਾ ਹੀ ਮੈਨੂੰ ਕਿਸੇ ਸਰਕਾਰ ਨੇ ਭੇਜਿਆ ਹੈ। ਜੇਕਰ ਕੋਈ ਸ਼ਕਤੀਸ਼ਾਲੀ ਵਿਅਕਤੀ ਮੇਰੇ ਸਵਾਲ ਦਾ ਜਵਾਬ ਨਹੀਂ ਦਿੰਦਾ, ਤਾਂ ਮੈਂ ਦੁਬਾਰਾ ਟੋਕ ਕੇ ਸਹੀ ਜਵਾਬ ਲੈਣ ਦੀ ਕੋਸ਼ਿਸ਼ ਕਰਦੀ ਹਾਂ, ਇਹ ਮੇਰੀ ਡਿਊਟੀ ਹੈ।

## ਬੇਅਦਬੀ ਕਾਨੂੰਨ ਦੇ ਮਸਲੇ 'ਤੇ ਸ਼੍ਰੋਮਣੀ ਕਮੇਟੀ ਨੇ

ਕਾਨਫਰੰਸ ਲਈ ਸਮੂਹ ਸਿੱਖ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਨਿਰਮਲੇ, ਉਦਾਸੀ ਸੰਪਰਦਾ, ਕਾਰ ਸੇਵਾ ਵਾਲੇ ਮਹਾਂਪੁਰਸ਼ਾਂ ਤੇ ਸਮੂਹ ਸਿੱਖ ਫੈਡਰੇਸ਼ਨਾਂ ਨੂੰ ਅਪੀਲ ਹੈ ਕਿ ਉਹ ਇਸ ਵਿੱਚ ਭਰਵੀਂ ਸ਼ਮੂਲੀਅਤ ਕਰਨ।

ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਕੌਮ ਨਾਲ ਸਬੰਧਤ ਕਨੂੰਨ ਵਿਚ ਜਦੋਂ ਵੀ ਸੋਧ ਹੋਈ ਹੈ ਉਸ ਲਈ ਸ਼੍ਰੋਮਣੀ ਕਮੇਟੀ ਵੱਲੋਂ ਬਕਾਇਦਾ ਮਤਾ ਪਾਸ ਕਰਕੇ ਭੇਜਿਆ ਗਿਆ ਸੀ। ਸਿੱਖ ਗੁਰਦੁਆਰਾ ਐਕਟ 1925 ਵਿਚ ਬੀਬੀਆਂ ਦੇ ਰਾਖਵੇਂਕਰਨ ਅਤੇ 2008 ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਪਾਈ ਤੇ ਪ੍ਰਕਾਸ਼ਨ ਸਬੰਧੀ ਐਕਟ ਲਈ ਮਤੇ ਪਾਸ ਕਰਕੇ ਭੇਜੇ ਗਏ ਸਨ। ਸਹਿਜਧਾਰੀਆਂ ਸਬੰਧੀ ਸਰਕਾਰ ਦੀ ਸੋਧ ਵੀ ਇਸੇ ਕਾਰਨ ਰੱਦ ਹੋ ਗਈ ਸੀ ਕਿਉਂਕਿ ਸ਼੍ਰੋਮਣੀ ਕਮੇਟੀ ਦੁਆਰਾ ਇਸ ਸੋਧ ਸਬੰਧੀ ਕੋਈ ਮਤਾ ਨਹੀਂ ਸੀ ਕੀਤਾ। ਪਰ ਸਰਕਾਰ ਦੁਆਰਾ ਇਸ ਕਨੂੰਨ ਵਿਚ ਸੋਧ ਕਰਨ ਲਈ ਸ਼੍ਰੋਮਣੀ ਕਮੇਟੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਖਰੜਾ ਦੱਸਣਾ ਵੀ ਮੁਨਾਸਿਬ ਨਹੀਂ ਸਮਝਿਆ ਗਿਆ। ਉਨ੍ਹਾਂ ਕਿਹਾ ਕਿ ਇਹੀ ਕਾਰਨ ਹੈ ਕਿ ਸਿੱਖ ਜਥੇਬੰਦੀਆਂ ਨਾਲ ਗੱਲਬਾਤ ਤੋਂ ਬਿਨਾਂ ਤਿਆਰ ਕੀਤੇ ਕਨੂੰਨ ਵਿੱਚ ਕਈ ਮੱਦਾਂ ਸਿੱਖ ਸਿਧਾਂਤਾਂ ਨਾਲ ਮੇਲ ਨਹੀਂ ਖਾਂਦੀਆਂ।

ਉਨ੍ਹਾਂ ਸਪੱਸ਼ਟ ਕੀਤਾ ਕਿ 2008 ਵਾਲੇ ਸਤਿਕਾਰ ਐਕਟ ਬਾਰੇ ਜੋ ਡਿਪਟੀ ਕਮਿਸ਼ਨਰ ਨੂੰ ਜਾਣਕਾਰੀ ਦੇਣ ਦੀ ਗੱਲ ਪ੍ਰਚਾਰੀ ਜਾ ਰਹੀ ਹੈ ਉਹ ਬਾਹਰੀ ਪ੍ਰਕਾਸ਼ਕਾਂ ਪਾਸੋਂ ਪਾਵਨ ਬੀੜਾਂ ਲੈ ਕੇ ਉਨ੍ਹਾਂ ਨੂੰ ਅਦਾਇਗੀ ਲਈ ਸੀ। ਕਿਉਂਕਿ ਇਸ ਐਕਟ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ਨ ਦਾ ਅਧਿਕਾਰ ਸ਼੍ਰੋਮਣੀ ਕਮੇਟੀ ਨੂੰ ਦਿੱਤਾ ਗਿਆ ਸੀ।

ਉਨ੍ਹਾਂ ਕਿਹਾ ਕਿ ਸੋਧੇ ਗਏ ਐਕਟ ਵਿੱਚ ਬੇਅਦਬੀ ਦੇ ਦੋਸ਼ੀਆਂ ਨੂੰ ਸਜ਼ਾ ਦੇਣ ਸਬੰਧੀ ਕੋਈ ਵਿਰੋਧ ਨਹੀਂ ਹੈ ਬਲਕਿ ਸਿੱਖ ਭਾਵਨਾਵਾਂ ਵਿਰੁੱਧ ਮਰਯਾਦਾ ਸਬੰਧੀ ਦਰਜ ਕੁਝ ਮੱਦਾਂ ਅਤੇ ਸ਼ਬਦਾਵਲੀ ਨੂੰ ਹਟਾਏ ਜਾਣ ਸਬੰਧੀ ਸੰਗਤਾਂ ਅੰਦਰ ਇਤਰਾਜ਼ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਸਿੱਖ ਭਾਵਨਾਵਾਂ ਦੇ ਮਾਮਲੇ ਵਿਚ ਅੜੀਅਲ ਰੱਵਈਆ ਨਹੀਂ ਰੱਖਣਾ ਚਾਹੀਦਾ। ਮਾਨਯੋਗ ਸੁਪਰੀਮ ਕੋਰਟ ਦੇ ਚੀਫ਼ ਜਸਟਿਸ ਵੀ ਇਕ ਪਟੀਸ਼ਨ ਦੇ ਮਾਮਲੇ ਵਿਚ ਕਹਿ ਰਹੇ ਹਨ ਕਿ ਧਰਮ ਦੇ ਮਾਮਲਿਆਂ ਵਿਚ ਦਖਲ ਨਹੀਂ ਦਿੱਤਾ ਜਾ ਸਕਦਾ। ਸਰਕਾਰਾਂ ਨੂੰ ਵੀ ਚੀਫ਼ ਜਸਟਿਸ ਦੀ ਇਸ ਭਾਵਨਾ ਨੂੰ ਸਮਝਣਾ ਚਾਹੀਦਾ ਹੈ ਤੇ ਸਿੱਖਾਂ ਦੇ ਧਾਰਮਿਕ ਮਾਮਲਿਆਂ ਤੋਂ ਦੂਰ ਰਹਿਣਾ ਚਾਹੀਦਾ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਸਾਬਕਾ ਪ੍ਰਧਾਨ ਅਲਵਿੰਦਰਪਾਲ ਸਿੰਘ ਪੱਖੋਕੇ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਸੁਰਜੀਤ ਸਿੰਘ ਭਿੱਟੇਵੱਡ, ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ, ਜਰਨੈਲ ਸਿੰਘ ਡੋਗਰਾਂਵਾਲਾ, ਮੋਹਨ ਸਿੰਘ ਬੰਗੀ, ਜਥੇਦਾਰ ਕੌਰ ਸਿੰਘ, ਭੁਪਿੰਦਰ ਸਿੰਘ ਭਲਵਾਨ, ਰਘਬੀਰ ਸਿੰਘ ਸਹਾਰਨਮਾਜਰਾ, ਜਸਮੇਰ ਸਿੰਘ ਲਾਛੜੂ, ਓਐਸਡੀ ਸਤਬੀਰ ਸਿੰਘ, ਸਕੱਤਰ ਬਲਵਿੰਦਰ ਸਿੰਘ ਕਾਹਲਵਾਂ, ਇੰਜੀ: ਸੁਖਮਿੰਦਰ ਸਿੰਘ, ਨਿੱਜੀ ਸਕੱਤਰ ਸ਼ਾਹਬਾਜ਼ ਸਿੰਘ ਤੇ ਮੀਤ ਸਕੱਤਰ ਹਰਭਜਨ ਸਿੰਘ ਵਕਤਾ ਆਦਿ ਹਾਜ਼ਰ ਸਨ।

## ਮਾਮੂਲੀ ਤਕਰਾਰ ਤੋਂ ਬਾਅਦ ਪੁੱਤ ਨੇ ਮਾਰੀ ਨਹਿਰ 'ਚ ਛਾਲ

ਲੱਗਦਿਆਂ ਹੀ ਉਸ ਦਾ ਪਿਤਾ ਤੁਰੰਤ ਉੱਥੇ ਪਹੁੰਚ ਗਿਆ, ਪਰ ਉਸ ਦੇ ਦੇਖਦਿਆਂ ਹੀ ਮੁੰਡੇ ਨੇ ਨਹਿਰ ਵਿੱਚ ਛਾਲ ਮਾਰ ਦਿੱਤੀ।

ਆਪਣੇ ਪੁੱਤਰ ਨੂੰ ਬਚਾਉਣ ਲਈ ਪਿਤਾ ਨੇ ਵੀ ਨਹਿਰ ਵਿੱਚ ਛਾਲ ਮਾਰ ਦਿੱਤੀ। ਮੌਕੇ 'ਤੇ ਮੌਜੂਦ ਲੋਕਾਂ ਨੇ ਉਨ੍ਹਾਂ ਨੂੰ ਕੱਢਣ ਲਈ ਨਹਿਰ ਵਿੱਚ ਰੱਸੀਆਂ ਸੁੱਟੀਆਂ। ਮੁੰਡੇ ਨੇ ਰੱਸੀ ਫੜ ਵੀ ਲਈ ਸੀ, ਪਰ ਜਦੋਂ ਉਸ ਨੇ ਦੇਖਿਆ ਕਿ ਉਸ ਦਾ ਬਾਪ ਡੁੱਬ ਰਿਹਾ ਹੈ, ਤਾਂ ਉਹ ਰੱਸੀ ਛੱਡ ਕੇ ਆਪਣੇ ਪਿਤਾ ਨੂੰ ਬਚਾਉਣ ਲਈ ਪਿੱਛੇ ਮੁੜਿਆ ਅਤੇ ਖ਼ੁਦ ਵੀ ਡੁੱਬ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੀੜਤ ਪਰਿਵਾਰ ਦੇ ਮੈਂਬਰ ਕੁਲਦੀਪ ਸਿੰਘ ਨੇ ਦੱਸਿਆ ਕਿ ਉਸ ਦਾ ਭਰਾ ਮੱਖਣ ਸਿੰਘ ਅਤੇ ਉਸ ਦਾ ਬੇਟਾ ਹਰਤੇਜ ਸਿੰਘ ਸਬਜ਼ੀ ਮੰਡੀ ਵਿੱਚ ਫ਼ਲ-ਫ਼ਰੂਟ ਅਤੇ ਸਬਜ਼ੀ ਵੇਚਣ ਦਾ ਕੰਮ ਕਰਦੇ ਸਨ। ਅੱਜ ਦੋਵਾਂ ਵਿਚਕਾਰ ਕਿਸੇ ਗੱਲ ਨੂੰ ਲੈ ਕੇ ਤਕਰਾਰ ਹੋ ਗਿਆ ਅਤੇ ਇਹ ਤਕਰਾਰ ਇੱਕ ਵੱਡਾ ਰੂਪ ਧਾਰਨ ਕਰ ਗਿਆ।

ਉਨ੍ਹਾਂ ਦੱਸਿਆ ਕਿ ਇਸ ਘਟਨਾ ਸਬੰਧੀ ਜਦੋਂ ਉਨ੍ਹਾਂ ਨੇ ਥਾਣਾ ਸਿਟੀ ਪੁਲਿਸ ਨੂੰ ਸੂਚਨਾ ਦਿੱਤੀ ਤਾਂ ਸਿਟੀ ਪੁਲਿਸ ਨੇ ਕਿਹਾ ਕਿ ਨਹਿਰਾਂ ਵਾਲਾ ਇਲਾਕਾ ਥਾਣਾ ਬਰੀਵਾਲਾ ਦੇ ਅਧੀਨ ਆਉਂਦਾ ਹੈ, ਇਸ ਲਈ ਬਰੀਵਾਲਾ ਥਾਣਾ ਹੀ ਕਾਰਵਾਈ ਕਰੇਗਾ।

ਦੂਜੇ ਪਾਸੇ, ਥਾਣਾ ਬਰੀਵਾਲਾ ਦੀ ਪੁਲਿਸ ਨੇ ਕਿਹਾ ਕਿ ਝਗੜਾ ਮੁਕਤਸਰ ਸਿਟੀ ਪੁਲਿਸ ਦੀ ਹਦੂਦ (ਅਧਿਕਾਰ ਖੇਤਰ) ਵਿੱਚ ਹੋਇਆ ਹੈ, ਇਸ ਲਈ ਬਣਦੀ ਕਾਰਵਾਈ ਸਿਟੀ ਪੁਲਿਸ ਵੱਲੋਂ ਕੀਤੀ ਜਾਣੀ ਚਾਹੀਦੀ ਹੈ। ਥਾਣਾ ਸਿਟੀ ਦੇ ਪੁਲਿਸ ਮੁਖੀ ਨੇ ਦੱਸਿਆ ਕਿ ਇਹ ਮਾਮਲਾ ਥਾਣਾ ਬਰੀਵਾਲਾ ਦਾ ਹੈ। ਅਖ਼ੀਰ ਥਾਣਾ ਬਰੀਵਾਲਾ ਪੁਲਿਸ ਨੇ ਮਾਮਲੇ ਦਾ ਨੋਟਿਸ ਲੈਂਦਿਆਂ ਨਹਿਰ ਵਿੱਚੋਂ ਲਾਸ਼ਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

## ਅੱਜ ਸਭ ਤੋਂ ਵੱਡੀ ਚਿੰਤਾ ਇਹ ਹੈ ਕਿ ਜਾਤੀ ਅਧਾਰਿਤ

ਵੋਟ ਬੈਂਕ ਵਜੋਂ ਦੇਖਣ ਲੱਗ ਪੈਂਦੀਆਂ ਹਨ, ਤਾਂ ਇਹ ਸਥਿਤੀ ਚਿੰਤਾਜਨਕ ਬਣ ਜਾਂਦੀ ਹੈ।

ਅੱਜ ਇਹ ਹੀ ਹੋ ਰਿਹਾ ਹੈ ਅਤੇ ਚੋਣਾਂ ਦੇ ਦੌਰਾਨ ਵੱਖ-ਵੱਖ ਪਾਰਟੀਆਂ ਦੇ ਨੇਤਾ ਡੇਰਿਆਂ ਦੇ ਦਰਬਾਰਾਂ ਵਿੱਚ ਹਾਜ਼ਰੀ ਲਗਾਉਂਦੇ ਹਨ, ਅਸੀਸਾਂ ਲੈਂਦੇ ਹਨ ਅਤੇ ਇੱਕ ਖਾਸ ਵਰਗ ਦੀ ਵੋਟ ਨੂੰ ਆਪਣੇ ਹੱਕ ਵਿੱਚ ਮੋੜਨ ਦੀ ਕੋਸ਼ਿਸ਼ ਕਰਦੇ ਹਨ। ਇਹ ਰਾਜਨੀਤੀ ਲੋਕਤੰਤਰ ਨੂੰ ਵਿਚਾਰਧਾਰਾ ਤੋਂ ਹਟਾ ਕੇ ਸਮੂਹਿਕ ਧਰੁਵੀਕਰਨ ਵੱਲ ਧੱਕਦੀ ਹੈ।

ਅੱਜ ਸਭ ਤੋਂ ਵੱਡੀ ਚਿੰਤਾ ਇਹ ਹੈ ਕਿ ਜਾਤੀ ਅਧਾਰਿਤ ਰਾਜਨੀਤੀ ਪੰਜਾਬ ਦੀ ਸਮਤਾ-ਮੂਲਕ ਆਤਮਾ ਨੂੰ ਕਮਜ਼ੋਰ ਕਰ ਸਕਦੀ ਹੈ। ਪੰਜਾਬ ਨੇ ਉਹ ਦੌਰ ਵੀ ਵੇਖਿਆ ਹੈ ਜਦੋਂ ਲੋਕਾਂ ਨੇ ਧਰਮ ਅਤੇ ਜਾਤ ਤੋਂ ਉੱਪਰ ਉੱਠ ਕੇ ਇਕੱਠੇ ਸੰਘਰਸ਼ ਕੀਤੇ। ਕਿਸਾਨ ਅੰਦੋਲਨ ਇਸਦੀ ਸਭ ਤੋਂ ਵੱਡੀ ਮਿਸਾਲ ਸੀ, ਜਿੱਥੇ ਹਰ ਵਰਗ ਅਤੇ ਹਰ ਪੰਥ ਦੇ ਲੋਕ ਇੱਕ ਮੰਚ 'ਤੇ ਇਕੱਠੇ ਖੜ੍ਹੇ ਦਿਖਾਈ ਦਿੱਤੇ। ਪਰ ਅੱਜ ਜੇ ਰਾਜਨੀਤੀ ਮੁੜ ਜਾਤੀ ਅਤੇ ਡੇਰਿਆਂ ਦੇ ਖਾਨਿਆਂ ਵਿੱਚ ਲੋਕਾਂ ਨੂੰ ਵੰਡਣ ਲੱਗ ਪਏਗੀ, ਤਾਂ ਪੰਜਾਬ ਦੀ ਉਹ ਸਾਂਝੀ ਚੇਤਨਾ ਟੁੱਟ ਸਕਦੀ ਹੈ ਜੋ ਇਸਦੀ ਸਭ ਤੋਂ ਵੱਡੀ ਤਾਕਤ ਰਹੀ ਹੈ।

ਹੁਣ ਆਉਣ ਵਾਲੀਆਂ ਚੋਣਾਂ ਵਿੱਚ ਇਹ ਖਤਰਾ ਹੋਰ ਵੱਧ ਸਕਦਾ ਹੈ। ਕਿਉਂਕਿ ਜਦੋਂ ਚੋਣੀ ਗਣਿਤ ਸਿਰਫ਼ ਜਾਤੀ ਗਿਣਤੀ ਅਤੇ ਧਾਰਮਿਕ ਪ੍ਰਭਾਵ ਤੱਕ ਸੀਮਿਤ ਹੋ ਜਾਵੇ, ਤਾਂ ਅਸਲੀ ਮੁੱਦੇ ਪਿੱਛੇ ਰਹਿ ਜਾਂਦੇ ਹਨ। ਪੰਜਾਬ ਦਾ ਨੌਜਵਾਨ ਬੇਰੁਜ਼ਗਾਰੀ ਨਾਲ ਜੂਝ ਰਿਹਾ ਹੈ, ਕਿਸਾਨ ਕਰਜ਼ੇ ਹੇਠ ਹੈ, ਨਸ਼ੇ ਸਮਾਜ ਨੂੰ ਖਾ ਰਹੇ ਹਨ ਅਤੇ ਪਿੰਡਾਂ ਦੀ ਆਰਥਿਕਤਾ ਡਗਮਗਾ ਰਹੀ ਹੈ। ਪਰ ਰਾਜਨੀਤਿਕ ਪਾਰਟੀਆਂ ਲਈ ਕਈ ਵਾਰ ਇਹ ਮੁੱਦੇ ਦੂਜੇ ਨੰਬਰ 'ਤੇ ਚਲੇ ਜਾਂਦੇ ਹਨ ਅਤੇ ਪਹਿਲਾ ਸਵਾਲ ਇਹ ਬਣ ਜਾਂਦਾ ਹੈ ਕਿ ਕਿਸ ਡੇਰੇ ਜਾਂ ਕਿਸ ਜਾਤੀ ਦਾ ਸਮਰਥਨ ਕਿਸਨੂੰ ਮਿਲੇਗਾ। ਅੱਜ ਇਹ ਪੰਜਾਬ ਦੇ ਸੈਕੂਲਰ ਢਾਂਚੇ ਲਈ ਵੀ ਚੁਣੌਤੀ ਹੈ। ਪੰਜਾਬ ਦੀ ਪਛਾਣ ਹਮੇਸ਼ਾ ਧਾਰਮਿਕ ਸਹਿਣਸ਼ੀਲਤਾ ਅਤੇ ਮਿਲਾਪ ਨਾਲ ਜੁੜੀ ਰਹੀ ਹੈ। ਜੇ ਰਾਜਨੀਤੀ ਇਸ ਸਮਾਜਕ ਬਣਤਰ ਨੂੰ ਵੋਟਾਂ ਲਈ ਵਰਤਣ ਲੱਗੇਗੀ, ਤਾਂ ਲੋਕਾਂ ਵਿਚਕਾਰ ਅਦ੍ਰਿਸ਼ਟ ਦੂਰੀਆਂ ਪੈਦਾ ਹੋਣ ਲੱਗਣਗੀਆਂ। ਇਹ ਦੂਰੀਆਂ ਤੁਰੰਤ ਨਹੀਂ ਦਿਖਦੀਆਂ, ਪਰ ਹੌਲੀ-ਹੌਲੀ ਸਮਾਜ ਦੇ ਮਨੋਵਿਗਿਆਨ ਨੂੰ ਵੰਡ ਦਿੰਦੀਆਂ ਹਨ।

ਹੁਣ ਸਵਾਲ ਇਹ ਵੀ ਹੈ ਕਿ ਕੀ ਰਾਜਨੀਤਿਕ ਪਾਰਟੀਆਂ ਕਦੇ ਇਸ ਸੋਚ ਤੋਂ ਉੱਪਰ ਉੱਠਣਗੀਆਂ? ਸ਼ਾਇਦ ਇਹ ਤਦ ਹੀ ਸੰਭਵ ਹੋਵੇ ਜਦੋਂ ਪੰਜਾਬ ਦਾ ਵੋਟਰ ਖੁਦ ਜਾਤੀ ਅਤੇ ਡੇਰਿਆਂ ਤੋਂ ਉੱਪਰ ਉੱਠ ਕੇ ਮੁੱਦਿਆਂ ਅਧਾਰਿਤ ਰਾਜਨੀਤੀ ਦੀ ਮੰਗ ਕਰੇ। ਜਦੋਂ ਲੋਕ ਸਿੱਖਿਆ, ਸਿਹਤ, ਉਦਯੋਗ, ਕਿਸਾਨੀ ਅਤੇ ਨੌਜਵਾਨਾਂ ਦੇ ਭਵਿੱਖ ਨੂੰ ਵੋਟ ਦਾ ਮਾਪਦੰਡ ਬਣਾਉਣਗੇ, ਤਦ ਹੀ ਪਾਰਟੀਆਂ ਨੂੰ ਵੀ ਆਪਣੀ ਰਾਜਨੀਤੀ ਬਦਲਣੀ ਪਵੇਗੀ।

ਸਦੀਆਂ ਤੋਂ ਪੰਜਾਬ ਦੀ ਰੂਹ ਸਾਂਝੀਵਾਲਤਾ ਵਿੱਚ ਹੈ, ਵੰਡ ਵਿੱਚ ਨਹੀਂ। ਇਹ ਧਰਤੀ ਗੁਰੂਆਂ, ਸੂਫੀਆਂ ਅਤੇ ਲੋਕਧਾਰਾ ਦੀ ਧਰਤੀ ਹੈ। ਜੇ ਰਾਜਨੀਤਿਕ ਲਾਭ ਲਈ ਇਸਦੇ ਸਮਾਜਕ ਤਾਣੇ-ਬਾਣੇ ਨੂੰ ਕਮਜ਼ੋਰ ਕੀਤਾ ਗਿਆ, ਤਾਂ ਇਹ ਸਿਰਫ਼ ਚੋਣੀ ਨੁਕਸਾਨ ਨਹੀਂ ਹੋਵੇਗਾ, ਸਗੋਂ ਪੰਜਾਬ ਦੀ ਆਤਮਾ ਨੂੰ ਚੋਟ ਹੋਵੇਗੀ। ਇਸ ਲਈ ਅੱਜ ਲੋੜ ਸਿਰਫ਼ ਰਾਜਨੀਤਿਕ ਸੁਧਾਰ ਦੀ ਨਹੀਂ, ਸਗੋਂ ਸਮਾਜਕ ਸੁਚੇਤਤਾ ਦੀ ਵੀ ਹੈ, ਤਾਂ ਜੋ ਪੰਜਾਬ ਆਪਣੀ ਅਸਲੀ ਪਹਿਚਾਣ — ਭਾਈਚਾਰੇ, ਸਮਾਨਤਾ ਅਤੇ ਸਾਂਝੀਵਾਲਤਾ — ਨੂੰ ਬਚਾ ਸਕੇ।

### ਗੁਰਦੁਆਰਾ ਕਮੇਟੀਆਂ ਦੇ ਫ਼ੰਡਾਂ ਦਾ ਮਾਮਲਾ

## ਸੁਪਰੀਮ ਕੋਰਟ ਨੇ ਪਟੀਸ਼ਨ 'ਤੇ ਸੁਣਵਾਈ ਤੋਂ ਕੀਤਾ ਇਨਕਾਰ



ਨਵੀਂ ਦਿੱਲੀ, 20 ਮਈ (ਚ.ਨ.ਸ.) : ਗੁਰਦੁਆਰਾ ਕਮੇਟੀਆਂ ਦੇ ਫੰਡਾਂ ਦੇ ਮਾਮਲੇ 'ਚ ਦਾਇਰ ਪਟੀਸ਼ਨ 'ਤੇ ਸੁਪਰੀਮ ਕੋਰਟ ਨੇ ਸੁਣਵਾਈ ਕਰਨ ਇਨਕਾਰ ਕਰਦਿਆਂ ਕਿਹਾ ਕਿ ਪਟੀਸ਼ਨ 'ਚ ਕੀਤੀਆਂ ਮੰਗਾਂ ਲਈ ਕਾਨੂੰਨ 'ਚ ਬਦਲਾਅ ਦੀ ਲੋੜ ਹੈ, ਤੇ ਇਹ ਬਦਲਾਅ ਸੰਸਦ ਹੀ ਕਰ ਸਕਦੀ ਹੈ। ਭਾਰਤ ਦੇ ਚੀਫ਼ ਜਸਟਿਸ ਨੇ ਸੁਪਰੀਮ ਕੋਰਟ ਵਿਚ ਪਟੀਸ਼ਨ ਲੈ ਕੇ ਆਏ ਇੱਕ ਬਜ਼ੁਰਗ ਵਿਅਕਤੀ ਨੂੰ ਸਲਾਹ ਦਿੱਤੀ ਕਿ ਉਹ ਸੰਸਦ ਜਾਵੇ।

ਉਨ੍ਹਾਂ ਨੇ ਪਟੀਸ਼ਨਕਰਤਾ ਨੂੰ ਕਿਹਾ ਕਿ ਅਦਾਲਤ ਉਨ੍ਹਾਂ ਲਈ ਹੈ, ਉਹ ਜਦੋਂ ਚਾਹੇ ਇੱਥੇ ਆ ਸਕਦੇ ਹਨ, ਪਰ ਇਸ ਮਾਮਲੇ ਵਿੱਚ ਉਨ੍ਹਾਂ ਨੂੰ ਸੰਸਦ ਜਾਣਾ ਪਵੇਗਾ। ਸੀਜੇਆਈ ਨੇ ਪਟੀਸ਼ਨਕਰਤਾ ਨੂੰ ਕਿਹਾ ਕਿ ਉਨ੍ਹਾਂ ਦੇ ਮਾਮਲੇ ਵਿੱਚ ਕਾਨੂੰਨ ਵਿੱਚ ਬਦਲਾਅ ਦੀ ਲੋੜ ਹੈ ਅਤੇ ਇਸ ਲਈ ਉਨ੍ਹਾਂ ਨੂੰ ਸੰਸਦ ਜਾਣਾ ਪਵੇਗਾ। ਸੀ.ਜੇ.ਆਈ. ਨੇ ਨਿਮਰਤਾ ਨਾਲ ਕਿਹਾ ਕਿ ਇਹ ਇੱਕ ਧਾਰਮਿਕ ਮਾਮਲਾ ਹੈ ਇਸ ਮਾਮਲੇ 'ਤੇ ਅਸੀਂ ਜੋ ਵੀ ਫੈਸਲਾ ਲੈਂਦੇ ਹਾਂ ਉਸਨੂੰ ਧਾਰਮਿਕ ਮਾਮਲਿਆਂ ਵਿੱਚ ਦਖਲਅੰਦਾਜ਼ੀ ਮੰਨਿਆ ਜਾ ਸਕਦਾ ਹੈ। ਇਸ ਲਈ, ਤੁਹਾਨੂੰ ਸੰਸਦ ਵਿੱਚ ਪਟੀਸ਼ਨ ਕਮੇਟੀ ਕੋਲ ਜਾਣਾ ਚਾਹੀਦਾ ਹੈ।

ਰਿਪੋਰਟ ਮੁਤਾਬਕ ਇੱਕ ਬਜ਼ੁਰਗ ਵਿਅਕਤੀ ਨੇ ਸੁਪਰੀਮ ਕੋਰਟ ਵਿੱਚ ਗੁਰੂਦੁਆਰਾ ਕਮੇਟੀ ਵੱਲੋਂ ਫੰਡਾਂ ਦੀ ਦੁਰਵਰਤੋਂ ਦਾ ਦੋਸ਼ ਲਗਾਉਂਦੇ ਹੋਏ ਪਟੀਸ਼ਨ ਦਾਇਰ ਕੀਤੀ ਸੀ। ਸੀਜੇਆਈ ਸੂਰਿਆਕਾਂਤ ਪਟੀਸ਼ਨ ਦੀ ਮੈਰਿਟ 'ਤੇ ਸੁਣਵਾਈ ਕਰ ਰਹੇ ਸਨ। ਬਜ਼ੁਰਗ ਪਟੀਸ਼ਨਕਰਤਾ ਨੇ ਕਿਹਾ ਕਿ ਮੈਂ ਤੁਹਾਡੇ ਅੱਗੇ ਮੱਥਾ ਟੇਕਦਾ ਹਾਂ। ਕਿਰਪਾ ਕਰਕੇ ਮੇਰੀ ਪਟੀਸ਼ਨ ਸਵੀਕਾਰ ਕਰੋ ਅਤੇ ਇਸ 'ਤੇ ਨੋਟਿਸ ਦੇ ਕੇ ਹੁਕਮ ਦਿਓ। ਪਟੀਸ਼ਨ ਦੀ ਧਿਆਨ ਨਾਲ ਸਮੀਖਿਆ ਕਰਨ ਤੋਂ ਬਾਅਦ ਸੀਜੇਆਈ ਨੇ ਕਿਹਾ, ਅਦਾਲਤ ਤੁਹਾਡੇ ਲਈ ਹੈ। ਜਦੋਂ ਵੀ ਤੁਸੀਂ ਚਾਹੋ ਆਓ। ਹਾਲਾਂਕਿ, ਤੁਹਾਡੀ ਪਟੀਸ਼ਨ 'ਤੇ ਸੁਣਵਾਈ ਲਈ ਕਾਨੂੰਨ ਵਿੱਚ ਸੋਧ ਦੀ ਲੋੜ ਹੋਵੇਗੀ ਅਤੇ ਇਹ ਸਿਰਫ ਸੰਸਦ ਰਾਹੀਂ ਹੀ ਸੰਭਵ ਹੈ। ਇਸ ਲਈ ਤੁਸੀਂ ਸੰਸਦ ਜਾਓ। ਸੀ.ਜੇ.ਆਈ. ਸੂਰਿਆਕਾਂਤ ਨੇ ਨਿਮਰਤਾ ਨਾਲ ਕਿਹਾ ਕਿ ਤੁਹਾਡੀ ਪਟੀਸ਼ਨ ਧਰਮ ਨਾਲ ਸਬੰਧਤ ਹੈ। ਜੇਕਰ ਅਸੀਂ ਇਸਨੂੰ ਸੁਣਦੇ ਹਾਂ, ਤਾਂ ਇਹ ਇੱਕ ਧਾਰਮਿਕ ਮਾਮਲਾ ਹੋਣ ਕਾਰਨ ਇਤਰਾਜ਼ ਉੱਠ ਸਕਦਾ ਹੈ। ਅਸੀਂ ਧਾਰਮਿਕ ਮਾਮਲਿਆਂ ਵਿੱਚ ਦਖਲ ਨਹੀਂ ਦੇਣਾ ਚਾਹੁੰਦੇ। ਸੁਪਰੀਮ ਕੋਰਟ ਨੇ ਟੈਟਰਾ ਪੈਕ ਅਤੇ ਪਾਊਚਾਂ ਵਿੱਚ ਸ਼ਰਾਬ ਦੀ ਪੈਕਿੰਗ ਸਬੰਧੀ ਕਮਿਊਨਿਟੀ ਅਗੇਂਸਟ ਡ੍ਰੰਕਨ ਡਰਾਈਵਿੰਗ ਵੱਲੋਂ ਦਾਇਰ ਪਟੀਸ਼ਨ ਨੂੰ ਸਵੀਕਾਰ ਕਰ ਲਿਆ। ਪਟੀਸ਼ਨ ਵਿੱਚ ਅਜਿਹੀ ਪੈਕਿੰਗ ਵਿੱਚ ਸ਼ਰਾਬ ਦੀ ਵਿਕਰੀ 'ਤੇ ਪਾਬੰਦੀ ਦੀ ਮੰਗ ਕੀਤੀ ਗਈ ਸੀ। ਸੀਜੇਆਈ ਸੂਰਿਆਕਾਂਤ, ਜਸਟਿਸ ਜੋਇਮਾਲਿਆ ਬਾਗਚੀ ਅਤੇ ਜਸਟਿਸ ਵਿਪੁਲ ਐਮ. ਪੰਚੋਲੀ ਦੀ ਬੈਂਚ ਨੇ ਇਸ ਮਾਮਲੇ 'ਤੇ ਸਰਕਾਰ ਤੋਂ ਸਵਾਲ ਕੀਤਾ ਹੈ।

### 'ਨੀਟ' ਦੀ ਪ੍ਰੀਖਿਆ ਦੇਣ ਵਾਲੇ ਵਿਦਿਆਰਥੀਆਂ ਲਈ ਮਾਨ ਨੇ ਕੀਤਾ ਵੱਡਾ ਐਲਾਨ

## ਐਡਮਿਟ ਕਾਰਡ ਦਿਖਾ ਕੇ ਪ੍ਰੀਖਿਆ ਵਾਲੇ ਦਿਨ ਕਰ ਸਕਣਗੇ ਸਰਕਾਰੀ ਬੱਸਾਂ 'ਚ ਮੁਫ਼ਤ ਸਫ਼ਰ



ਚੰਡੀਗੜ੍ਹ, 20 ਮਈ (ਚ.ਨ.ਸ.) : ਪੰਜਾਬ ਵਿੱਚ ਨੀਟ ਪ੍ਰੀਖਿਆ ਦੇਣ ਵਾਲੇ ਬੱਚਿਆਂ ਨੂੰ ਪੰਜਾਬ ਸਰਕਾਰ ਨੇ ਵੱਡੀ ਰਾਹਤ ਦਿੱਤੀ ਹੈ। 21, 22 ਜੂਨ ਨੂੰ ਨੀਟ ਦਾ ਪੇਪਰ ਦੇਣ ਲਈ ਸੈਂਟਰ ਜਾਣ ਵਾਲੇ ਵਿਦਿਆਰਥੀਆਂ ਨੂੰ ਪੰਜਾਬ ਰੋਡਵੇਜ ਵਿਚ ਮੁਫਤ ਸਫਰ ਮਿਲੇਗਾ, ਉਨ੍ਹਾਂ ਤੋਂ ਕੋਈ ਕਿਰਾਇਆ ਨਹੀਂ ਲਿਆ ਜਾਵੇਗਾ। ਇਹ ਐਲਾਨ ਮੁੱਖ ਮੰਤਰੀ ਭਗਵੰਤ ਮਾਨ ਨੇ ਕੀਤਾ।

ਮੁੱਖ ਮੰਤਰੀ ਭਗਵੰਤ ਮਾਨ ਨੇ ਸੋਸ਼ਲ ਮੀਡੀਆ 'ਤੇ ਲਿਖਿਆ-ਬਹੁਤ ਸਾਰੇ ਗਰੀਬ ਬੱਚੇ ਨੀਟ ਪ੍ਰੀਖਿਆ ਦਿੰਦੇ ਹਨ। ਉਨ੍ਹਾਂ ਕੋਲ ਸੈਂਟਰ ਜਾਣ ਲਈ ਕਿਰਾਏ ਦੇ ਪੈਸੇ ਵੀ ਨਹੀਂ ਹੁੰਦੇ। ਜਦੋਂ ਕੇਜਰੀਵਾਲ ਨੇ ਹਾਲ ਹੀ ਵਿਚ ਨੀਟ ਦੇ ਵਿਦਿਆਰਥੀਆਂ ਨਾਲ ਗੱਲ ਕੀਤੀਤਾਂ ਉਨ੍ਹਾਂ ਨੇ ਮੱਦਦ ਦੀ ਬੇਨਤੀ ਕੀਤੀ। ਨੀਟ ਦੀ ਪ੍ਰੀਖਿਆ 21 ਜੂਨ ਨੂੰ ਹੈ। ਇਸ ਲਈ, ਪੰਜਾਬ ਸਰਕਾਰ ਨੇ 20, 21 ਅਤ 22 ਜੂਨ ਨੂੰ ਸਾਰੀਆਂ ਪੰਜਾਬ ਰੋਡਵੇਜ ਬੱਸਾਂ ਵਿਚ ਨੀਟ ਪ੍ਰੀਖਿਆ ਦੇਣ ਵਾਲੇ ਸਾਰੇ ਵਿਦਿਆਰਥੀਆਂ ਦਾ ਕਿਰਾਇਆ ਮੁਆਫ ਕਰਨ ਦਾ ਫੈਸਲਾ ਕੀਤਾ ਹੈ। ਆਪਣਾ ਐਡਮਿਟ ਕਾਰਡ ਦਿਖਾਓ ਅਤੇ ਤੁਹਾਡੇ ਤੋਂ ਟਿਕਟ ਨਹੀਂ ਲਈ ਜਾਵੇਗੀ।

ਨੀਟ ਪ੍ਰੀਖਿਆ 21 ਜੂਨ ਨੂੰ ਹੈ। ਇਸ ਬਾਰੇ, ਪੰਜਾਬ ਸਰਕਾਰ ਨੇ ਫੈਸਲਾ ਕੀਤਾ ਹੈ ਕਿ 20, 21 ਅਤੇ 22 ਜੂਨ ਨੂੰ, ਨੀਟ ਪ੍ਰੀਖਿਆ ਦੇਣ ਜਾਣ ਵਾਲੇ ਸਾਰੇ ਬੱਚਿਆਂ ਦਾ ਕਿਰਾਇਆ ਪੰਜਾਬ ਰੋਡਵੇਜ਼ ਦੀਆਂ ਸਾਰੀਆਂ ਬੱਸਾਂ ਵਿੱਚ ਮੁਆਫ਼ ਕਰ ਦਿੱਤਾ ਜਾਵੇਗਾ। ਆਪਣਾ ਐਡਮਿਟ ਕਾਰਡ ਦਿਖਾਓ, ਤੁਹਾਡੀ ਟਿਕਟ ਨਹੀਂ ਲਈ ਜਾਵੇਗੀ।

ਨੀਟ "73 ਪ੍ਰੀਖਿਆ 21 ਜੂਨ ਨੂੰ ਹੋਵੇਗੀ। ਇਹ ਪ੍ਰੀਖਿਆ ਜੋ ਪਹਿਲਾਂ 3 ਮਈ ਨੂੰ ਤੈਅ ਕੀਤੀ ਗਈ ਸੀ, ਪੇਪਰ ਲੀਕ ਵਿਵਾਦ ਤੋਂ ਬਾਅਦ 11 ਮਈ ਨੂੰ ਰੱਦ ਕਰ ਦਿੱਤੀ ਗਈ ਸੀ।

## ਪੰਜਾਬ 'ਚ ਖੜ੍ਹਾ ਹੋਇਆ ਪੈਟਰੋਲ-ਡੀਜ਼ਲ ਦਾ ਸੰਕਟ, ਪੰਪ ਡੀਲਰਾਂ ਨੇ ਸੂਬਾ ਸਰਕਾਰ ਤੋਂ ਤੁਰੰਤ ਦਖ਼ਲ ਮੰਗਿਆ

ਚੰਡੀਗੜ੍ਹ, 20 ਮਈ (ਚ.ਨ.ਸ.) : ਪੰਜਾਬ ਵਿੱਚ ਆਉਣ ਵਾਲੇ ਦਿਨਾਂ ਦੌਰਾਨ ਪੈਟਰੋਲ ਅਤੇ ਡੀਜ਼ਲ ਦੀ ਭਾਰੀ ਕਿੱਲਤ ਦੇਖਣ ਨੂੰ ਮਿਲ ਸਕਦੀ ਹੈ। ਸੂਬੇ ਵਿੱਚ ਤੇਲ ਦੀ ਸਪਲਾਈ ਪ੍ਰਭਾਵਿਤ ਹੋਣ ਕਾਰਨ ਕਈ ਪੈਟਰੋਲ ਪੰਪਾਂ 'ਤੇ ਸਟਾਕ ਖ਼ਤਮ ਹੋਣ ਦੀ ਕਗਾਰ 'ਤੇ ਪਹੁੰਚ ਗਿਆ ਹੈ। ਇਸ ਗੰਭੀਰ ਸਥਿਤੀ ਨੂੰ ਦੇਖਦਿਆਂ 'ਪੈਟਰੋਲ ਪੰਪ ਡੀਲਰਜ਼ ਐਸੋਸੀਏਸ਼ਨ ਪੰਜਾਬ' ਨੇ ਸੂਬਾ ਸਰਕਾਰ ਨੂੰ ਇੱਕ ਪੱਤਰ ਲਿਖ ਕੇ ਤੁਰੰਤ ਦਖ਼ਲ ਦੇਣ ਦੀ ਮੰਗ ਕੀਤੀ ਹੈ।




ਐਸੋਸੀਏਸ਼ਨ ਵੱਲੋਂ ਸਰਕਾਰ ਨੂੰ ਭੇਜੇ ਗਏ ਪੱਤਰ ਵਿੱਚ ਦੱਸਿਆ ਗਿਆ ਹੈ ਕਿ ਤੇਲ ਦੀ ਸਪਲਾਈ ਵਿੱਚ ਲਗਾਤਾਰ ਦੇਰੀ ਅਤੇ ਕਈ ਤਰ੍ਹਾਂ ਦੀਆਂ ਰੁਕਾਵਟਾਂ ਆ ਰਹੀਆਂ ਹਨ। ਇਸ ਕਾਰਨ ਪੰਪਾਂ ਤੱਕ ਲੋੜ ਮੁਤਾਬਕ ਪੈਟਰੋਲ-ਡੀਜ਼ਲ ਨਹੀਂ ਪਹੁੰਚ ਰਿਹਾ। ਹਾਲਾਤ ਇਹ ਬਣ ਗਏ ਹਨ ਕਿ ਸੂਬੇ ਦੇ ਕਈ ਹਿੱਸਿਆਂ ਵਿੱਚ ਪੈਟਰੋਲ ਪੰਪਾਂ 'ਤੇ ਤੇਲ ਦੀ ਭਾਰੀ ਕਮੀ ਸਾਹਮਣੇ ਆਉਣ ਲੱਗੀ ਹੈ।

ਐਸੋਸੀਏਸ਼ਨ ਨੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਇੱਕ ਪਾਸੇ ਜਿੱਥੇ ਸਪਲਾਈ ਪਹਿਲਾਂ ਹੀ ਪ੍ਰਭਾਵਿਤ ਹੈ, ਉੱਥੇ ਹੀ ਦੂਜੇ ਪਾਸੇ ਕਈ ਤੇਲ ਡਿਪੂਆਂ ਨੇ ਛੁੱਟੀਆਂ ਵਾਲੇ ਦਿਨਾਂ ਦੌਰਾਨ ਆਪਣਾ ਕੰਮਕਾਜ ਪੂਰੀ ਤਰ੍ਹਾਂ ਬੰਦ ਕਰ ਦਿੱਤਾ ਹੈ। ਛੁੱਟੀਆਂ ਦੌਰਾਨ ਕੰਮ ਬੰਦ ਰਹਿਣ ਕਾਰਨ ਸਟਾਕ ਦੀ ਪੂਰਤੀ ਨਹੀਂ ਹੋ ਪਾ ਰਹੀ, ਜਿਸ ਕਾਰਨ ਇਹ ਸੰਕਟ ਹੋਰ ਗੰਭੀਰ ਰੂਪ ਧਾਰਨ ਕਰਦਾ ਜਾ ਰਿਹਾ ਹੈ।

ਪੈਟਰੋਲ ਪੰਪ ਡੀਲਰਾਂ ਮੁਤਾਬਕ ਜੇਕਰ ਪੰਜਾਬ ਸਰਕਾਰ ਨੇ ਇਸ ਮਾਮਲੇ ਵਿੱਚ ਤੁਰੰਤ ਦਖ਼ਲ ਦੇ ਕੇ ਤੇਲ ਕੰਪਨੀਆਂ ਅਤੇ ਡਿਪੂਆਂ ਨਾਲ ਗੱਲਬਾਤ ਨਾ ਕੀਤੀ, ਤਾਂ ਆਉਣ ਵਾਲੇ ਇੱਕ-ਦੋ ਦਿਨਾਂ ਵਿੱਚ ਆਮ ਜਨਤਾ, ਕਿਸਾਨਾਂ ਅਤੇ ਟ੍ਰਾਂਸਪੋਰਟਰਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਐਸੋਸੀਏਸ਼ਨ ਨੇ ਮੰਗ ਕੀਤੀ ਹੈ ਕਿ ਤੇਲ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਣ ਲਈ ਸਰਕਾਰ ਜਲਦ ਤੋਂ ਜਲਦ ਠੋਸ ਕਦਮ ਚੁੱਕੇ।


### ਉੱਤਰ ਰੇਲਵੇ

**ਖੁਲੀ ਟੈਂਡਰ ਸੂਚਨਾ ਨੰਬਰ TrU-T-03-2026-27**

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਕ.ਵਿ./ਉੱਤਰ ਰੇਲਵੇ, ਅੰਬਾਲਾ ਛਾਵਣੀ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੇ ਕੰਮਾਂ ਦੇ ਲਈ ਈ-ਟੈਂਡਰਿੰਗ ਦੇ ਦੁਵਰਾ ਤੋਂ ਟੈਂਡਰਾਂ ਮੰਗ ਕਰਦੇ ਹਨ। ਇਨ੍ਹਾਂ ਟੈਂਡਰਾਂ ਨੂੰ ਹਰੇਕ ਕੰਮ ਦੇ ਅੱਗੇ ਦਸੀ ਗਈ ਮਿਤੀ ਨੂੰ 15:00 ਵਜੇ ਤਕ www.ireps.gov.in ਉਤੇ ਅਪਲੋਡ ਕੀਤਾ ਜਾਂ ਸਕਦਾ ਹੈ। ਇਨ੍ਹਾਂ ਦੇ 15:00 ਵਜੇ ਦੇ ਉਪਰਾਂਤ ਤੁਰੰਤ ਖੋਲਿਆ ਜਾਵੇਗਾ।

| ਲ. ਨੰ: | ਟੈਂਡਰ ਨੰਬਰ | ਕੰਮ ਦਾ ਵੇਰਵਾ | ਲਗਭਗ ਲਾਗਤ | ਬਿਆਨਾ ਰਾਸ਼ੀ | ਟੈਂਡਰ ਫਾਰਮ ਦੀ ਕੀਮਤ |
|---|---|---|---|---|---|
| 1 | ETrU-T-03-2026-27 | ਏਡੀਈਈ/ਟੀਆਰਡੀ/ਬਠਿੰਡਾ ਦੇ ਅਧਿਕਾਰ ਖੇਤਰ ਅੰਤਰਗਤ ਅੰਬਾਲਾ ਮੰਡਲ ਦੇ UI-BTI-SGNR ਅਤੇ HSR-JHL-DUI-LDH ਸੈਕਸ਼ਨ ਵਿਚ ਬੈਰਿਯਰ ਬੂਮ ਟੁਟਨੇ ਤੋਂ ਹੋਣ ਵਾਲੀ OHE ਵਿਫਲਤਾਵਾਂ ਦੀ ਰੋਕਥਾਮ ਲਈ ਸਮਪਾਰ ਫਾਟਕਾਂ ਉਤੇ ਅਤਿਰਿਕਤ ਵਾਯਰ ਵਿਵਸਥਾ ਪ੍ਰਾਵਧਾਨ ਲਈ ਕੰਮ। | ₹ 3,06,63,917.01/- | ₹ 6,13,300/- | Downloading throught IREPS portal- NIL, (₹ 10,000/- Sr.DEE/TRD/UMB ਆਫਿਸ ਤੋਂ ਹਾਰਡ ਕਾਪੀ ਦੇ ਲਈ) |
| ਟੈਂਡਰ ਬੰਦ/ਖੁਲਣ ਦੀ ਮਿਤੀ | | 11.06.2026 | ਕੰਮ ਪੂਰਾ ਕਰਨ ਦਾ ਸਮਾਂ: 08 ਮਹੀਨੇ | ਵੈਧਤਾ ਸਮਾਂ | 60 ਦਿਨ |

1. ਟੈਂਡਰਕਾਰ ਨੂੰ ਸਾਰੇ ਜ਼ਰੂਰੀ ਦਸਤਾਵੇਜ ਅਤੇ PAN/GSTIN ਦੀ Scanned Copies IREPS ਪੋਰਟਲ ਉਤੇ ਅਪਲੋਡ ਕਰਨੀ ਹੈ। 2. ਟੈਂਡਰਕਾਰ ਦੇ ਕੋਲ ਈ-ਟੈਂਡਰ ਵਿਚ ਭਾਗ ਲੈਣ ਦੇ ਲਈ ਕਲਾਸ-III Digital Signature Certificate ਹੋਣੀ ਚਾਹੀਦੀ। 3. ਕੰਮ ਵਿਚ GST, BOCWW, Income Tax ਅਤੇ ਨਿਯਮਾਨੁਸਾਰ ਜ਼ਰੂਰੀ ਟੈਕਸ ਲਾਗੂ ਹੋਣਗੇ। 4. ਕੰਮ ਨੂੰ ਸਿਮੀਲਰ ਨੇਚਰ ਕੰਡੀਸ਼ਨਰ ਲਾਗੂ ਹੈ ਅਤੇ ਇਸ ਪ੍ਰਕਾਰ ਹੈ : "Design, supply, erection, testing & commissioning of 50Hz, single phase 25 KV AC OHE" 5. ਟੈਂਡਰ ਡਾਕਯੂਮੈਂਟ ਅਤੇ ਟੈਂਡਰ ਸੂਚਨਾ ਦੀ ਪੂਰੀ ਜਾਣਕਾਰੀ ਦੇ ਲਈ ਰੇਲਵੇ ਵੇਬਸਾਈਟ www.ireps.gov.in ਉਤੇ ਜਾਉ।

ਨੰ: ETrU-T-03-2026-27 ਮਿਤੀ : 20.05.2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 1692/26



**ਚੜ੍ਹਦੀਕਲਾ**

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi

PRGI (RNI) Regd. No. 22972/1972

## ਸੰਪਾਦਕੀ

### ਕੀ ਅਸੀਂ ਅਗਲੀ ਮਹਾਂਮਾਰੀ ਦਾ ਸਾਹਮਣਾ ਕਰਨ ਲਈ ਤਿਆਰ ਹਾਂ?

ਕਰੋਨਾ ਕਾਲ ਦੀ ਭਿਆਨਕ ਤਰਾਸਦੀ ਤੋਂ ਬਾਅਦ ਇਹ ਉਮੀਦ ਕੀਤੀ ਜਾ ਰਹੀ ਸੀ ਕਿ ਵਿਸ਼ਵ ਭਾਈਚਾਰਾ ਸਿਹਤ ਪ੍ਰਣਾਲੀਆਂ ਨੂੰ ਮਜ਼ਬੂਤ ਕਰਨ ਅਤੇ ਭਵਿੱਖ ਦੇ ਖ਼ਤਰਿਆਂ ਨਾਲ ਨਜਿੱਠਣ ਲਈ ਇੱਕਜੁੱਟ ਹੋਵੇਗਾ। ਪਰ ਹਾਲ ਹੀ ਵਿੱਚ ਯੂਗਾਂਡਾ ਅਤੇ ਕਾਂਗੋ (DRC) ਵਿੱਚ ਫੈਲੇ 'ਇਬੋਲਾ' (Ebola) ਦੇ ਨਵੇਂ ਪ੍ਰਕੋਪ ਨੇ ਦੁਨੀਆ ਦੀਆਂ ਤਿਆਰੀਆਂ ਦੀ ਪੋਲ ਖੋਲ੍ਹ ਦਿੱਤੀ ਹੈ। ਵਿਸ਼ਵ ਸਿਹਤ ਸੰਗਠਨ (WHO) ਵੱਲੋਂ ਇਸ ਨੂੰ ਇੱਕ ਅੰਤਰਰਾਸ਼ਟਰੀ ਚਿੰਤਾ ਦੀ ਜਨਤਕ ਸਿਹਤ ਐਮਰਜੈਂਸੀ ਘੋਸ਼ਿਤ ਕਰਨਾ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਮਨੁੱਖਤਾ ਸਿਰ 'ਤੇ ਮੰਡਰਾ ਰਹੇ ਇੱਕ ਹੋਰ ਵੱਡੇ ਸੰਕਟ ਤੋਂ ਅਣਜਾਣ ਬੈਠੀ ਹੈ। ਇਸ ਨਵੇਂ ਸੰਕਟ ਦੀ ਸਭ ਤੋਂ ਚਿੰਤਾਜਨਕ ਗੱਲ ਇਹ ਹੈ ਕਿ ਇਹ ਇਬੋਲਾ ਦੇ 'ਬੁੰਡੀਬੁਗਿਓ' (Bundibugyo) ਰੂਪ ਨਾਲ ਸਬੰਧਤ ਹੈ, ਜਿਸ ਲਈ ਫਿਲਹਾਲ ਕੋਈ ਪ੍ਰਭਾਵਸ਼ਾਲੀ ਵੈਕਸੀਨ ਜਾਂ ਪੁਖਤਾ ਇਲਾਜ ਉਪਲਬਧ ਨਹੀਂ ਹੈ। ਇਸ ਤੋਂ ਵੀ ਵੱਧ ਅਫ਼ਸੋਸਨਾਕ ਪਹਿਲੂ ਇਹ ਹੈ ਕਿ ਜਦੋਂ ਵਿਸ਼ਵ ਸਿਹਤ ਸੰਗਠਨ ਨੂੰ ਸਭ ਤੋਂ ਵੱਧ ਵਿੱਤੀ ਸਹਾਇਤਾ ਦੀ ਲੋੜ ਸੀ, ਉਦੋਂ ਅਮਰੀਕਾ ਵਰਗੇ ਵੱਡੇ ਦੇਸ਼ਾਂ ਦੇ ਪਿੱਛੇ ਹਟਣ ਅਤੇ ਜਰਮਨੀ, ਫਰਾਂਸ ਤੇ ਬ੍ਰਿਟੇਨ ਵਰਗੇ ਅਮੀਰ ਮੁਲਕਾਂ ਵੱਲੋਂ ਫੰਡਾਂ ਵਿੱਚ ਕਟੌਤੀ ਕਰਨ ਕਾਰਨ ਸੰਗਠਨ ਦਾ ਬਜਟ ਲਗਭਗ 8 ਫੀਸਦੀ ਘਟਾਉਣਾ ਪਿਆ ਹੈ। ਫੰਡਾਂ ਦੀ ਇਸ ਕਮੀ ਨੇ ਯੁੱਧ ਪ੍ਰਭਾਵਿਤ ਅਤੇ ਗਰੀਬ ਖੇਤਰਾਂ ਵਿੱਚ ਬਿਮਾਰੀਆਂ ਦੀ ਨਿਗਰਾਨੀ ਕਰਨ ਵਾਲੇ ਸਿਸਟਮ ਨੂੰ ਬੁਰੀ ਤਰ੍ਹਾਂ ਕਮਜ਼ੋਰ ਕਰ ਦਿੱਤਾ ਹੈ। ਕੋਵਿਡ-19 ਦੇ ਦੌਰਾਨ ਦੇਖੀ ਗਈ ਵੈਕਸੀਨ ਦੀ ਅਸਮਾਨਤਾ ਅਤੇ ਰਾਸ਼ਟਰਵਾਦ ਨੇ ਵਿਕਾਸਸ਼ੀਲ ਅਤੇ ਗਰੀਬ ਦੇਸ਼ਾਂ ਦੇ ਮਨਾਂ ਵਿੱਚ ਪਹਿਲਾਂ ਹੀ ਇੱਕ ਅਵਿਸ਼ਵਾਸ ਪੈਦਾ ਕਰ ਦਿੱਤਾ ਸੀ। ਹਾਲਾਂਕਿ ਪਿਛਲੇ ਸਾਲ ਇੱਕ 'ਗਲੋਬਲ ਪੈਂਡੇਮਿਕ ਟਰੀਟੀ' (ਵਿਸ਼ਵ ਮਹਾਂਮਾਰੀ ਸੰਧੀ) ਰਾਹੀਂ ਉਮੀਦ ਦੀ ਕਿਰਨ ਜਾਗੀ ਸੀ, ਪਰ ਅਮੀਰ ਦੇਸ਼ਾਂ ਵੱਲੋਂ ਮੈਡੀਕਲ ਤਕਨਾਲੋਜੀ ਅਤੇ ਸਰੋਤਾਂ ਨੂੰ ਸਾਂਝਾ ਕਰਨ ਦੀਆਂ ਲਾਜ਼ਮੀ ਸ਼ਰਤਾਂ ਤੋਂ ਪਿੱਛੇ ਹਟਣ ਕਾਰਨ ਇਹ ਸੰਧੀ ਲਾਗੂ ਹੋਣ ਤੋਂ ਪਹਿਲਾਂ ਹੀ ਦਬਾਅ ਹੇਠ ਆ ਗਈ ਹੈ। ਇਹ ਸੱਚ ਹੈ ਕਿ ਪਿਛਲੇ ਕੁਝ ਸਾਲਾਂ ਵਿੱਚ ਐਮ.ਆਰ.ਐਨ.ਏ. (mRNA) ਵਰਗੀਆਂ ਨਵੀਆਂ ਵੈਕਸੀਨ ਤਕਨੀਕਾਂ ਕਾਰਨ ਨਵੀਆਂ ਦਵਾਈਆਂ ਤੇ ਟੀਕੇ ਤੇਜ਼ੀ ਨਾਲ ਬਣਾਉਣ ਦੀ ਸਮਰੱਥਾ ਵਧੀ ਹੈ। ਪਰ ਸਿਰਫ਼ ਤਕਨਾਲੋਜੀ ਦਾ ਹੋਣਾ ਹੀ ਕਾਫ਼ੀ ਨਹੀਂ ਹੈ ਜਦੋਂ ਤੱਕ ਉਸ ਦੀ ਪਹੁੰਚ ਦੁਨੀਆ ਦੇ ਆਖਰੀ ਇਨਸਾਨ ਤੱਕ ਨਾ ਹੋਵੇ। ਜਿਵੇਂ ਕਿ 'ਗਲੋਬਲ ਪ੍ਰਿਪੇਅਰਡਨੈਸ ਮੋਨੀਟਰਿੰਗ ਬੋਰਡ' ਨੇ ਵੀ ਚੇਤਾਵਨੀ ਦਿੱਤੀ ਹੈ ਕਿ ਦੁਨੀਆ ਅਗਲੀ ਮਹਾਂਮਾਰੀ ਨਾਲ ਲੜਨ ਲਈ ਬਿਲਕੁਲ ਤਿਆਰ ਨਹੀਂ ਹੈ। ਇਬੋਲਾ ਦਾ ਇਹ ਮੌਜੂਦਾ ਪ੍ਰਕੋਪ ਵਿਸ਼ਵ ਦੇ ਨੇਤਾਵਾਂ ਲਈ ਇੱਕ ਆਖਰੀ ਚੇਤਾਵਨੀ ਹੈ। ਜੇਕਰ ਅਸੀਂ ਆਉਣ ਵਾਲੀਆਂ ਨਸਲਾਂ ਨੂੰ ਬਚਾਉਣਾ ਹੈ, ਤਾਂ ਸਿਆਸੀ ਮਤਭੇਦਾਂ ਅਤੇ ਮੁਨਾਫਾਖੋਰੀ ਨੂੰ ਪਾਸੇ ਰੱਖ ਕੇ ਸਿਹਤ ਸੰਭਾਲ, ਵਿਗਿਆਨਕ ਸਹਿਯੋਗ ਅਤੇ ਅੰਤਰਰਾਸ਼ਟਰੀ ਸਾਂਝੇਦਾਰੀ ਵਿੱਚ ਨਿਰੰਤਰ ਨਿਵੇਸ਼ ਕਰਨਾ ਪਵੇਗਾ। ਮਹਾਂਮਾਰੀਆਂ ਦੇ ਦੌਰ ਵਿੱਚ ਕੋਈ ਵੀ ਉਦੋਂ ਤੱਕ ਸੁਰੱਖਿਅਤ ਨਹੀਂ ਹੈ, ਜਦੋਂ ਤੱਕ ਸਭ ਸੁਰੱਖਿਅਤ ਨਹੀਂ ਹਨ।

-ਜਗਜੀਤ ਸਿੰਘ ਦਰਦੀ

## ਕੀ ਅੱਜ ਇਹ ਲੋਕਤੰਤਰ ਦੀ ਮਰਿਯਾਦਾ ਜਾਂ ਸਿਆਸੀ ਜੰਗ ਹੈ?

# ਰਾਹੁਲ ਗਾਂਧੀ ਦੇ ਬਿਆਨ, ਸੱਤਾ-ਵਿਰੋਧ ਪਰ ਦੇਸ਼ਧ੍ਰੋਹ ਜਾਂ ਗੱਦਾਰੀ ਵਰਗੇ ਸ਼ਬਦ ਬਹੁਤ ਗੰਭੀਰ

### ਇਹ ਭਾਰਤੀ ਰਾਜਨੀਤੀ ਦਾ ਖ਼ਤਰਨਾਕ ਮੋੜ ਹੈ, ਇਹੋ ਜਿਹੇ ਰਾਜਨੀਤਿਕ ਬਿਆਨ ਜੋ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਗੱਦਾਰ ਕਹਿੰਦੇ ਹਨ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਲੋਕਤੰਤਰ ਵਿੱਚ ਸਰਕਾਰ ਦੀ ਤਿੱਖੀ ਆਲੋਚਨਾ ਹੋ ਸਕਦੀ ਹੈ, ਪਰ ਦੇਸ਼ਧ੍ਰੋਹ ਜਾਂ ਗਦਾਰੀ ਵਰਗੇ ਸ਼ਬਦ ਬਹੁਤ ਗੰਭੀਰ ਹੁੰਦੇ ਹਨ । ਕੱਲ੍ਹ ਰਾਹੁਲ ਗਾਂਧੀ ਦਾ ਬਿਆਨ ਸਿਰਫ਼ ਇੱਕ ਰਾਜਨੀਤਿਕ ਟਿੱਪਣੀ ਨਹੀਂ ਹੈ ਇਹ ਭਾਰਤੀ ਰਾਜਨੀਤੀ ਦੇ ਮੌਜੂਦਾ ਤਾਪਮਾਨ ਦੀ ਨਿਸ਼ਾਨੀ ਹੈ। ਅੱਜ ਭਾਰਤ ਦਾ ਲੋਕਤੰਤਰ ਸਿਰਫ਼ ਚੋਣਾਂ ਦਾ ਨਾਮ ਨਹੀਂ ਹੈ । ਇਹ ਮਰਿਆਦਾ, ਸੰਵਾਦ, ਸੰਸਦੀ ਪਰੰਪਰਾਵਾਂ ਅਤੇ ਰਾਜਨੀਤਿਕ ਸੰਤੁਲਨ ਦਾ ਵੀ ਨਾਮ ਹੈ ਪਰ ਪਿਛਲੇ ਕੁਝ ਸਾਲਾਂ ਵਿੱਚ ਦੇਸ਼ ਦੀ ਰਾਜਨੀਤੀ ਜਿਸ ਤਰ੍ਹਾਂ ਦੇ ਟਕਰਾਅ ਅਤੇ ਕੜਵੇ ਬਿਆਨਾਂ ਵੱਲ ਵਧੀ ਹੈ, ਉਸ ਨੇ ਲੋਕਤੰਤਰ ਦੀ ਆਤਮਾ ਨੂੰ ਹੀ ਚੁਣੌਤੀ ਦੇ ਦਿੱਤੀ ਹੈ। ਅੱਜ ਜਦੋਂ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਆਰ ਐਸ ਐਸ ਨੂੰ ਗਦਾਰ ਕਹਿ ਕੇ ਸੰਬੋਧਤ ਕੀਤਾ, ਤਾਂ ਇਹ ਸਿਰਫ਼ ਇੱਕ ਰਾਜਨੀਤਿਕ ਟਿੱਪਣੀ ਨਹੀਂ ਰਹੀ ਇਹ ਭਾਰਤੀ ਰਾਜਨੀਤਿਕ ਸੰਸਕਾਰ ਦੇ ਡਿੱਗਦੇ ਪੱਧਰ ਦੀ ਇੱਕ ਵੱਡੀ ਚੇਤਾਵਨੀ ਬਣ ਗਈ। ਅੱਜ ਇਹ ਸੱਚ ਹੈ ਕਿ ਲੋਕਤੰਤਰ ਵਿੱਚ ਵਿਰੋਧ ਦਾ ਹੱਕ ਸਭ ਤੋਂ ਵੱਡੀ ਤਾਕਤ ਹੁੰਦੀ ਹੈ। ਸਰਕਾਰ ਨੂੰ ਸਵਾਲ ਪੁੱਛਣਾ, ਉਸ ਦੀਆਂ ਨੀਤੀਆਂ ਦੀ ਆਲੋਚਨਾ ਕਰਨਾ ਅਤੇ ਲੋਕਾਂ ਦੇ ਹੱਕ ਵਿੱਚ ਆਵਾਜ਼ ਉਠਾਉਣਾ ਵਿਰੋਧੀ ਧਿਰ ਦੀ ਸੰਵਿਧਾਨਕ ਜ਼ਿੰਮੇਵਾਰੀ ਹੈ। ਪਰ ਜਦੋਂ ਭਾਸ਼ਾ ਵਿੱਚ ਸੰਤੁਲਨ ਖ਼ਤਮ ਹੋ ਜਾਵੇ ਅਤੇ ਸੰਵਾਦ ਦੀ ਥਾਂ ਵਿਅਕਤੀਗਤ ਹਮਲੇ ਲੈ ਲੈਣ, ਤਾਂ ਫਿਰ ਲੋਕਤੰਤਰ ਟਕਰਾਅ ਦਾ ਮੈਦਾਨ ਬਣ ਜਾਂਦਾ ਹੈ। ਅੱਜ ਦੇ ਭਾਰਤ ਵਿੱਚ ਇਹੀ ਹੋ ਰਿਹਾ ਹੈ। ਅੱਜ ਭਾਰਤੀ ਰਾਜਨੀਤੀ ਵਿੱਚ ਭਾਸ਼ਾ ਦਾ ਪਤਨ ਹੋ ਗਿਆ ਹੈ। ਇੱਕ ਸਮਾਂ ਸੀ ਜਦੋਂ ਸੰਸਦ ਵਿੱਚ ਵੱਡੇ-ਵੱਡੇ ਵਿਚਾਰਧਾਰਕ ਟਕਰਾਅ ਹੁੰਦੇ ਸਨ, ਪਰ ਭਾਸ਼ਾ ਦੀ ਮਰਿਆਦਾ ਨਹੀਂ ਟੁੱਟਦੀ ਸੀ । ਅੱਟਲ ਬਿਹਾਰੀ ਵਾਜਪਾਈ ਅਤੇ ਮਨਮੋਹਨ ਸਿੰਘ ਇਕ ਦੂਜੇ ਦੀਆਂ ਨੀਤੀਆਂ ਦੀ ਕਰੜੀ ਆਲੋਚਨਾ ਕਰਦੇ ਸਨ, ਪਰ ਨਿੱਜੀ ਇੱਜ਼ਤ ਕਾਇਮ ਰਹਿੰਦੀ ਸੀ। ਅੱਜ ਦਾ ਦੌਰ ਵੱਖਰਾ ਹੈ। ਚੌਕੀਦਾਰ ਚੋਰ ਹੈ, ਪੱਪੂ, ਤਾਨਾਸ਼ਾਹ, ਗਦਾਰ, ਫਾਸ਼ੀਵਾਦੀ, ਦੇਸ਼ ਵੇਚਣ ਵਾਲੇ ਵਰਗੇ ਸ਼ਬਦ ਹੁਣ ਆਮ ਰਾਜਨੀਤਿਕ ਹਥਿਆਰ ਬਣ ਚੁੱਕੇ ਹਨ। ਅੱਜ ਇਹ ਭਾਸ਼ਾ ਸਿਰਫ਼ ਨੇਤਾਵਾਂ ਤੱਕ ਸੀਮਿਤ ਨਹੀਂ ਰਹਿੰਦੀ। ਇਸਦਾ ਪ੍ਰਭਾਵ ਸਿੱਧਾ ਜਨਤਾ ਅਤੇ ਸੋਸ਼ਲ ਮੀਡੀਆ 'ਤੇ ਪੈਂਦਾ ਹੈ। ਦੇਸ਼ ਦੋ ਧੜਿਆਂ ਵਿੱਚ ਵੰਡਿਆ ਜਾ ਰਿਹਾ ਹੈ। ਇੱਕ ਧੜਾ ਹਰ ਗੱਲ ਵਿੱਚ ਸਰਕਾਰ ਨੂੰ ਦੇਸ਼ਭਗਤ ਦਿਖਾਉਂਦਾ ਹੈ, ਦੂਜਾ ਹਰ ਫ਼ੈਸਲੇ ਨੂੰ ਦੇਸ਼ ਵਿਰੋਧੀ ਕਹਿੰਦਾ ਹੈ। ਇਸ ਵਿਚਕਾਰ ਤੱਥ, ਤਰਕ ਅਤੇ ਸੰਵਾਦ ਗੁੰਮ ਹੋ ਰਹੇ ਹਨ।

ਕੀ ਰਾਹੁਲ ਗਾਂਧੀ ਸੱਚਮੁੱਚ ਖਤਰੇ ਦੀ ਗੱਲ ਕਰ ਰਹੇ ਹਨ ? ਅੱਜ ਇਹ ਵੀ ਸਮਝਣਾ ਜ਼ਰੂਰੀ ਹੈ ਕਿ ਵਿਰੋਧੀ ਧਿਰ ਦੇ ਨੇਤਾ ਵਜੋਂ ਰਾਹੁਲ ਗਾਂਧੀ ਦੀ ਰਾਜਨੀਤੀ ਦਾ ਕੇਂਦਰ ਪਿਛਲੇ ਕੁਝ ਸਾਲਾਂ ਤੋਂ ਲੋਕਤੰਤਰ ਬਚਾਓ ਅਤੇ ਸੰਵਿਧਾਨ ਖਤਰੇ ਵਿੱਚ ਹੈ, ਵਾਲਾ ਨੈਰੇਟਿਵ ਰਿਹਾ ਹੈ। ਉਹ ਲਗਾਤਾਰ ਇਹ ਦਾਅਵਾ ਕਰਦੇ ਆਏ ਹਨ ਕਿ ਕੇਂਦਰ ਸਰਕਾਰ ਸੰਸਥਾਵਾਂ ਨੂੰ ਕਮਜ਼ੋਰ ਕਰ ਰਹੀ ਹੈ, ਜਾਂਚ ਏਜੰਸੀਆਂ ਦਾ ਰਾਜਨੀਤਿਕ ਇਸਤੇਮਾਲ ਕਰ ਰਹੀ ਹੈ ਅਤੇ ਵਿਰੋਧ ਦੀ ਆਵਾਜ਼ ਨੂੰ ਦਬਾਇਆ ਜਾ ਰਿਹਾ ਹੈ। ਅੱਜ ਉਨ੍ਹਾਂ ਦੇ ਦਾਅਵਿਆਂ ਦੇ ਪਿੱਛੇ ਕੁਝ ਘਟਨਾਵਾਂ ਨੂੰ ਉਹ ਅਕਸਰ ਉਦਾਹਰਨ ਵਜੋਂ ਪੇਸ਼ ਕਰਦੇ ਹਨ । ਵਿਰੋਧੀ ਨੇਤਾਵਾਂ ਖਿਲਾਫ਼ 54 ਅਤੇ 329 ਦੀ ਕਾਰਵਾਈ ਅਤੇ ਸੰਸਦ ਵਿੱਚ ਸਸਪੈਂਸ਼ਨ ਦੇ ਮਾਮਲੇ 'ਤੇ ਮੀਡੀਆ ਉੱਤੇ ਦਬਾਅ ਦੇ ਦੋਸ਼ ਆਦਿ।

ਅੱਜ ਦੂਜੇ ਪਾਸੇ ਭਾਰਤੀ ਜਨਤਾ ਪਾਰਟੀ ਇਹ ਕਹਿੰਦੀ ਹੈ ਕਿ ਇਹ ਸਾਰਾ ਰਾਜਨੀਤਿਕ ਡਰਾਮਾ ਹੈ। ਉਹ ਦਲੀਲ ਦਿੰਦੀ ਹੈ ਕਿ ਜੇ ਦੇਸ਼ ਵਿੱਚ ਲੋਕਤੰਤਰ ਖਤਮ ਹੋ ਰਿਹਾ ਹੁੰਦਾ, ਤਾਂ ਵਿਰੋਧੀ ਧਿਰ ਇੰਨੀ ਆਜ਼ਾਦੀ ਨਾਲ ਸਰਕਾਰ ਉੱਤੇ ਹਮਲੇ ਨਾ ਕਰ ਸਕਦੀ। ਭਾਜਪਾ ਇਹ ਵੀ ਕਹਿੰਦੀ ਹੈ ਕਿ ਰਾਹੁਲ ਗਾਂਧੀ ਆਪਣੀ ਕਮਜ਼ੋਰ ਰਾਜਨੀਤਿਕ ਜ਼ਮੀਨ ਨੂੰ ਮਜ਼ਬੂਤ ਕਰਨ ਲਈ ਭਾਵਨਾਤਮਕ ਅਤੇ ਅਤਿਵਾਦੀ ਭਾਸ਼ਾ ਵਰਤ ਰਹੇ ਹਨ। ਹੁਣ ਇੱਥੇ ਸਵਾਲ ਖੜ੍ਹਦਾ ਹੈ ਕੀ ਇਹ ਸੱਚਮੁੱਚ ਲੋਕਤੰਤਰ ਦੀ ਲੜਾਈ ਹੈ ਜਾਂ ਸਿਰਫ਼ ਰਾਜਨੀਤਿਕ ਮੋਬਿਲਾਈਜ਼ੇਸ਼ਨ ? ਅੱਜ ਸੱਚ ਸ਼ਾਇਦ ਦੋਹਾਂ ਦੇ ਵਿਚਕਾਰ ਹੈ। ਪ੍ਰਧਾਨ ਮੰਤਰੀ ਦਾ ਪਦ ਅਤੇ ਉਸਦੀ ਮਰਿਆਦਾ ਨੂੰ ਕਾਇਮ ਰੱਖਿਆ ਜਾਵੇ। ਅੱਜ ਭਾਰਤ ਦਾ ਪ੍ਰਧਾਨ ਮੰਤਰੀ ਸਿਰਫ਼ ਇੱਕ ਪਾਰਟੀ ਦਾ ਨੇਤਾ ਨਹੀਂ ਹੁੰਦਾ। ਉਹ ਦੇਸ਼ ਦੀ ਕਾਰਜਕਾਰੀ ਤਾਕਤ ਦਾ ਪ੍ਰਤੀਕ ਹੁੰਦਾ ਹੈ। ਉਸਦੇ ਪਦ ਦੀ ਆਪਣੀ ਸੰਵਿਧਾਨਕ ਮਰਿਆਦਾ ਹੁੰਦੀ ਹੈ। ਇਸ ਲਈ ਜਦੋਂ ਵਿਰੋਧੀ ਧਿਰ ਦਾ ਨੇਤਾ ਸਿੱਧੇ ਤੌਰ 'ਤੇ ਗਦਾਰ ਵਰਗਾ ਸ਼ਬਦ ਵਰਤਦਾ ਹੈ, ਤਾਂ ਇਹ ਸਿਰਫ਼ ਵਿਅਕਤੀ ਉੱਤੇ ਹਮਲਾ ਨਹੀਂ ਰਹਿੰਦਾ; ਇਹ ਰਾਜਨੀਤਿਕ ਸੰਸਕਾਰ ਦੇ ਪੱਧਰ ਬਾਰੇ ਵੀ ਸਵਾਲ ਖੜ੍ਹਾ ਕਰਦਾ ਹੈ। ਅੱਜ ਲੋਕਤੰਤਰ ਵਿੱਚ ਤਿੱਖੀ ਆਲੋਚਨਾ ਹੋ ਸਕਦੀ ਹੈ, ਪਰ ਦੇਸ਼ਧ੍ਰੋਹ ਜਾਂ ਗਦਾਰੀ ਵਰਗੇ ਸ਼ਬਦ ਬਹੁਤ ਗੰਭੀਰ ਹੁੰਦੇ ਹਨ। ਇਹ ਸ਼ਬਦ ਰਾਜਨੀਤਿਕ ਗਰਮੀ ਵਧਾਉਂਦੇ ਹਨ ਅਤੇ ਸਮਾਜ ਵਿੱਚ ਘ੍ਰਿਣਾ ਨੂੰ ਜਨਮ ਦਿੰਦੇ ਹਨ। ਜੇ ਅੱਜ ਪ੍ਰਧਾਨ ਮੰਤਰੀ ਲਈ ਇਹ ਭਾਸ਼ਾ ਵਰਤੀ ਜਾ ਸਕਦੀ ਹੈ, ਤਾਂ ਕੱਲ੍ਹ ਕੋਈ ਮੁੱਖ ਮੰਤਰੀ, ਜੱਜ, ਫੌਜ ਜਾਂ ਸੰਵਿਧਾਨਕ ਸੰਸਥਾ ਵੀ ਇਸੇ ਰਾਜਨੀਤਿਕ ਹਮਲੇ ਦਾ ਨਿਸ਼ਾਨਾ ਬਣ ਸਕਦੀ ਹੈ। ਫਿਰ ਲੋਕਤੰਤਰ ਵਿਚਾਰਾਂ ਦੀ ਲੜਾਈ ਨਹੀਂ, ਗਾਲੀ-ਗਲੌਚ ਦੀ ਜੰਗ ਬਣ ਜਾਵੇਗਾ। ਅੱਜ ਭਾਜਪਾ ਅਤੇ ਕਾਂਗਰਸ ਹੁਣ ਸਿਰਫ਼ ਰਾਜਨੀਤਿਕ ਮੁਕਾਬਲਾ ਨਹੀਂ ਹੈ। ਅੱਜ ਦੀ ਰਾਜਨੀਤੀ ਵਿੱਚ ਭਾਜਪਾ ਅਤੇ ਕਾਂਗਰਸ ਵਿਚਕਾਰ ਟਕਰਾਅ ਵਿਚਾਰਧਾਰਕ ਤੋਂ ਵੱਧ ਮਨੋਵਿਗਿਆਨਕ ਅਤੇ ਸਿੱਧਾ ਹੋ ਗਿਆ ਹੈ। ਅੱਜ ਭਾਜਪਾ ਦਾ ਨੈਰੇਟਿਵ ਭਾਰਤੀ ਜਨਤਾ ਪਾਰਟੀ ਆਪਣੇ ਆਪ ਨੂੰ ਰਾਸ਼ਟਰਵਾਦ, ਵਿਕਾਸ, ਮਜ਼ਬੂਤ ਨੇਤ੍ਰਿਤਵ ਅਤੇ ਨਵੀਂ ਭਾਰਤੀ ਪਹਿਚਾਣ ਦੇ ਰੂਪ ਵਿੱਚ ਪੇਸ਼ ਕਰਦੀ ਹੈ। ਉਹ ਕਹਿੰਦੀ ਹੈ ਕਿ ਭਾਰਤ ਦੁਨੀਆ ਦੀ ਪੰਜਵੀਂ ਸਭ ਤੋਂ ਵੱਡੀ ਅਰਥ ਵਿਵਸਥਾ ਬਣਿਆ ਅਤੇ ਡਿਜ਼ੀਟਲ ਇੰਡੀਆ ਅਤੇ ਬੁਨਿਆਦੀ ਢਾਂਚੇ ਵਿੱਚ ਵੱਡੇ ਬਦਲਾਅ ਆਏ ਹਨ।

ਆਰਟੀਕਲ 370 ਹਟਾਇਆ ਗਿਆ। ਰਾਮ ਮੰਦਰ ਬਣਿਆ 720 ਵਰਗੇ ਮੰਚਾਂ 'ਤੇ ਭਾਰਤ ਦੀ ਸਥਿਤੀ ਮਜ਼ਬੂਤ ਹੋਈ ਹੈ।

ਭਾਜਪਾ ਦਾ ਸਮਰਥਕ ਵਰਗ ਇਹ ਮੰਨਦਾ ਹੈ ਕਿ ਮੋਦੀ ਸਰਕਾਰ ਦੇਸ਼ ਨੂੰ ਇੱਕ ਨਵੇਂ ਵਿਸ਼ਵ ਪੱਧਰ 'ਤੇ ਲੈ ਕੇ ਗਈ ਹੈ।

ਉਧਰ ਕਾਂਗਰਸ ਦਾ ਨੈਰੇਟਿਵ ਹੈ ਕਿ ਕਾਂਗਰਸ ਇਸਦੇ ਉਲਟ ਕਹਿੰਦੀ ਹੈ ਕਿ ਬੇਰੁਜ਼ਗਾਰੀ ਵਧੀ ਹੈ। ਮਹਿੰਗਾਈ ਨੇ ਮੱਧ ਵਰਗ ਨੂੰ ਤੋੜਿਆ ਤੇ ਸਮਾਜਿਕ ਧਰੁਵੀਕਰਨ ਵਧਿਆ ਹੈ। ਸੰਸਥਾਵਾਂ ਦੀ ਆਜ਼ਾਦੀ ਘਟੀ ਤੇ ਵਿਰੋਧ ਦੀ ਆਵਾਜ਼ ਨੂੰ ਦਬਾਇਆ ਗਿਆ ਹੈ। ਇਸ ਕਰਕੇ ਕਾਂਗਰਸ ਦੀ ਰਾਜਨੀਤੀ ਹੁਣ ਭਾਜਪਾ ਵਿਰੋਧ 'ਤੇ ਕੇਂਦਰਿਤ ਹੋ ਗਈ ਹੈ। ਅੱਜ ਰਾਹੁਲ ਗਾਂਧੀ ਦੀ ਭਾਸ਼ਾ ਭਾਸ਼ਾਈ ਟਕਰਾਅ ਦੇ ਖਤਰੇ ਵਿਚ ਹੈ। ਰਾਜਨੀਤੀ ਵਿੱਚ ਜਦੋਂ ਭਾਸ਼ਾ ਹਿੰਸਕ ਹੋ ਜਾਂਦੀ ਹੈ, ਤਾਂ ਸਮਾਜ ਵੀ ਹੌਲੀ-ਹੌਲੀ ਹਿੰਸਕ ਮਨੋਵਿਗਿਆਨ ਵੱਲ ਵਧਦਾ ਹੈ। ਸੋਸ਼ਲ ਮੀਡੀਆ ਨੇ ਇਸ ਅੱਗ ਨੂੰ ਹੋਰ ਭੜਕਾਇਆ ਹੈ।ਅੱਜ ਟਵਿੱਟਰ/✓ 'ਤੇ ਟ੍ਰੋਲ ਆਰਮੀ, ਯੂਟਿਊਬ 'ਤੇ ਜ਼ਹਿਰੀਲੇ ਡਿਬੇਟ,ਵਟਸਐਪ ਪ੍ਰਚਾਰ ਫੇਕ ਨਿਊਜ਼ ਤੇ ਧਾਰਮਿਕ ਅਤੇ ਰਾਜਨੀਤਿਕ ਧਰੁਵੀਕਰਨ ਹੈ। ਅੱਜ ਇਹ ਸਾਰਾ ਇੱਕ ਨਵੇਂ ਡਿਜ਼ੀਟਲ ਸਿਵਲ ਵਾਰ ਦੀ ਤਸਵੀਰ ਪੈਦਾ ਕਰਦਾ ਹੈ।

ਅੱਜ ਭਾਰਤ ਵਿੱਚ ਲਗਭਗ 95 ਕਰੋੜ ਇੰਟਰਨੈਟ ਯੂਜ਼ਰ ਹਨ ਅਤੇ 45 ਕਰੋੜ ਤੋਂ ਵੱਧ ਲੋਕ ਵਟਸਐਪ ਵਰਤਦੇ ਹਨ। ਜਦੋਂ ਵੱਡੇ ਨੇਤਾ ਅਤਿਵਾਦੀ ਭਾਸ਼ਾ ਵਰਤਦੇ ਹਨ, ਤਾਂ ਉਸਦਾ ਪ੍ਰਭਾਵ ਲੱਖਾਂ ਲੋਕਾਂ ਦੀ ਸੋਚ 'ਤੇ ਪੈਂਦਾ ਹੈ। ਅੱਜ ਸਵਾਲ ਇਹ ਹੈ ਕਿ ਆਉਣ ਵਾਲੇ ਸਮੇਂ ਦੀ ਰਾਜਨੀਤੀ ਕਿਹੋ ਜਿਹੀ ਹੋ ਸਕਦੀ ਹੈ ? ਭਾਰਤ ਦੀ ਰਾਜਨੀਤੀ ਹੁਣ ਸਹਿਮਤੀ ਦੀ ਰਾਜਨੀਤੀ ਤੋਂ ਸਥਾਈ ਟਕਰਾਅ ਦੀ ਰਾਜਨੀਤੀ ਵੱਲ ਵਧ ਰਹੀ ਹੈ।

ਹੁਣ ਸੰਸਦ ਵਿੱਚ ਹੋਰ ਟਕਰਾਅ 'ਤੇ ਆਉਣ ਵਾਲੇ ਸੈਸ਼ਨਾਂ ਵਿੱਚ ਹੰਗਾਮਾ, ਨਾਅਰੇਬਾਜ਼ੀ, ਵਾਕਆਊਟ ਅਤੇ ਸਸਪੈਂਸ਼ਨ ਵਧ ਸਕਦੇ ਹਨ। ਸੰਸਦੀ ਚਰਚਾ ਦੀ ਥਾਂ ਰਾਜਨੀਤਿਕ ਥੀਏਟਰ ਵਧੇਗਾ। ਜਾਂਚ ਏਜੰਸੀਆਂ ਹੋਰ ਕੇਂਦਰ ਵਿੱਚ 329, 54, 9 ਵਰਗੀਆਂ ਏਜੰਸੀਆਂ ਰਾਜਨੀਤਿਕ ਵਿਵਾਦਾਂ ਦੇ ਕੇਂਦਰ ਵਿੱਚ ਰਹਿਣਗੀਆਂ। ਵਿਰੋਧੀ ਧਿਰ ਇਸਨੂੰ 'ਰਾਜਨੀਤਿਕ ਬਦਲਾ ਕਹੇਗੀ, ਜਦਕਿ ਸਰਕਾਰ ਭ੍ਰਿਸ਼ਟਾਚਾਰ ਵਿਰੋਧੀ ਕਾਰਵਾਈ ਦੱਸੇਗੀ। ਅੱਜ ਸੋਸ਼ਲ ਮੀਡੀਆ ਦੀ ਜੰਗ ਵਿੱਚ 2029 ਦੀ ਰਾਜਨੀਤੀ ਟੀਵੀ ਤੋਂ ਵੱਧ ਮੋਬਾਈਲ ਫੋਨ 'ਤੇ ਲੜੀ ਜਾਵੇਗੀ। AI, ਡੀਪਫੇਕ, ਟਾਰਗੇਟਡ ਪ੍ਰਚਾਰ ਅਤੇ ਡਿਜ਼ੀਟਲ ਨੈਰੇਟਿਵ ਚੋਣਾਂ ਨੂੰ ਪ੍ਰਭਾਵਿਤ ਕਰਨਗੇ ਤੇ ਖੇਤਰੀ ਪਾਰਟੀਆਂ ਦੀ ਭੂਮਿਕਾ ਵਿਚ ਦੇਸ਼ ਵਿੱਚ ਖੇਤਰੀ ਪਾਰਟੀਆਂ ਕਿੰਗਮੇਕਰ ਦੀ ਭੂਮਿਕਾ ਵਿੱਚ ਆ ਸਕਦੀਆਂ ਹਨ। ਕਿਉਂਕਿ ਭਾਜਪਾ ਅਤੇ ਕਾਂਗਰਸ ਦਾ ਸਿੱਧਾ ਟਕਰਾਅ ਕਈ ਵਾਰ ਮੱਧ ਵਰਗ ਅਤੇ ਖੇਤਰੀ ਹਿੱਤਾਂ ਨੂੰ ਨਜ਼ਰਅੰਦਾਜ਼ ਕਰ ਦਿੰਦਾ ਹੈ। ਅੱਜ ਜੇ ਰਾਜਨੀਤਿਕ ਟਕਰਾਅ ਸੰਵਾਦ ਨੂੰ ਪੂਰੀ ਤਰ੍ਹਾਂ ਖਤਮ ਕਰ ਦੇਵੇ, ਤਾਂ ਦੇਸ਼ ਦੀ ਤਰੱਕੀ ਪ੍ਰਭਾਵਿਤ ਹੋ ਸਕਦੀ ਹੈ ਕਿਉਂਕਿ ਨਿਵੇਸ਼ਕ ਸਥਿਰਤਾ ਚਾਹੁੰਦੇ ਹਨ। ਉਦਯੋਗ ਨੂੰ ਨੀਤੀਗਤ ਭਰੋਸਾ ਚਾਹੀਦਾ ਹੈ ਤੇ ਸਮਾਜਿਕ ਧਰੁਵੀਕਰਨ ਆਰਥਿਕ ਵਾਤਾਵਰਣ ਨੂੰ ਪ੍ਰਭਾਵਿਤ ਕਰਦਾ ਹੈ। ਯੁਵਕਾਂ ਵਿੱਚ ਨਿਰਾਸ਼ਾ ਵਧਦੀ ਹੈ ਅੱਜ ਭਾਰਤ ਦੁਨੀਆ ਦੀ ਸਭ ਤੋਂ ਵੱਡੀ ਜਵਾਨ ਆਬਾਦੀ ਵਾਲਾ ਦੇਸ਼ ਹੈ। ਜੇ ਰਾਜਨੀਤੀ ਸਿਰਫ਼ ਘ੍ਰਿਣਾ ਅਤੇ ਟਕਰਾਅ ਤੱਕ ਸੀਮਿਤ ਰਹੀ, ਤਾਂ ਨੌਜਵਾਨ ਰੋਜ਼ਗਾਰ, ਸਿੱਖਿਆ ਅਤੇ ਵਿਕਾਸ ਵਰਗੇ ਮੁੱਦਿਆਂ ਤੋਂ ਦੂਰ ਹੋ ਜਾਣਗੇ। ਅੱਜ ਭਾਰਤ ਨੂੰ ਅੱਜ ਰਾਜਨੀਤਿਕ ਸੰਜਮ ਦੀ ਲੋੜ ਹੈ। ਵਿਰੋਧੀ ਧਿਰ ਨੂੰ ਤਿੱਖੇ ਸਵਾਲ ਪੁੱਛਣੇ ਚਾਹੀਦੇ ਹਨ, ਪਰ ਭਾਸ਼ਾ ਦੀ ਮਰਿਆਦਾ ਨਾਲ। ਸਰਕਾਰ ਨੂੰ ਵੀ ਆਲੋਚਨਾ ਨੂੰ ਦੇਸ਼ ਵਿਰੋਧ ਨਾ ਕਹਿਣਾ ਚਾਹੀਦਾ ਹੈ ਅਤੇ ਸੋਸ਼ਲ ਮੀਡੀਆ ਪਲੇਟਫਾਰਮਾਂ ਨੂੰ ਫੇਕ ਨਿਊਜ਼ ਖਿਲਾਫ਼ ਸਖ਼ਤੀ ਲਿਆਉਣੀ ਚਾਹੀਦੀ ਹੈ।

ਅੱਜ ਸੰਸਦ ਨੂੰ ਦੁਬਾਰਾ ਗੰਭੀਰ ਵਿਚਾਰ-ਵਟਾਂਦਰੇ ਦਾ ਕੇਂਦਰ ਬਣਾਉਣਾ ਪਵੇਗਾ ਅੱਜ ਰਾਹੁਲ ਗਾਂਧੀ ਦਾ ਬਿਆਨ ਸਿਰਫ਼ ਇੱਕ ਰਾਜਨੀਤਿਕ ਟਿੱਪਣੀ ਨਹੀਂ; ਇਹ ਭਾਰਤੀ ਰਾਜਨੀਤੀ ਦੇ ਮੌਜੂਦਾ ਤਾਪਮਾਨ ਦੀ ਨਿਸ਼ਾਨੀ ਹੈ। ਇਹ ਦਰਸਾਉਂਦਾ ਹੈ ਕਿ ਸੱਤਾ ਅਤੇ ਵਿਰੋਧ ਵਿਚਕਾਰ ਦੀ ਦੂਰੀ ਹੁਣ ਵਿਚਾਰਧਾਰਕ ਨਹੀਂ ਰਹੀ; ਇਹ ਮਨੋਵਿਗਿਆਨਕ ਅਤੇ ਅਸਤਿਤਵਕ ਜੰਗ ਬਣਦੀ ਜਾ ਰਹੀ ਹੈ ਪਰ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਕੀ ਇਸ ਜੰਗ ਵਿੱਚ ਲੋਕਤੰਤਰ ਜਿੱਤੇਗਾ ? ਅੱਜ ਜੇ ਭਾਸ਼ਾ ਦੀ ਮਰਿਆਦਾ ਟੁੱਟਦੀ ਰਹੀ, ਜੇ ਹਰ ਵਿਰੋਧੀ ਦੇਸ਼ਧ੍ਰੋਹੀ ਅਤੇ ਹਰ ਸਰਕਾਰ ਤਾਨਾਸ਼ਾਹ ਬਣਦੀ ਰਹੀ, ਤਾਂ ਲੋਕਤੰਤਰ ਦੀ ਸਭ ਤੋਂ ਵੱਡੀ ਤਾਕਤ — ਸੰਵਾਦ — ਖਤਮ ਹੋ ਜਾਵੇਗਾ। ਅੱਜ ਭਾਰਤ ਵਰਗੇ ਵਿਭਿੰਨਤਾ ਭਰੇ ਦੇਸ਼ ਨੂੰ ਟਕਰਾਅ ਨਹੀਂ, ਸੰਤੁਲਨ ਦੀ ਲੋੜ ਹੈ। ਸਰਕਾਰ ਮਜ਼ਬੂਤ ਹੋ ਸਕਦੀ ਹੈ, ਵਿਰੋਧ ਤਿੱਖਾ ਹੋ ਸਕਦਾ ਹੈ, ਪਰ ਦੇਸ਼ ਦੀ ਰਾਜਨੀਤਿਕ ਆਤਮਾ ਤਦ ਤੱਕ ਸੁਰੱਖਿਅਤ ਰਹੇਗੀ ਜਦ ਤੱਕ ਮਰਿਯਾਦਾ ਅਤੇ ਸੰਵਾਦ ਜ਼ਿੰਦਾ ਰਹਿਣਗੇ। ਅੱਜ ਦਾ ਭਾਰਤ ਇੱਕ ਚੌਰਾਹੇ 'ਤੇ ਖੜ੍ਹਾ ਹੈ—ਇੱਕ ਰਾਹ ਵਿਕਾਸ ਅਤੇ ਲੋਕਤੰਤਰਕ ਪਰਿਪੱਕਤਾ ਵੱਲ ਜਾਂਦਾ ਹੈ, ਦੂਜਾ ਸਥਾਈ ਰਾਜਨੀਤਿਕ ਘ੍ਰਿਣਾ ਅਤੇ ਟਕਰਾਅ ਵੱਲ। ਅੱਜ ਫੈਸਲਾ ਸਿਰਫ਼ ਨੇਤਾਵਾਂ ਨੂੰ ਨਹੀਂ, ਜਨਤਾ ਨੂੰ ਵੀ ਕਰਨਾ ਪਵੇਗਾ।

# ਭਗਵੰਤ ਮਾਨ ਨਹੀਂ, ਤਾਂ ਹੋਰ ਕੌਣ !



ਕਮਲਜੀਤ ਸਿੰਘ ਬਨਵੈਤ
98147 34035

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਨੂੰ ਦੇਸ਼ ਦਾ ਪਹਿਲਾ ਖੰਭਾ ਮੁਕਤ ਪਿੰਡਾਂ ਵਾਲਾ ਸੂਬਾ ਬਣਾਉਣ ਲਈ ਜਦੋਂ ਆਪਣੇ ਜੱਦੀ ਪਿੰਡ ਸਤੌਜ ਵਿੱਚ ਬਿਜਲੀ ਦੀਆਂ ਤਾਰਾਂ ਅੰਡਰਗਰਾਊਂਡ ਪਾਉਣ ਦੇ ਪ੍ਰੋਜੈਕਟ ਦਾ ਉਦਘਾਟਨ ਕਰ ਰਹੇ ਸਨ ਤਾਂ ਚੰਡੀਗੜ੍ਹ ਤੋਂ ਕਵਰੇਜ ਲਈ ਗਈ ਪੱਤਰਕਾਰਾਂ ਦੀ ਟੀਮ ਵਿਚ ਘੁਸਰ ਮੁਸਰ ਚੱਲੀ ਕਿ ਭਗਵੰਤ ਮਾਨ ਨਹੀਂ ਤਾਂ ਪੰਜਾਬ ਦੀ ਸਿਆਸਤ ਦਾ ਚੈਂਪੀਅਨ ਕੌਣ ? ਇਹ ਸਵਾਲ ਪੱਤਰਕਾਰਾਂ ਜੇ ਬੁੱਲਾਂ 'ਤੇ ਨਹੀਂ ਸਗੋਂ ਅੱਜ ਆਮ ਲੋਕਾਂ ਤੇ ਸਿਆਸੀ ਪਾਰਟੀਆਂ ਦੀ ਜ਼ੁਬਾਨ 'ਤੇ ਵੀ ਆਉਣ ਲੱਗਾ ਹੈ। ਸੱਚ ਸਭ ਸਵੀਕਾਰ ਕਰਨ ਲੱਗੇ ਹਨ ਕਿ ਪੰਜਾਬ ਵਿੱਚ ਇਸ ਵੇਲੇ ਭਗਵੰਤ ਮਾਨ ਦੇ ਬਰਾਬਰ ਦੇ ਕੱਦ ਦਾ ਕੋਈ ਨੇਤਾ ਨਹੀਂ ਦਿਸਦਾ ਹੈ।ਭਗਵੰਤ ਮਾਨ ਦੇ ਭਾਸ਼ਣ ਲੋਕਾਂ ਨੂੰ ਕੀਲ ਲੈਂਦੇ ਹਨ। ਉਹ ਆਪਣੇ ਭਾਸ਼ਣਾਂ ਵਿੱਚ ਲੋਕਾਂ ਨੂੰ ਬੰਨ੍ਹਣ ਦੀ ਸਮਰੱਥਾ ਹੀ ਨਹੀਂ ਰੱਖਦੇ ਸਗੋਂ ਨਾਲ ਨਾਲ ਤੋਰ ਵੀ ਲੈਂਦੇ ਹਨ। ਉਹਨਾਂ ਦੀ ਸਭ ਤੋਂ ਵੱਡੀ ਖ਼ਾਸੀਅਤ ਇਹ ਹੈ ਕਿ ਉਹ ਆਪਣੇ ਇੱਕੋ ਲੈਕਚਰ ਵਿੱਚ ਚਾਰ ਚਾਰ ਵਿਰੋਧੀ ਸਿਆਸੀ ਪਾਰਟੀਆਂ ਨੂੰ ਗੇੜਾ ਵੀ ਦੇ ਦਿੰਦੇ ਹਨ। ਉਹਨਾਂ ਦੇ ਭਾਸ਼ਣਾਂ ਵਿੱਚੋਂ ਉਹਨਾਂ ਦੇ ਅਪ ਟੂ ਡੇਟ ਰਹਿਣ ਦੀ ਝਲਕ ਵੀ ਪੈਂਦੀ ਹੈ। ਪੱਤਰਕਾਰ ਵੀ ਮੰਨਦੇ ਹਨ ਕਿ ਨਾ ਜਾਣੇ ਉਹ ਕਦੋਂ ਕਿਹੜੀ ਅਖ਼ਬਾਰ ਜਾਂ ਕਿਹੜੇ ਚੈਨਲ 'ਤੇ ਨਜ਼ਰ ਮਾਰ ਲੈਂਦੇ ਹਨ ?

ਭਗਵੰਤ ਮਾਨ ਦੀ ਸਿਆਸੀ ਅਕਲ ਹੀ ਕਹੀਏ ਕਿ ਉਸਨੇ ਅਕਾਲੀਆਂ ਤੋਂ ਪੰਥਕ ਮੁੱਦੇ ਖੋਹ ਲਏ ਹਨ। ਕਾਂਗਰਸ ਬੇਚੈਨ ਹੈ । ਉਸਨੇ ਲੜਾਈ ਆਮ ਆਦਮੀ ਪਾਰਟੀ ਅਤੇ ਭਾਰਤੀ ਜਨਤਾ ਪਾਰਟੀ ਵਿੱਚ ਬਣਾ ਲਈ ਹੈ। ਉਹ ਭਾਜਪਾ ਜਿਹੜੀ ਹਾਲੇ ਕੁਝ ਚਿਰ ਪਹਿਲਾਂ ਤੱਕ ਪੰਜਾਬ ਵਿੱਚ ਚੌਥੇ ਨੰਬਰ ਦੀ ਪਾਰਟੀ ਮੰਨੀ ਜਾਂਦੀ ਸੀ। ਵੈਸੇ ਸ਼੍ਰੋਮਣੀ ਅਕਾਲੀ ਦਲ ਨੇ ਤਾਂ ਕਈ ਚਿਰ ਪਹਿਲਾਂ ਪੰਥਕ ਮੁੱਦਿਆਂ ਨੂੰ ਤਿਲਾਂਜਲੀ ਦੇ ਦਿੱਤੀ ਸੀ ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਤਿੰਨ ਸੌ ਯੂਨਿਟ ਬਿਜਲੀ ਮੁਫ਼ਤ ਦੇਣ ਅਤੇ ਕੱਸੀਆਂ ਰਾਹੀਂ ਪਾਣੀ ਖੇਤਾਂ ਵਿੱਚ ਪਹੁੰਚਾਉਣ ਤੋਂ ਬਾਅਦ ਇਹ ਇੱਕ ਹੋਰ ਵੱਡਾ ਪ੍ਰੋਜੈਕਟ ਹੈ, ਜਿਸ ਨਾਲ ਉਸ ਨੇ 2027 ਲਈ ਵੋਟਾਂ ਪੱਕੀਆਂ ਕਰ ਲਈਆਂ ਹਨ। ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮਹਿਲਾਵਾਂ ਨੂੰ 1000 ਅਤੇ 1500 ਦੇਣ ਦੇ ਨਾਲ ਨਾਲ 10 ਲੱਖ ਦੇ ਮੁਫ਼ਤ ਇਲਾਜ ਦੀ ਯੋਜਨਾ ਉਹ ਸਕੀਮਾਂ ਹਨ, ਜਿਹੜੀਆਂ ਦੂਜੀਆਂ ਪਾਰਟੀਆਂ ਸੋਚ ਨਹੀਂ ਸਕੀਆਂ ਸਨ। ਖੰਭਾ ਰਹਿਤ ਪਿੰਡ ਪ੍ਰੋਜੈਕਟ ਦੀ ਗੱਲ ਕਰੀਏ ਤਾਂ ਮੁੱਖ ਮੰਤਰੀ ਦਾ ਕਹਿਣਾ ਹੈ ਕਿ ਕਰੰਟ ਨਾਲ ਫ਼ਸਲ ਨੂੰ ਅੱਗ ਲੱਗਣ ਵਰਗੇ ਹਾਦਸੇ ਰੁਕਣਗੇ ਅਤੇ ਸਪਲਾਈ ਸੁਧਰੇਗੀ । ਇਸ ਨਾਲ ਨਾ ਸਿਰਫ ਖੇਤਾਂ ਵਿੱਚ ਫ਼ਸਲਾਂ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਤੇ ਜਾਨਲੇਵਾ ਹਾਦਸਿਆਂ ਤੋਂ ਬਚਾਅ ਹੋਵੇਗਾ ਬਲਕਿ ਉੱਪਰੋਂ ਲੰਘ ਰਹੀਆਂ ਤਾਰਾਂ ਕਾਰਨ ਬਿਜਲੀ ਦੇ ਵਾਰ-ਵਾਰ ਲੱਗਣ ਵਾਲੇ ਕੱਟ ਖਤਮ ਕਰਨ ਵਿੱਚ ਵੱਡੀ ਮਦਦ ਮਿਲੇਗੀ। ਪਿੰਡਾਂ ਨੂੰ ਖਤਰਨਾਕ ਖੰਭਿਆਂ ਤੇ ਗੁੰਝਲਦਾਰ ਤਾਰਾਂ ਦੇ ਜਾਲ ਤੋਂ ਵੀ ਮੁਕਤੀ ਮਿਲੇਗੀ। ਜਿਸ ਨਾਲ ਸ਼ਾਰਟ ਸਰਕਟ ਨਾਲ ਫ਼ਸਲਾਂ ਸੜਨ ਤੋਂ ਵੀ ਬਚਾਅ ਰਹੇਗਾ, ਜਿਹੜੀ ਕਿ ਕਿਸਾਨਾਂ ਦੇ ਹੱਕ ਵਿੱਚ ਸਭ ਤੋਂ ਵੱਡੀ ਰਾਹਤ ਦੱਸੀ ਜਾ ਰਹੀ ਹੈ। ਮੁੱਖ ਮੰਤਰੀ ਅਨੁਸਾਰ ਪੰਜਾਬ ਦੇ ਪਿੰਡਾਂ ਲਈ 19 ਮਈ ਦਾ ਦਿਨ ਇਤਿਹਾਸਕ ਸੀ ਕਿਉਂਕਿ ਪਿੰਡਾਂ ਨੂੰ ਬਿਜਲੀ ਦੀਆਂ ਤਾਰਾਂ ਦੇ ਜਾਲ ਤੋਂ ਬੇਲੋੜੇ ਖੰਭਿਆਂ ਤੋਂ ਮੁਕਤ ਕਰਨ ਦਾ ਪ੍ਰੋਜੈਕਟ ਸ਼ੁਰੂ ਹੋਇਆ ਹੈ। ਇਸ ਪਾਇਲਟ ਪ੍ਰੋਜੈਕਟ ਤਹਿਤ ਸਤੌਜ ਵਿੱਚ ਬਿਜਲੀ ਦੀਆਂ ਉਪਰਲੀਆਂ ਤਾਰਾਂ ਨੂੰ ਕਰੀਬ 8 ਕਰੋੜ ਰੁਪਏ ਦੀ ਲਾਗਤ ਨਾਲ ਅੰਡਰਗਰਾਊਂਡ ਕੀਤਾ ਜਾਵੇਗਾ।ਇਹ ਦੇਸ਼ ਦਾ ਪਹਿਲਾ ਅਜਿਹਾ ਪ੍ਰੋਜੈਕਟ ਹੈ ਤੇ ਇਸ ਪਹਿਲ ਕਰਨ ਨਾਲ ਪੰਜਾਬ ਪੂਰੇ ਦੇਸ਼ ਵਿੱਚ ਮਾਡਲ ਪ੍ਰੋਜੈਕਟ ਵਜੋਂ ਉਭਰੇਗਾ।

ਪ੍ਰੋਜੈਕਟ ਦੇ ਤਕਨੀਕੀ ਅੱਖ ਦੀ ਗੱਲ ਕਰੀਏ ਤਾਂ ਇਸ ਤਿੱਹਤਰ ਕਿਲੋਮੀਟਰ ਹਾਈਟੈਂਸ਼ਨ ਲਾਈਨਾਂ, 95 ਕਿਲੋਮੀਟਰ ਲੋ ਟੈਂਸ਼ਨ ਲਾਈਨਾਂ ਅਤੇ 8ਕਾਰਾਂ ਦੇ ਘਰਾਂ ਨੂੰ ਜੋੜਨ ਵਾਲੀ ਚਾਰ ਕਿਲੋਮੀਟਰ ਸਰਵਿਸ ਕੇਬਲ ਅੰਡਰਗਰਾਊਂਡ ਵਿਛਾਈ ਜਾਵੇਗੀ। ਪਿੰਡ ਸਤੌਜ ਦੇ 66 ਕੇਵੀ ਗਰਿੱਡ ਤੋਂ ਪਿੰਡ ਨਾਲ ਜੁੜੇ ਤਿੰਨ 11 ਕੇ ਵੀ ਫੀਡਰ ਤੇ ਇਸ ਨਾਲ ਜੁੜੇ 28 ਟਰਾਂਸਫਰਮਰਾਂ ਦੀਆਂ ਸਾਰੀਆਂ ਹਾਈਟੈਨਸ਼ਨ ਲਾਈਨਾਂ ਅੰਡਰਗਰਾਊਂਡ ਹੋ ਜਾਣਗੀਆਂ। ਇਸ ਤੋਂ ਬਾਅਦ 28 ਟਰਾਂਸਫਾਰਮਰਾਂ ਤੋਂ ਮੀਟਰ ਬਕਸਿਆਂ ਨੂੰ ਘਰਾਂ ਨਾਲ ਜੋੜਨ ਵਾਲੀਆਂ ਕੇਬਲਾਂ ਵੀ ਅੰਡਰਗਰਾਊਂਡ ਕੀਤੀਆਂ ਜਾਣਗੀਆਂ ।ਇਸ ਤਰ੍ਹਾਂ ਕਰਨ ਨਾਲ 354 ਬੇਲੋੜੇ ਬਿਜਲੀ ਦੇ ਖੰਭੇ ਹਟਾ ਦਿੱਤੇ ਜਾਣਗੇ। ਬਿਜਲੀ ਦੇ ਖੰਭਿਆਂ ਤੇ ਉਪਰਲੀਆਂ ਤਾਰਾਂ ਕਾਰਨ ਪਸ਼ੂਆਂ ਤੇ ਲੋਕਾਂ ਖਾਸ ਕਰਕੇ ਬੱਚਿਆਂ ਨੂੰ ਕਰੰਟ ਲੱਗਣ ਦਾ ਖਤਰਾ ਬਣਿਆ ਰਹਿੰਦਾ ਹੈ। ਜਦੋਂ ਟਰੈਕਟਰ ਕੰਬਾਈਨਾਂ ਤੇ ਹੋਰ ਵਾਹਨ ਤਾਰਾਂ ਦੇ ਸੰਪਰਕ ਵਿੱਚ ਆਉਂਦੇ ਹਨ ਤਾਂ ਅਕਸਰ ਹਾਦਸੇ ਵਾਪਰਦੇ ਹਨ। ਫਸਲਾਂ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਕਾਰਨ ਕਿਸਾਨਾਂ ਦਾ ਨੁਕਸਾਨ ਹੁੰਦਾ ਹੈ।ਮੀਂਹ ਚਿੱਕੜ ਤੇ ਤੇਜ਼ ਹਵਾਵਾਂ ਕਾਰਨ ਖੰਭੇ ਤੇ ਤਾਰਾਂ ਟੁੱਟ ਜਾਂਦੀਆਂ ਹਨ ਜਿਸ ਨਾਲ ਬਿਜਲੀ ਦੀ ਸਿਰਫ਼ ਸਪਲਾਈ ਪ੍ਰਭਾਵਤ ਨਹੀਂ ਹੁੰਦੀ ਹੈ। ਇੱਥੇ ਹੀ ਬਸ ਨਹੀਂ ਇਸ ਨਾਲ ਪਾਵਰ ਕਾਰਪੋਰੇਸ਼ਨ ਨੂੰ ਵਿੱਤੀ ਨੁਕਸਾਨ ਵੀ ਹੁੰਦਾ ਹੈ। ਖੰਭਿਆਂ ਤੇ ਤਾਰਾਂ ਦਾ ਜਾਲ ਪਿੰਡ ਦੀ ਦਿੱਖ ਵੀ ਖਰਾਬ ਕਰਦਾ ਹੈ, ਲਾਈਨਾਂ ਦੇ ਜ਼ਮੀਨਦੋਜ਼ ਹੋਣ ਨਾਲ ਨਾ ਸਿਰਫ਼ ਸਪਲਾਈ ਵਿਗੜਨ ਤੋਂ ਬਚਾਅ ਹੋਵੇਗਾ ਬਲਕਿ ਬਿਜਲੀ ਦੀ ਲੀਕੇਜ ਵੀ ਖ਼ਤਮ ਹੋ ਜਾਵੇਗੀ। ਇੱਕ ਜਾਣਕਾਰੀ ਅਨੁਸਾਰ ਪੰਜਾਬ ਵਿੱਚ ਹਰ ਸਾਲ 1600 ਕਰੋੜ ਦੀ ਬਿਜਲੀ ਚੋਰੀ ਹੋ ਰਹੀ ਹੈ। ਇਹ ਅੰਕੜੇ 300 ਯੂਨਿਟ ਬਿਜਲੀ ਮੁਫ਼ਤ ਦੇਣ ਤੋਂ ਬਾਅਦ ਦੇ ਹਨ ਜਦੋਂ ਕਿ ਇਸ ਤੋਂ ਪਹਿਲਾਂ ਬਿਜਲੀ ਦੀ ਸਲਾਨਾ ਚੋਰੀ 1200 ਕਰੋੜ ਦੀ ਦੱਸੀ ਜਾਂਦੀ ਸੀ। ਕਾਂਗਰਸ ਪਾਰਟੀ ਦੀ ਗੱਲ ਕਰੀਏ ਤਾਂ ਹਾਲੇ ਵੀ 2027 ਵਿੱਚ ਆਪਣੀ ਸਰਕਾਰ ਬਣਾਉਣ ਦਾ ਭਰਮ ਪਾਲ ਰਹੀ ਹੈ। ਕਾਂਗਰਸ ਦੇ ਪਹਿਲੀ ਕਤਾਰ ਦੇ ਨੇਤਾ ਮੁੱਖ ਮੰਤਰੀ ਦੀ ਕੁਰਸੀ ਲਈ ਲੜ ਰਹੇ ਜਦੋਂ ਕਿ ਹੇਠਲਾ ਵਰਕਰ ਬੇਚੈਨ ਹੈ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੀ ਪੰਜਾਬ ਵਿੱਚ 40 ਰੈਲੀਆਂ ਕਰਨ ਤੋਂ ਬਾਅਦ ਇਵੇਂ ਸਮਝਣ ਲੱਗੇ ਸਨ, ਜਿਵੇਂ ਲੋਕਾਂ ਨੇ ਉਹਨਾਂ ਨੂੰ ਅਗਲਾ ਮੁੱਖ ਮੰਤਰੀ ਮੰਨ ਲਿਆ ਹੋਵੇ। ਭਾਰਤੀ ਜਨਤਾ ਪਾਰਟੀ ਨੂੰ ਕੋਈ ਤਕੜਾ ਚਿਹਰਾ ਨਹੀਂ ਮਿਲ ਰਿਹਾ ਹੈ, ਜਿਹੜਾ ਨਾਲ ਧੂਹ ਕੇ ਤੋਰ ਲਵੇ । ਭਾਰਤੀ ਜਨਤਾ ਪਾਰਟੀ ਨੇ ਪਹਿਲਾਂ ਕਾਂਗਰਸ ਤੋਂ ਸ਼ਹਿਰੀ ਵੋਟ ਖੋਹੀ ਸੀ।ਹੁਣ ਓਬੀਸੀ 'ਤੇ ਟੇਕ ਲਾ ਲਈ ਹੈ। ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਹੱਥ ਵਿੱਚ ਕਮਲ ਫ਼ੜ ਲੈਂਦੇ ਹਨ ਤਾਂ ਐਸਸੀ ਵੋਟ 'ਤੇ ਵੀ ਡੋਰਾ ਪਾਉਣ ਦੀ ਰਣਨੀਤੀ ਸਫਲ ਹੋ ਜਾਵੇਗੀ। ਭਾਰਤੀ ਜਨਤਾ ਪਾਰਟੀ ਦੀ ਗੱਲ ਕਰੀਏ ਤਾਂ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਘੇਰਨ ਵਿੱਚ ਕੋਈ ਕਸਰ ਨਹੀਂ ਛੱਡ ਰਹੀ ਹੈ। ਸੀਬੀਆਈ ਅਤੇ ਈਡੀ ਰਾਹੀਂ ਕੱਟੜ ਇਮਾਨਦਾਰ ਸਰਕਾਰ ਨੂੰ ਬਦਨਾਮ ਕਰਨ ਦੀ ਮਨਸ਼ਾ ਨਾਲ ਸਿਆਸਤਦਾਨਾਂ ਤੇ ਅਫਸਰਾਂ ਨੂੰ ਨਪਿਆ ਜਾ ਰਿਹਾ ਹੈ।

ਇਹ ਵੀ ਨਹੀਂ ਕਿ ਭਗਵੰਤ ਸਿੰਘ ਮਾਨ ਜਾਂ ਪੰਜਾਬ ਸਰਕਾਰ ਕੋਲੋਂ ਗ਼ਲਤੀਆਂ ਨਹੀਂ ਹੋਈਆਂ ਹਨ। ਸਰਕਾਰ ਉੱਕੀ ਨਹੀਂ ਹੈ। ਸਰਕਾਰ ਨੂੰ ਇੱਕ ਤੋਂ ਵੱਧ ਵਾਰ ਆਪਣੇ ਫ਼ੈਸਲਿਆਂ ਤੋਂ ਵਾਪਸ ਮੁੜਨਾ ਪਿਆ ਹੈ।ਪੰਜਾਬ ਦਾ ਇਕ ਵੱਡਾ ਵਰਗ ਬਦਲਾਅ ਤੋਂ ਨਿਰਾਸ਼ ਵੀ ਹੈ।ਪੰਜਾਬ ਦੇ ਲੋਕ ਮੁੜ ਬਦਲ ਦੀ ਭਾਲ ਵਿੱਚ ਹਨ। ਸੱਚ ਇਹ ਹੈ ਕਿ ਕਿਸੇ ਪਾਸਿਓਂ ਵੀ ਕੋਈ ਉਮੀਦ ਨਹੀਂ ਨਜ਼ਰ ਨਹੀਂ ਆ ਰਹੀ ਹੈ। ਪੰਜਾਬ ਚੌਰਾਹੇ 'ਤੇ ਮੁੜ ਆ ਖੜ੍ਹਿਆ ਹੈ। ਦੂਜੇ ਬੰਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕਹਿੰਦੇ ਹਨ ਕਿ ਉਹ ਇੱਕ ਪੈਸੇ ਦੇ ਵੀ ਰਵਾਦਾਰ ਨਹੀਂ ਹਨ। ਉਹਨਾਂ ਨੇ ਕੇਂਦਰੀ ਏਜੰਸੀਆਂ ਨੂੰ ਆਪਣੇ ਘਰ ਗੇੜਾ ਮਾਰਨ ਲਈ ਵੰਗਾਰਿਆ ਹੈ, ਹਾਲਾਂਕਿ ਚਰਚਾ ਇਹ ਵੀ ਹੈ ਕਿ ਮੁੱਖ ਮੰਤਰੀ ਪਰਿਵਾਰ ਨੇ ਵਿਦੇਸ਼ਾਂ ਵਿੱਚ ਜਾਇਦਾਦ ਬਣਾ ਰੱਖੀ ਹੈ ਅਤੇ ਇਹ ਸਾਰਾ ਕੁਝ ਕੇਂਦਰ ਸਰਕਾਰ ਦੇ ਧਿਆਨ ਵਿੱਚ ਆ ਚੁੱਕਾ ਹੈ।ਭਾਰਤੀ ਜਨਤਾ ਪਾਰਟੀ ਮੁੱਖ ਮੰਤਰੀ ਅਤੇ ਉਹਨਾਂ ਦੇ ਸਾਥੀਆਂ ਸਮੇਤ ਵਿਧਾਇਕਾਂ ਤੇ ਅਫਸਰਸ਼ਾਹੀ ਨੂੰ ਚੁਫੇਰਿਓਂ ਘੇਰ ਰਹੀ ਹੈ। ਕੇਂਦਰੀ ਏਜੰਸੀਆਂ ਕਈ ਥਾਂ ਪੁੱਜੀਆਂ ਵੀ ਹਨ ਪਰ ਕੋਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਬਰਾਬਰ ਦੇ ਕੱਦ ਦਾ ਨੇਤਾ ਨਾ ਮਿਲਣ ਕਰਕੇ ਸਤਾ ਨੂੰ ਹੱਥ ਪਾਉਣ ਤੋਂ ਦੂਰ ਹਨ। ਕੁੱਲ ਮਿਲਾ ਕੇ ਕਹਿਣਾ ਪਵੇਗਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਬਰਾਬਰ ਕੱਦ ਦਾ ਕੋਈ ਹੋਰ ਨੇਤਾ ਨਹੀਂ ਦਿਸਦਾ ਹੈ। ਸੱਚ ਇਹ ਵੀ ਹੈ ਕਿ ਵਿਰੋਧੀ ਪਾਰਟੀਆਂ ਨਾ ਤਾਂ ਸਰਕਾਰ ਨੂੰ ਘੇਰ ਸਕੀਆਂ ਹਨ ਅਤੇ ਨਾ ਹੀ ਵਿਰੋਧੀ ਧਿਰ ਵਾਲੀ ਮਜ਼ਬੂਤ ਭੂਮਿਕਾ ਨਿਭਾਅ ਸਕੀਆਂ ਹਨ। ਅਗਲੀਆਂ ਵਿਧਾਨ ਸਭਾ ਚੋਣਾਂ ਦੇ ਨਤੀਜੇ ਕੀ ਰਹਿਣਗੇ ਹਾਲ ਦੀ ਘੜੀ ਸਿਆਸੀ ਪੰਡਿਤ ਚੁੱਪ ਹਨ ਪਰ ਇੱਕ ਗੱਲ ਪੱਕੀ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਿਸ਼ੇਸ਼ ਕਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਮਜ਼ਬੂਤ ਹੋ ਕੇ ਅੱਗੇ ਵੱਧ ਰਹੇ ਹਨ। ਇਹ ਨਹੀਂ ਕਿ ਵਿਰੋਧੀਆਂ ਕੋਲ ਸਰਕਾਰ ਦੇ ਖ਼ਿਲਾਫ਼ ਮੁੱਦੇ ਨਹੀਂ ਹਨ। ਲੋਕ ਮਹਿਸੂਸ ਕਰਨ ਲੱਗੇ ਹਨ ਕਿ ਪੰਜਾਬ ਦੀ ਬਦਕਿਸਮਤੀ ਹੀ ਕਹੀਏ ਕਿ ਵਿਰੋਧੀ ਧਿਰਾਂ ਵਿੱਚ ਸਾਹ ਸੱਤ ਨਹੀਂ ਰਿਹਾ ਹੈ।

# ਪੰਜਾਬ, ਹਰਿਆਣਾ ਅਤੇ ਦਿੱਲੀ ਵਿੱਚ ਆਵਾਰਾ ਕੁੱਤੇ ਅਤੇ ਪਸ਼ੂਆਂ ਦੇ ਡਰਾਉਣੇ ਅੰਕੜੇ ਅਤੇ ਲੋਕ ਹਿੱਤ ਦਾ ਵੱਡਾ ਸਵਾਲ



ਵਿੰਕਲਜੀਤ ਸਿੰਘ ਸਰਾ
9501477889

ਭਾਰਤ ਵਿੱਚ ਆਵਾਰਾ ਕੁੱਤਿਆਂ ਅਤੇ ਬੇਸਹਾਰਾ ਪਸ਼ੂਆਂ ਦੀ ਸਮੱਸਿਆ ਹੁਣ ਸਿਰਫ਼ ਕੋਈ ਸਧਾਰਨ ਸ਼ਹਿਰੀ ਨੁਕਸ ਜਾਂ ਪ੍ਰਸ਼ਾਸਨਿਕ ਢਿੱਲ-ਮੱਠ ਨਹੀਂ ਰਹੀ, ਸਗੋਂ ਇਹ ਇੱਕ ਭਿਆਨਕ ਜਨ-ਸਿਹਤ, ਪ੍ਰਸ਼ਾਸਨਿਕ ਨਾਕਾਮੀ ਅਤੇ ਸੜਕ ਸੁਰੱਖਿਆ ਸੰਕਟ ਦਾ ਰੂਪ ਧਾਰਨ ਕਰ ਚੁੱਕੀ ਹੈ। ਪੰਜਾਬ, ਹਰਿਆਣਾ ਅਤੇ ਰਾਸ਼ਟਰੀ ਰਾਜਧਾਨੀ ਦਿੱਲੀ ਵਰਗੇ ਆਧੁਨਿਕ ਅਤੇ ਆਰਥਿਕ ਤੌਰ 'ਤੇ ਮਜ਼ਬੂਤ ਰਾਜਾਂ ਵਿੱਚ ਇਹ ਮੁੱਦਾ ਅੱਜ ਆਮ ਲੋਕਾਂ ਦੀ ਜਾਨ ਦਾ ਸਭ ਤੋਂ ਵੱਡਾ ਦੁਸ਼ਮਣ ਬਣਿਆ ਹੋਇਆ ਹੈ। ਇੱਕ ਲੇਖਕ ਵਜੋਂ, ਜਦੋਂ ਮੈਂ ਰੋਜ਼ਾਨਾ ਅਖ਼ਬਾਰਾਂ ਦੀਆਂ ਸੁਰਖੀਆਂ ਪੜ੍ਹਦਾ ਹਾਂ ਅਤੇ ਖ਼ੁਦ ਗਲੀਆਂ-ਬਾਜ਼ਾਰਾਂ ਵਿੱਚੋਂ ਲੰਘਦਿਆਂ ਅੱਖੀਂ ਡਰਾਉਣੇ ਮੰਜ਼ਰ ਦੇਖਦਾ ਹਾਂ, ਤਾਂ ਰੂਹ ਕੰਬ ਉੱਠਦੀ ਹੈ। ਹਰ ਰੋਜ਼ ਕੋਈ ਨਾ ਕੋਈ ਮਾਸੂਮ ਬੱਚਾ ਆਵਾਰਾ ਕੁੱਤਿਆਂ ਦਾ ਸ਼ਿਕਾਰ ਹੋ ਰਿਹਾ ਹੈ ਅਤੇ ਹਰ ਰਾਤ ਕੋਈ ਨੌਜਵਾਨ ਸੜਕਾਂ 'ਤੇ ਘੁੰਮਦੇ ਬੇਸਹਾਰਾ ਪਸ਼ੂਆਂ ਕਾਰਨ ਹੋਣ ਵਾਲੇ ਹਾਦਸਿਆਂ ਵਿੱਚ ਆਪਣੀ ਜਾਨ ਗੁਆ ਰਿਹਾ ਹੈ। ਇਹ ਸਥਿਤੀ ਦੇਸ਼ ਦੇ ਨਾਗਰਿਕਾਂ ਦੇ ਸੰਵਿਧਾਨਕ ਅਧਿਕਾਰ ਜੀਵਨ ਦੇ ਅਧਿਕਾਰ (Article BA) 'ਤੇ ਇੱਕ ਬਹੁਤ ਵੱਡਾ ਪ੍ਰਸ਼ਨ ਚਿੰਨ੍ਹ ਲਗਾਉਂਦੀ ਹੈ।

**ਸੁਪਰੀਮ ਕੋਰਟ ਦਾ ਸਖ਼ਤ ਅਤੇ ਸ਼ਲਾਘਾਯੋਗ ਰੁਖ :** ਅਜਿਹੇ ਨਿਰਾਸ਼ਾਜਨਕ ਮਾਹੌਲ ਵਿੱਚ ਸੁਪਰੀਮ ਕੋਰਟ ਵੱਲੋਂ ਦੇਸ਼ ਭਰ ਵਿੱਚ ਆਵਾਰਾ ਕੁੱਤਿਆਂ ਦੇ ਵਧਦੇ ਹਮਲਿਆਂ ਅਤੇ 'ਡੌਗ ਬਾਈਟ' (Dog Bite) ਦੇ ਮਾਮਲਿਆਂ 'ਤੇ ਲਿਆ ਗਿਆ ਤਾਜ਼ਾ ਸਖ਼ਤ ਰੁਖ ਬੇਹੱਦ ਸ਼ਲਾਘਾਯੋਗ ਅਤੇ ਜਨਹਿੱਤ ਵਿੱਚ ਲਿਆ ਗਿਆ ਇੱਕ ਇਤਿਹਾਸਕ ਕਦਮ ਹੈ। ਅਦਾਲਤ ਨੇ ਬਿਨਾਂ ਕਿਸੇ ਲਿਫਾਫੇ ਦੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਹੈ ਕਿ ਮਨੁੱਖੀ ਜਾਨ ਅਤੇ ਲੋਕਾਂ ਦੀ ਸੁਰੱਖਿਆ ਸਰਵਉੱਚ ਹੈ ਅਤੇ ਇਸ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ।ਅਦਾਲਤ ਨੇ ਨਿਰਦੇਸ਼ ਦਿੱਤੇ ਹਨ ਕਿ ਸਕੂਲਾਂ, ਹਸਪਤਾਲਾਂ, ਪਾਰਕਾਂ, ਰੇਲਵੇ ਸਟੇਸ਼ਨਾਂ ਅਤੇ ਬੱਸ ਸਟੈਂਡਾਂ ਵਰਗੀਆਂ ਜਨਤਕ ਥਾਵਾਂ 'ਤੇ ਬੱਚਿਆਂ, ਬਜ਼ੁਰਗਾਂ ਅਤੇ ਆਮ ਨਾਗਰਿਕਾਂ ਦੀ ਸੁਰੱਖਿਆ ਨੂੰ ਹਰ ਹਾਲ ਵਿੱਚ ਯਕੀਨੀ ਬਣਾਇਆ ਜਾਵੇ। ਸੁਪਰੀਮ ਕੋਰਟ ਨੇ ਇਹ ਵੀ ਸਹੀ ਮੰਨਿਆ ਕਿ 'ਐਨੀਮਲ ਬਰਥ ਕੰਟਰੋਲ' (ABC) ਦੇ ਨਿਯਮਾਂ ਨੂੰ ਸਥਾਨਕ ਨਗਰ ਨਿਗਮਾਂ ਵੱਲੋਂ ਜ਼ਮੀਨੀ ਪੱਧਰ 'ਤੇ ਇਮਾਨਦਾਰੀ ਨਾਲ ਲਾਗੂ ਨਹੀਂ ਕੀਤਾ ਗਿਆ, ਜਿਸ ਕਾਰਨ ਇਹ ਸਮੱਸਿਆ ਬੇਕਾਬੂ ਹੋਈ ਹੈ। ਹਾਲਾਂਕਿ ਜਾਨਵਰਾਂ ਪ੍ਰਤੀ ਕਰੂਰਤਾ ਨਹੀਂ ਹੋਣੀ ਚਾਹੀਦੀ ਪਰ ਬੇਹੱਦ ਹਿੰਸਕ, ਪਾਗਲ ਜਾਂ ਰੇਬੀਜ਼ ਨਾਲ ਪੀੜਤ ਕੁੱਤਿਆਂ ਨੂੰ ਖੁੱਲ੍ਹੇਆਮ ਸੜਕਾਂ 'ਤੇ ਲੋਕਾਂ ਨੂੰ ਨੋਚਣ ਲਈ ਨਹੀਂ ਛੱਡਿਆ ਜਾ ਸਕਦਾ। ਦੇਸ਼ ਦੇ ਸਰਵਉੱਚ ਨਿਆਂਪਾਲਿਕਾ ਦਾ ਇਹ ਫੈਸਲਾ ਆਮ ਨਾਗਰਿਕਾਂ ਦੇ ਹੱਕ ਵਿੱਚ ਇੱਕ ਵੱਡੀ ਆਵਾਜ਼ ਬਣਿਆ ਹੈ।

**ਅੱਖੀਂ ਡਿੱਠਾ ਹਾਲ; ਗਲੀਆਂ-ਬਾਜ਼ਾਰਾਂ ਵਿੱਚ ਖ਼ੂਨੀ ਖੇਡ ਅਤੇ ਭਾਰੀ ਨੁਕਸਾਨ :** ਪਰ ਇੱਕ ਲੇਖਕ ਵਜੋਂ ਮੇਰਾ ਸਵਾਲ ਇਹ ਹੈ ਕਿ ਜੇਕਰ ਸੁਪਰੀਮ ਕੋਰਟ ਆਵਾਰਾ ਕੁੱਤਿਆਂ ਦੇ ਮੁੱਦੇ 'ਤੇ ਇੰਨੀ ਗੰਭੀਰਤਾ ਦਿਖਾ ਰਹੀ ਹੈ, ਤਾਂ ਸੜਕਾਂ 'ਤੇ ਘੁੰਮਦੇ ਆਵਾਰਾ ਪਸ਼ੂਆਂ ਬਾਰੇ ਅਜਿਹਾ ਕੋਈ ਠੋਸ ਕਾਨੂੰਨ ਕਿਉਂ ਨਹੀਂ ਬਣਾਇਆ ਜਾਂਦਾ? ਜਦੋਂ ਅਸੀਂ ਆਪਣੇ ਸ਼ਹਿਰਾਂ ਦੀਆਂ ਗਲੀਆਂ ਅਤੇ ਮੁੱਖ ਬਾਜ਼ਾਰਾਂ ਵਿੱਚ ਨਜ਼ਰ ਮਾਰਦੇ ਹਾਂ ਤਾਂ ਹਾਲਾਤ ਬੇਹੱਦ ਭਿਆਨਕ ਦਿਖਾਈ ਦਿੰਦੇ ਹਨ। ਇਹ ਆਵਾਰਾ ਪਸ਼ੂ ਸਿਰਫ਼ ਸੜਕਾਂ ਦੇ ਕਿਨਾਰੇ ਖੜ੍ਹੇ ਨਹੀਂ ਰਹਿੰਦੇ, ਬਲਕਿ ਬਾਜ਼ਾਰਾਂ ਦੇ ਐਨ ਵਿਚਕਾਰ ਝੁੰਡ ਬਣਾ ਕੇ ਘੁੰਮਦੇ ਹਨ।ਅਕਸਰ ਇਹ ਦੇਖਣ ਵਿੱਚ ਆਉਂਦਾ ਹੈ ਕਿ ਇਹ ਆਵਾਰਾ ਪਸ਼ੂ (ਖ਼ਾਸ ਕਰਕੇ ਭਾਰੀ-ਭਰਕਮ ਸਾਂਡ) ਆਪਸ ਵਿੱਚ ਬੁਰੀ ਤਰ੍ਹਾਂ ਲੜਨਾ-ਭਿੜਨਾ ਸ਼ੁਰੂ ਕਰ ਦਿੰਦੇ ਹਨ। ਜਦੋਂ ਇਹਨਾਂ ਦੀ ਖ਼ੂਨੀ ਲੜਾਈ ਹੁੰਦੀ ਹੈ ਤਾਂ ਬਾਜ਼ਾਰਾਂ ਵਿੱਚ ਅਫਰਾ-ਤਫਰੀ ਮੱਚ ਜਾਂਦੀ ਹੈ। ਇਸ ਆਪਸੀ ਲੜਾਈ ਅਤੇ ਦੌੜ-ਭੱਜ ਦੌਰਾਨ ਇਹ ਪਸ਼ੂ ਬਾਜ਼ਾਰ ਵਿੱਚ ਲੱਗੀਆਂ ਦੁਕਾਨਾਂ ਦੇ ਕਾਊਂਟਰ ਤੋੜ ਦਿੰਦੇ ਹਨ, ਘਰਾਂ ਦੇ ਬਾਹਰ ਲੱਗੇ ਗੇਟਾਂ ਨੂੰ ਨੁਕਸਾਨ ਪਹੁੰਚਾਉਂਦੇ ਹਨ, ਅਤੇ ਸੜਕਾਂ 'ਤੇ ਖੜ੍ਹੀਆਂ ਮਹਿੰਗੀਆਂ ਕਾਰਾਂ ਅਤੇ ਬਾਈਕਸ ਨੂੰ ਬੁਰੀ ਤਰ੍ਹਾਂ ਕੁਚਲ ਕੇ ਕੂੜਾ ਕਰ ਦਿੰਦੇ ਹਨ। ਸਭ ਤੋਂ ਦਰਦਨਾਕ ਮੰਜ਼ਰ ਉਹ ਹੁੰਦਾ ਹੈ ਜਦੋਂ ਇਹਨਾਂ ਲੜਦੇ ਹੋਏ ਜਾਨਵਰਾਂ ਦੀ ਲਪੇਟ ਵਿੱਚ ਕੋਈ ਮਾਸੂਮ ਪੈਦਲ ਚੱਲ ਰਿਹਾ ਇਨਸਾਨ, ਬਜ਼ੁਰਗ ਜਾਂ ਬਾਈਕ ਸਵਾਰ ਆ ਜਾਂਦਾ ਹੈ। ਇਹ ਪਸ਼ੂ ਇਨਸਾਨਾਂ ਨੂੰ ਆਪਣੇ ਸਿੰਗਾਂ 'ਤੇ ਚੁੱਕ ਕੇ ਸੜਕ 'ਤੇ ਪਟਕਦੇ ਹਨ ਅਤੇ ਉਨ੍ਹਾਂ ਨੂੰ ਬੁਰੀ ਤਰ੍ਹਾਂ ਕੁਚਲ ਦਿੰਦੇ ਹਨ, ਜਿਸ ਕਾਰਨ ਮੌਕੇ 'ਤੇ ਹੀ ਕਈ ਲੋਕਾਂ ਦੀ ਮੌਤ ਹੋ ਚੁੱਕੀ ਹੈ। ਇਹ ਕਿਸੇ ਪ੍ਰਸ਼ਾਸਨਿਕ ਨਾਕਾਮੀ ਦੀ ਸਭ ਤੋਂ ਬਦਤਰ ਤਸਵੀਰ ਹੈ।

**ਤਿੰਨਾਂ ਰਾਜਾਂ ਦੇ ਡਰਾਉਣੇ ਅਤੇ ਸੱਚੇ ਅੰਕੜੇ :** ਰੋਜ਼ਾਨਾ ਖ਼ਬਰਾਂ ਅਤੇ ਸਰਕਾਰੀ ਦਸਤਾਵੇਜ਼ਾਂ ਵਿੱਚ ਜੋ ਅੰਕੜੇ ਸਾਹਮਣੇ ਆ ਰਹੇ ਹਨ, ਉਹ ਕਿਸੇ ਵੀ ਸੰਵੇਦਨਸ਼ੀਲ ਇਨਸਾਨ ਨੂੰ ਝੰਜੋੜ ਕੇ ਰੱਖਣ ਲਈ ਕਾਫ਼ੀ ਹਨ: **ਪੰਜਾਬ ਦਾ ਸੰਕਟ:** ਜਨਵਰੀ 2024 ਤੋਂ ਮਾਰਚ 2026 ਦੇ ਦਰਮਿਆਨ ਪੰਜਾਬ ਵਿੱਚ ਲਗਭਗ 5.14 ਲੱਖ ਡੌਗ ਬਾਈਟ ਦੇ ਕੇਸ ਦਰਜ ਕੀਤੇ ਗਏ, ਜਿਨ੍ਹਾਂ ਵਿੱਚੋਂ ਸਿਰਫ਼ ਸਾਲ 2026 ਦੇ ਪਹਿਲੇ ਤਿੰਨ ਮਹੀਨਿਆਂ ਵਿੱਚ ਹੀ 38,586 ਮਾਮਲੇ ਸਾਹਮਣੇ ਆਏ। ਮੋਹਾਲੀ ਵਿੱਚ 2023 ਤੋਂ 2025 ਦੇ ਵਿਚਕਾਰ ਡੌਗ ਬਾਈਟ ਦੇ ਮਾਮਲਿਆਂ ਵਿੱਚ 33% ਦਾ ਵਾਧਾ ਹੋਇਆ (ਕੇਸ 16,516 ਤੋਂ ਵੱਧ ਕੇ 21,793 ਹੋਏ), ਜਦਕਿ ਗੁਆਂਢੀ ਸ਼ਹਿਰ ਪੰਚਕੂਲਾ ਵਿੱਚ ਸਾਲ 2025 ਦੌਰਾਨ 14,230 ਕੇਸ ਦਰਜ ਕੀਤੇ ਗਏ। ਆਵਾਰਾ ਪਸ਼ੂਆਂ ਦੀ ਗੱਲ ਕਰੀਏ ਤਾਂ ਐਨ.ਸੀ.ਆਰ.ਬੀ. (NCRB) ਮੁਤਾਬਕ ਇਕੱਲੇ ਲੁਧਿਆਣਾ ਵਿੱਚ ਸਾਲ 2022 ਅਤੇ 2023 ਦੌਰਾਨ ਹਾਦਸਿਆਂ ਵਿੱਚ ਕ੍ਰਮਵਾਰ 23 ਅਤੇ 21 ਕੀਮਤੀ ਜਾਨਾਂ ਗਈਆਂ।

**ਹਰਿਆਣਾ ਅਤੇ ਹਾਈਕੋਰਟ ਦਾ ਫੈਸਲਾ:** ਹਰਿਆਣਾ ਵਿੱਚ ਸਾਲ 2024 ਦੌਰਾਨ ਕੁੱਲ 10,569 ਸੜਕ ਹਾਦਸੇ ਹੋਏ, ਜਿਨ੍ਹਾਂ ਵਿੱਚ 5,187 ਲੋਕਾਂ ਦੀ ਮੌਤ ਹੋ ਗਈ। ਇਹਨਾਂ ਹਾਦਸਿਆਂ ਵਿੱਚੋਂ ਇੱਕ ਬਹੁਤ ਵੱਡਾ ਹਿੱਸਾ ਰਾਤ ਦੇ ਸਮੇਂ ਹਾਈਵੇਅ 'ਤੇ ਅਚਾਨਕ ਸਾਹਮਣੇ ਆਉਣ ਵਾਲੇ ਪਸ਼ੂਆਂ ਕਾਰਨ ਹੋਇਆ। ਸਥਿਤੀ ਦੀ ਗੰਭੀਰਤਾ ਨੂੰ ਦੇਖਦੇ ਹੋਏ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੂੰ ਇਤਿਹਾਸਕ ਫੈਸਲਾ ਸੁਣਾਉਣਾ ਪਿਆ ਕਿ ਆਵਾਰਾ ਪਸ਼ੂਆਂ ਜਾਂ ਕੁੱਤਿਆਂ ਦੇ ਹਮਲੇ ਕਾਰਨ ਹੋਣ ਵਾਲੀ ਮੌਤ ਜਾਂ ਅਪਾਹਜਤਾ ਲਈ ਸਰਕਾਰ ਅਤੇ ਸਥਾਨਕ ਪ੍ਰਸ਼ਾਸਨ ਪੀੜਤ ਪਰਿਵਾਰ ਨੂੰ ਮੋਟਾ ਮੁਆਵਜ਼ਾ ਦੇਣ ਲਈ ਕਾਨੂੰਨੀ ਤੌਰ 'ਤੇ ਜਵਾਬਦੇਹ ਹੋਣਗੇ।

**ਦਿੱਲੀ ਵਿੱਚ ਮਾਸੂਮਾਂ ਦੀ ਬਲੀ:** ਦੇਸ਼ ਦੀ ਰਾਜਧਾਨੀ ਦਿੱਲੀ ਦੇ ਵਸੰਤ ਕੁੰਜ ਇਲਾਕੇ ਵਿੱਚ ਆਵਾਰਾ ਕੁੱਤਿਆਂ ਦੇ ਝੁੰਡ ਨੇ ਨੋਚ-ਨੋਚ ਕੇ ਦੋ ਸਕੇ ਮਾਸੂਮ ਭਰਾਵਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਸੀ। ਦਿੱਲੀ ਅਤੇ ਐਨ.ਸੀ.ਆਰ. ਦੇ ਫਲਾਈਓਵਰਾਂ ਅਤੇ ਐਕਸਪ੍ਰੈਸ-ਵੇਅ 'ਤੇ ਰਾਤ ਵੇਲੇ ਬੈਠੇ ਪਸ਼ੂ ਤੇਜ਼ ਰਫ਼ਤਾਰ ਗੱਡੀਆਂ ਲਈ ਕਾਲ ਬਣ ਰਹੇ ਹਨ।

**ਜਨਤਾ 'ਤੇ ਲਗਦੇ ਟੈਕਸ ਅਤੇ 'ਕਾਓ ਸੈੱਸ' (ਗਊ ਟੈਕਸ) ਦੀ ਕੜਵੀ ਹਕੀਕਤ :** ਇੱਕ ਲੇਖਕ ਵਜੋਂ ਜਦੋਂ ਮੈਂ ਵਿੱਤੀ ਰਿਪੋਰਟਾਂ ਨੂੰ ਪੜ੍ਹਦਾ ਹਾਂ, ਤਾਂ ਇੱਕ ਬਹੁਤ ਵੱਡਾ ਪ੍ਰਸ਼ਾਸਨਿਕ ਵਿਰੋਧਾਭਾਸ ਸਾਹਮਣੇ ਆਉਂਦਾ ਹੈ। ਦੇਸ਼ ਦੇ ਨਾਗਰਿਕ ਆਪਣੀ ਮਿਹਨਤ ਦੀ ਕਮਾਈ ਦਾ ਇੱਕ ਵੱਡਾ ਹਿੱਸਾ ਸਰਕਾਰ ਨੂੰ ਟੈਕਸਾਂ ਦੇ ਰੂਪ ਵਿੱਚ ਦਿੰਦੇ ਹਨ। ਪੰਜਾਬ, ਹਰਿਆਣਾ ਅਤੇ ਦਿੱਲੀ ਵਰਗੇ ਰਾਜਾਂ ਵਿੱਚ ਸਰਕਾਰਾਂ ਵੱਲੋਂ 'ਕਾਓ ਸੈੱਸ' (Cow Cess) ਯਾਨੀ ਗਊ ਵੰਸ਼ ਦੇ ਰੱਖ-ਰਖਾਅ ਅਤੇ ਸੁਰੱਖਿਆ ਦੇ ਨਾਮ 'ਤੇ ਕਰੋੜਾਂ-ਅਰਬਾਂ ਰੁਪਏ ਦਾ ਵਿਸ਼ੇਸ਼ ਟੈਕਸ ਵਸੂਲਿਆ ਜਾਂਦਾ ਹੈ।ਜਨਤਾ ਨੂੰ ਸ਼ਾਇਦ ਇਹ ਅਹਿਸਾਸ ਵੀ ਨਹੀਂ ਹੁੰਦਾ ਕਿ ਉਹ ਸਵੇਰੇ ਉੱਠਣ ਤੋਂ ਲੈ ਕੇ ਰਾਤ ਤੱਕ ਹਰ ਮੋੜ 'ਤੇ ਇਹ ਗਊ ਟੈਕਸ ਤਾਰ ਰਹੇ ਹਨ। ਇਹ ਟੈਕਸ ਘਰਾਂ ਅਤੇ ਫੈਕਟਰੀਆਂ ਦੇ ਬਿਜਲੀ ਦੇ ਬਿੱਲਾਂ 'ਤੇ ਪ੍ਰਤੀ ਯੂਨਿਟ ਦੇ ਹਿਸਾਬ ਨਾਲ, ਨਵੀਆਂ ਗੱਡੀਆਂ (ਕਾਰ, ਬਾਈਕ) ਦੀ ਖਰੀਦ ਅਤੇ ਰਜਿਸਟਰੇਸ਼ਨ ਵੇਲੇ, ਸ਼ਰਾਬ ਦੀਆਂ ਬੋਤਲਾਂ ਦੀ ਵਿਕਰੀ 'ਤੇ, ਸੀਮੈਂਟ ਦੀ ਬੋਰੀ ਅਤੇ ਇੱਥੋਂ ਤੱਕ ਕਿ ਮੈਰਿਜ ਪੈਲੇਸਾਂ ਦੀ ਬੁਕਿੰਗ 'ਤੇ ਵੀ ਲਗਾਇਆ ਜਾਂਦਾ ਹੈ। ਰਿਪੋਰਟਾਂ ਮੁਤਾਬਕ ਇਹ ਪੈਸਾ ਜਾਂ ਤਾਂ ਸਰਕਾਰਾਂ ਆਪਣੇ ਦੂਜੇ ਪ੍ਰਸ਼ਾਸਨਿਕ ਖ਼ਰਚਿਆਂ ਅਤੇ ਘਾਟਿਆਂ ਨੂੰ ਪੂਰਾ ਕਰਨ ਲਈ ਡਾਇਵਰਟ (Diversion of Funds) ਕਰ ਲੈਂਦੀਆਂ ਹਨ, ਜਾਂ ਫਿਰ ਇਹ ਸਰਕਾਰੀ ਗਊਸ਼ਾਲਾਵਾਂ ਦੇ ਖਸਤਾ ਪ੍ਰਬੰਧ ਅਤੇ ਭ੍ਰਿਸ਼ਟਾਚਾਰ ਦੀ ਭੇਟ ਚੜ੍ਹ ਜਾਂਦਾ ਹੈ। ਕਈ ਨਿੱਜੀ ਗਊਸ਼ਾਲਾਵਾਂ ਵੀ ਦੁੱਧ ਦੇਣ ਵਾਲੀਆਂ ਗਾਵਾਂ ਅੰਦਰ ਰੱਖ ਕੇ ਬੇਕਾਰ ਪਸ਼ੂਆਂ ਅਤੇ ਸਾਂਡਾਂ ਨੂੰ ਚਾਰੇ ਦੇ ਖ਼ਰਚੇ ਤੋਂ ਬਚਣ ਲਈ ਚੁੱਪਚਾਪ ਰਾਤ ਦੇ ਹਨੇਰੇ ਵਿੱਚ ਬਾਜ਼ਾਰਾਂ ਵਿੱਚ ਛੱਡ ਦਿੰਦੀਆਂ ਹਨ। ਇਹ ਜਨਤਾ ਦੇ ਪੈਸੇ ਦੀ ਸਿੱਧੀ ਬਰਬਾਦੀ ਅਤੇ ਪ੍ਰਸ਼ਾਸਨਿਕ ਧੋਖਾ ਹੈ।

**ਹੁਣ ਆਵਾਰਾ ਪਸ਼ੂਆਂ ਬਾਰੇ ਵੀ ਸਖ਼ਤ ਕੇਂਦਰੀ ਕਾਨੂੰਨ ਦੀ ਲੋੜ :** ਜਿਸ ਤਰ੍ਹਾਂ ਸੁਪਰੀਮ ਕੋਰਟ ਨੇ ਕੁੱਤਿਆਂ ਦੇ ਮਾਮਲੇ ਵਿੱਚ ਸਖ਼ਤੀ ਦਿਖਾਈ ਹੈ, ਹੁਣ ਸਮਾਂ ਆ ਗਿਆ ਹੈ ਕਿ ਆਵਾਰਾ ਪਸ਼ੂਆਂ ਦੀ ਸਮੱਸਿਆ ਦੇ ਨਿਪਟਾਰੇ ਅਤੇ ਜਨਤਾ ਦੇ ਟੈਕਸ ਦੇ ਪੈਸੇ ਦੇ ਸਹੀ ਇਸਤੇਮਾਲ ਲਈ ਦੇਸ਼ ਵਿੱਚ ਇੱਕ ਠੋਸ ਅਤੇ ਸਖ਼ਤ ਕੇਂਦਰੀ ਕਾਨੂੰਨ ਬਣਾਇਆ ਜਾਵੇ।

**ਮਾਲਕਾਂ 'ਤੇ ਅਪਰਾਧਿਕ ਮੁਕੱਦਮਾ:** ਜੋ ਲੋਕ ਜਾਂ ਡੇਅਰੀ ਮਾਲਕ ਆਪਣੇ ਪਸ਼ੂਆਂ ਦਾ ਦੁੱਧ ਚੋਣ ਤੋਂ ਬਾਅਦ ਉਨ੍ਹਾਂ ਨੂੰ ਸੜਕਾਂ 'ਤੇ ਬੇਸਹਾਰਾ ਛੱਡ ਦਿੰਦੇ ਹਨ, ਉਨ੍ਹਾਂ 'ਤੇ ਸਿਰਫ਼ ਮਾਮੂਲੀ ਜੁਰਮਾਨਾ ਨਾ ਹੋਵੇ, ਸਗੋਂ ਉਨ੍ਹਾਂ ਖ਼ਿਲਾਫ਼ ਗੈਰ-ਜ਼ਮਾਨਤੀ ਧਾਰਾਵਾਂ ਤਹਿਤ ਮੁਕੱਦਮਾ ਦਰਜ ਕੀਤਾ ਜਾਵੇ। ਹਰ ਪਸ਼ੂ ਦੀ ਮਾਈਕ੍ਰੋਚਿਪ ਜਾਂ ਬਾਰਕੋਡ ਰਾਹੀਂ 100% ਡਿਜ਼ੀਟਲ ਟੈਗਿੰਗ (Tagging) ਲਾਜ਼ਮੀ ਹੋਵੇ।

**ਫੰਡਾਂ ਦਾ ਸਪੈਸ਼ਲ ਆਡਿਟ ਅਤੇ ਜਵਾਬਦੇਹੀ:** ਜਨਤਾ ਤੋਂ ਇਕੱਠੇ ਕੀਤੇ ਗਏ 'ਕਾਓ ਸੈੱਸ' ਦੇ ਇੱਕ-ਇੱਕ ਰੁਪਏ ਦਾ ਕਾਨੂੰਨੀ ਆਡਿਟ ਹੋਣਾ ਚਾਹੀਦਾ ਹੈ ਅਤੇ ਸਾਰਾ ਹਿਸਾਬ ਸਰਕਾਰੀ ਵੈੱਬਸਾਈਟਾਂ 'ਤੇ ਜਨਤਕ ਕੀਤਾ ਜਾਵੇ। ਜੇਕਰ ਕੋਈ ਅਧਿਕਾਰੀ ਜਾਂ ਨਗਰ ਨਿਗਮ ਇਸ ਫੰਡ ਵਿੱਚ ਭ੍ਰਿਸ਼ਟਾਚਾਰ ਕਰਦਾ ਹੈ, ਤਾਂ ਉਸ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਅਤੇ ਜੇਲ੍ਹ ਦੀ ਸਜ਼ਾ ਹੋਣੀ ਚਾਹੀਦੀ ਹੈ।

**ਆਧੁਨਿਕ ਸ਼ੈਲਟਰ ਅਤੇ ਨਸਬੰਦੀ:** ਬਜ਼ਾਰਾਂ ਅਤੇ ਗਲੀਆਂ ਵਿੱਚੋਂ ਪਸ਼ੂਆਂ ਅਤੇ ਕੁੱਤਿਆਂ ਨੂੰ ਹਟਾ ਕੇ ਉਨ੍ਹਾਂ ਨੂੰ ਸਰਕਾਰੀ ਨਿਗਰਾਨੀ ਹੇਠ ਚੱਲਣ ਵਾਲੀਆਂ ਆਧੁਨਿਕ, ਆਤਮ-ਨਿਰਭਰ ਗਊਸ਼ਾਲਾਵਾਂ ਅਤੇ ਐਨੀਮਲ ਸ਼ੈਲਟਰਾਂ ਵਿੱਚ ਭੇਜਿਆ ਜਾਵੇ।ਨਾਲ ਹੀ ਕੁੱਤਿਆਂ ਦੇ 100% ਨਸਬੰਦੀ ਅਤੇ ਟੀਕਾਕਰਨ ਦੀ ਮੁਹਿੰਮ ਨੂੰ ਇਮਾਨਦਾਰੀ ਨਾਲ ਲਾਗੂ ਕੀਤਾ ਜਾਵੇ।

ਇੱਕ ਲੇਖਕ ਵਜੋਂ ਮੇਰੀ ਇਹ ਆਵਾਜ਼ ਦੇਸ਼ ਦੇ ਹਰ ਉਸ ਨਾਗਰਿਕ ਦੀ ਆਵਾਜ਼ ਹੈ ਜੋ ਰੋਜ਼ਾਨਾ ਡਰ-ਡਰ ਕੇ ਸੜਕਾਂ 'ਤੇ ਨਿਕਲਦਾ ਹੈ। ਜੀਵ ਦਇਆ ਸਾਡੇ ਸੰਸਕਾਰਾਂ ਵਿੱਚ ਹੈ, ਪਰ ਮਨੁੱਖੀ ਜੀਵਨ ਦੀ ਕੀਮਤ 'ਤੇ ਪ੍ਰਸ਼ਾਸਨਿਕ ਨਾਕਾਮੀ ਅਤੇ ਟੈਕਸਾਂ ਦੀ ਦੁਰਵਰਤੋਂ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਜੇਕਰ ਹੁਣ ਵੀ ਕੇਂਦਰ ਅਤੇ ਰਾਜ ਸਰਕਾਰਾਂ ਨੇ ਅਵਾਰਾ ਪਸ਼ੂਆਂ ਅਤੇ ਕੁੱਤਿਆਂ ਦੇ ਵਿਗਿਆਨਕ ਅਤੇ ਕਾਨੂੰਨੀ ਪ੍ਰਬੰਧਨ ਲਈ ਕੋਈ ਠੋਸ ਕਦਮ ਨਾ ਚੁੱਕੇ ਤਾਂ ਸਾਡੇ ਸ਼ਹਿਰ ਅਤੇ ਬਾਜ਼ਾਰ ਇਨਸਾਨਾਂ ਲਈ ਰਹਿਣ ਯੋਗ ਨਹੀਂ ਰਹਿਣਗੇ। ਪ੍ਰਸ਼ਾਸਨ ਨੂੰ ਜਾਗਣਾ ਪਵੇਗਾ ਅਤੇ ਜਨਤਾ ਨੂੰ ਸੁਰੱਖਿਅਤ ਵਾਤਾਵਰਣ ਦੇਣਾ ਹੀ ਪਵੇਗਾ।




# ਜਨਗਣਨਾ: ਕੌਮੀ ਮਿਸ਼ਨ ਤੇ ਨਾਗਰਿਕਾਂ ਦੀ ਜ਼ਿੰਮੇਵਾਰੀ

**ਕਿਸੇ** ਵੀ ਦੇਸ਼ ਦੀ ਤਰੱਕੀ ਉਥੋਂ ਦੇ ਨਾਗਰਿਕਾਂ ਦੀ ਸਹੀ ਗਿਣਤੀ ਅਤੇ ਉਨ੍ਹਾਂ ਦੀਆਂ ਸਥਿਤੀਆਂ ਦੇ ਸਹੀ ਅੰਕੜਿਆਂ 'ਤੇ ਨਿਰਭਰ ਕਰਦੀ ਹੈ। ਭਾਰਤ ਵਿੱਚ 'ਜਨਗਣਨਾ 2026-27' ਸਿਰਫ਼ ਇੱਕ ਪ੍ਰਬੰਧਕੀ ਅਭਿਆਸ ਨਹੀ ਹੈ ਸਗੋਂ ਇਹ ਇੱਕ ਅਜਿਹਾ ਕੌਮੀ ਮਿਸ਼ਨ ਹੈ ਜੋ ਅਗਲੇ ਦਹਾਕੇ ਲਈ ਭਾਰਤ ਦੇ ਸਮਾਜਿਕ ਅਤੇ ਆਰਥਿਕ ਵਿਕਾਸ ਦੀ ਨੀਹ ਰੱਖੇਗਾ। ਇਹ ਸਿਰਫ਼ ਲੋਕਾਂ ਦੀ ਗਿਣਤੀ ਕਰਨ ਦੀ ਪ੍ਰਕਿਰਿਆ ਨਹੀ ਸਗੋਂ ਦੇਸ਼ ਦੇ ਸਮਾਜਿਕ, ਆਰਥਿਕ ਅਤੇ ਸੱਭਿਆਚਾਰਕ ਢਾਂਚੇ ਨੂੰ ਸਮਝਣ ਦਾ ਇੱਕ ਵਿਗਿਆਨਕ ਢੰਗ ਹੈ। ਭਾਰਤ ਵਰਗੇ ਵੱਡੇ ਅਤੇ ਵਿਭਿੰਨਤਾ ਭਰੇ ਦੇਸ਼ ਵਿੱਚ ਜਨਗਣਨਾ 2026 ਦੀ ਮਹੱਤਤਾ ਹੋਰ ਵੀ ਵਧ ਜਾਂਦੀ ਹੈ ਕਿਉਂਕਿ ਇਸ ਦੇ ਜ਼ਰੀਏ ਸਰਕਾਰ ਨੂੰ ਹਰ ਵਰਗ ਦੇ ਲੋਕਾਂ ਦੇ ਅਸਲ ਹਾਲਾਤ ਦਾ ਪਤਾ ਲੱਗਦਾ ਹੈ ਅਤੇ ਉਸ ਅਨੁਸਾਰ ਯੋਜਨਾਵਾਂ ਬਣਾਈਆਂ ਜਾਂਦੀਆਂ ਹਨ। ਦੋ ਪੜਾਵਾਂ ਵਿੱਚ ਹੋਣ ਵਾਲੀ ਜਨਗਣਨਾ ਦਾ ਮੁੱਖ ਉਦੇਸ਼ ਦੇਸ਼ ਦੀ ਆਬਾਦੀ ਨਾਲ ਸਬੰਧਿਤ ਸਹੀ ਅਤੇ ਵਿਸਥਾਰਪੂਰਵਕ ਜਾਣਕਾਰੀ ਇਕੱਠੀ ਕਰਨੀ ਹੈ। ਇਸ ਵਿੱਚ ਲੋਕਾਂ ਦੀ ਉਮਰ, ਲਿੰਗ ਅਨੁਪਾਤ, ਸਿੱਖਿਆ ਦਾ ਦਰਜਾ, ਪੇਸ਼ਾ, ਆਮਦਨ ਦੇ ਸਰੋਤ, ਰਹਿਣ ਦੀ ਸਥਿਤੀ ਅਤੇ ਹੋਰ ਕਈ ਪੱਖਾਂ ਬਾਰੇ ਜਾਣਕਾਰੀ ਸ਼ਾਮਿਲ ਹੁੰਦੀ ਹੈ। ਇਹ ਸਾਰੀ ਜਾਣਕਾਰੀ ਦੇਸ਼ ਦੀਆਂ ਯੋਜਨਾਵਾਂ ਬਣਾਉਣ ਵਿੱਚ ਬੁਨਿਆਦੀ ਭੂਮਿਕਾ ਨਿਭਾਏਗੀ। ਜੇਕਰ ਜਨਗਣਨਾ ਦੇ ਅੰਕੜੇ ਸਹੀ ਹੋਣ ਤਾਂ ਸਰਕਾਰ ਵੱਲੋਂ ਬਣਾਈਆਂ ਯੋਜਨਾਵਾਂ ਵੀ ਜ਼ਿਆਦਾ ਪ੍ਰਭਾਵਸ਼ਾਲੀ ਅਤੇ ਲਾਭਕਾਰੀ ਹੁੰਦੀਆਂ ਹਨ। ਇਸ ਤੋਂ ਇਲਾਵਾ, ਇਸ ਵਾਰ ਜਾਤੀ ਅਧਾਰਿਤ ਅੰਕੜਿਆਂ ਦੀ ਮੰਗ ਨੇ ਵੀ ਇਸ ਪ੍ਰਕਿਰਿਆ ਨੂੰ ਸਮਾਜਿਕ ਨਿਆਂ ਦੇ ਨਜ਼ਰੀਏ ਤੋਂ ਬਹੁਤ ਅਹਿਮ ਬਣਾ ਦਿੱਤਾ ਹੈ। ਸਮਝਿਆ ਜਾਵੇ ਤਾਂ ਜਨਗਣਨਾ ਸਿਰਫ਼ ਇੱਕ ਅੰਕੜਾ ਅਭਿਆਸ ਨਹੀ ਹੈ, ਸਗੋਂ ਇਹ ਕਿਸੇ ਵੀ ਲੋਕਤੰਤਰ ਦੀ ਆਤਮਾ ਹੈ ਜੋ ਸਾਨੂੰ ਦੱਸਦੀ ਹੈ ਕਿ ਅਸੀ ਕੌਣ ਹਾਂ, ਕਿੱਥੇ ਖੜ੍ਹੇ ਹਾਂ ਅਤੇ ਸਾਨੂੰ ਕਿਸ ਦਿਸ਼ਾ ਵੱਲ ਵਧਣ ਦੀ ਲੋੜ ਹੈ। ਭਾਰਤ ਵਰਗੇ ਵਿਸ਼ਾਲ ਭੂਗੋਲਿਕ ਅਤੇ ਸੱਭਿਆਚਾਰਕ ਵਿਭਿੰਨਤਾ ਵਾਲੇ ਦੇਸ਼ ਵਿੱਚ ਜਨਗਣਨਾ ਇੱਕ ਅਜਿਹਾ ਮਹਾਂ-ਕੁੰਭ ਹੈ ਜੋ ਅਗਲੇ ਕਈ ਦਹਾਕਿਆਂ ਲਈ ਕੌਮੀ ਨੀਤੀਆਂ ਦਾ ਮਾਰਗ ਦਰਸ਼ਕ ਬਣੇਗਾ। ਭਾਰਤ ਵਿੱਚ ਜਨਗਣਨਾ ਦਾ ਇਤਿਹਾਸ ਬਹੁਤ ਪੁਰਾਣਾ ਹੈ। ਆਧੁਨਿਕ ਸਮੇਂ ਵਿੱਚ ਪਹਿਲੀ ਵਾਰ 1872 ਵਿੱਚ ਇਸ ਦੀ ਸ਼ੁਰੂਆਤ ਹੋਈ ਸੀ ਅਤੇ 1881 ਤੋਂ ਇਹ ਹਰ 10 ਸਾਲ ਬਾਅਦ ਲਗਾਤਾਰ ਹੋ ਰਹੀ ਹੈ। ਭਾਰਤੀ ਸੰਵਿਧਾਨ ਦੀ ਸੱਤਵੀ ਅਨੁਸੂਚੀ ਦੇ ਅਨੁਸਾਰ ਜਨਗਣਨਾ ਕਰਵਾਉਣਾ ਕੇਂਦਰ ਸਰਕਾਰ ਦੀ ਜ਼ਿੰਮੇਵਾਰੀ ਹੈ। ਇਸ ਵਾਰ ਦੀ ਗਣਨਾ ਇਸ ਲਈ ਵੀ ਵਿਲੱਖਣ ਹੈ ਕਿਉਂਕਿ ਇਹ ਕੋਵਿਡ-19 ਵਰਗੀ ਆਲਮੀ ਮਹਾਮਾਰੀ ਤੋਂ ਬਾਅਦ ਅਤੇ ਦਸ ਦੀ ਥਾਂ ਪੰਦਰਾਂ ਸਾਲਾਂ ਬਾਅਦ ਹੋ ਰਹੀ ਹੈ। ਕੋਵਿਡ ਮਹਾਮਾਰੀ ਨੇ ਜਿੱਥੇ ਸਮੁੱਚੇ ਸੰਸਾਰ ਨੂੰ ਪ੍ਰਭਾਵਿਤ ਕੀਤਾ, ਉੱਥੇ ਇਸ ਨੇ ਸਾਡੇ ਸਮਾਜਿਕ ਅਤੇ ਆਰਥਿਕ ਢਾਂਚੇ ਨੂੰ ਵੀ ਬੁਨਿਆਦੀ ਤੌਰ 'ਤੇ ਕਾਫ਼ੀ ਬਦਲ ਦਿੱਤਾ ਹੈ। ਜਦੋਂ ਅਸੀ ਜਣਗਣਨਾ ਨੂੰ ਇੱਕ 'ਕੌਮੀ ਲੋੜ' ਕਹਿੰਦੇ ਹਾਂ ਤਾਂ ਇਸ ਦਾ ਅਸਲ ਅਰਥ ਇਹ ਹੈ ਕਿ ਦੇਸ਼ ਦੇ ਹਰ ਹਸਪਤਾਲ ਵਿੱਚ ਸਿਹਤ ਸਹੂਲਤਾਂ ਦਾ ਮਿਆਰ ਤੇ

**ਮਨਪ੍ਰੀਤ ਸਿੰਘ ਰੂਬੀ**

ਉੱਪਲਬਧਤਾ, ਹਰ ਪਿੰਡ ਵਿੱਚ ਸਕੂਲੀ ਸਿੱਖਿਆ ਦਾ ਪ੍ਰਬੰਧ ਅਤੇ ਹਰ ਸ਼ਹਿਰ ਤੇ ਪਿੰਡ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਵਰਗੀਆਂ ਮੁੱਢਲੀਆਂ ਸਹੂਲਤਾਂ ਤੋਂ ਇਲਾਵਾ ਹੋਰ ਸਾਰੀਆਂ ਸਹੂਲਤਾਂ ਇਨ੍ਹਾਂ ਅੰਕੜਿਆਂ ਦੇ ਆਧਾਰ 'ਤੇ ਨਿਰਭਰ ਕਰਨਗੀਆਂ। ਇਸ ਵਾਰ ਹੋ ਰਹੀ ਜਨਗਣਨਾ ਦੀ ਗੱਲ ਕਰੀਏ ਤਾਂ 2026-27 ਦੀ ਜਨਗਣਨਾ ਵਿਸ਼ਵ ਦੀ ਪਹਿਲੀ ਪੇਪਰ-ਲੈੱਸ ਜਨਗਣਨਾ ਹੈ। ਇਸ ਪ੍ਰਕਿਰਿਆ ਦਾ ਡਿਜੀਟਲ ਹੋਣਾ ਹੀ ਸਭ ਤੋਂ ਵੱਡੀ ਵਿਸ਼ੇਸ਼ਤਾ ਹੈ। ਜਨਗਣਨਾ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੈ ਕਿ ਗਿਣਤੀਕਾਰ ਕਾਗਜ਼ੀ ਫਾਰਮ ਦੀ ਥਾਂ ਮੋਬਾਈਲ ਐਪਲੀਕੇਸ਼ਨਾਂ ਅਤੇ ਟੈਬਲੇਟਾਂ ਦੀ ਵਰਤੋਂ ਕਰਕੇ ਇਸ ਮੁਹਿੰਮ ਨੂੰ ਨੇਪਰੇ ਚਾੜ੍ਹਨਗੇ। ਇਸ ਵਾਰ ਵਰਤੀ ਜਾਣ ਵਾਲੀ ਡਿਜੀਟਲ ਤਕਨੀਕ ਜਿਵੇਂ ਕਿ ਮੋਬਾਈਲ ਐਪ ਅਤੇ ਸਵੈ-ਗਣਨਾ ਪੋਰਟਲ ਨਾ ਸਿਰਫ਼ ਪਾਰਦਰਸ਼ਤਾ ਲਿਆਉਣਗੇ ਸਗੋਂ ਇਕੱਤਰ ਕੀਤੇ ਡਾਟੇ ਨਾਲ ਛੇੜਛਾੜ ਦੀ ਗੁੰਜਾਇਸ਼ ਨੂੰ ਵੀ ਖ਼ਤਮ ਕਰ ਦੇਣਗੇ। ਇਹ ਪਹਿਲੀ ਵਾਰ ਹੋਵੇਗਾ ਕਿ ਅੰਕੜੇ ਇਕੱਠੇ ਕਰਨ ਅਤੇ ਉਨ੍ਹਾਂ ਦੇ ਵਿਸ਼ਲੇਸ਼ਣ ਵਿੱਚ ਲੱਗਣ ਵਾਲਾ ਸਮਾਂ ਅੱਧੇ ਤੋਂ ਵੀ ਘੱਟ ਰਹਿ ਜਾਵੇਗਾ ਜਿਸ ਨਾਲ ਸਰਕਾਰ ਤੁਰੰਤ ਪ੍ਰਭਾਵੀ ਕਦਮ ਚੁੱਕ ਸਕੇਗੀ। ਇਸ ਤੋਂ ਇਲਾਵਾ ਇਸ ਵਾਰ ਦੇਸ਼ ਦੀ ਜਨਤਾ ਨੂੰ ਸਵੈ-ਗਣਨਾ ਦੀ ਸਹੂਲਤ ਵੀ ਦਿੱਤੀ ਗਈ ਹੈ। ਸਵੈ-ਗਣਨਾ ਸਹੂਲਤ ਦੀ ਵਰਤੋਂ ਕਰਦਿਆਂ ਨਾਗਰਿਕ ਨਿਰਧਾਰਿਤ ਪੋਰਟਲ 'ਤੇ ਜਾ ਕੇ ਆਪਣੀ ਅਤੇ ਆਪਣੇ ਪਰਿਵਾਰ ਦੀ ਜਾਣਕਾਰੀ ਖ਼ੁਦ ਭਰ ਸਕਦੇ ਹਨ। ਇਸ ਨਾਲ ਸਮੇਂ ਦੀ ਬੱਚਤ ਹੋਵੇਗੀ ਅਤੇ ਅੰਕੜਿਆਂ ਵਿੱਚ ਗਲਤੀ ਦੀ ਗੁੰਜਾਇਸ਼ ਘੱਟ ਜਾਵੇਗੀ। ਇਹ ਜਨਗਣਨਾ ਦੋ ਪੜਾਵਾਂ ਵਿੱਚ ਹੋ ਰਹੀ ਹੈ। ਪਹਿਲੇ ਪੜਾਅ ਵਿੱਚ ਗਿਣਤੀਕਾਰ ਆਪਣੇ ਅਧਿਕਾਰ ਖੇਤਰ ਦੀਆਂ ਇਮਾਰਤਾਂ ਦੀ ਪਹਿਚਾਣ ਕਰਦਿਆਂ ਹਾਊਸ ਲਿਸਟਿੰਗ ਕਰੇਗਾ ਅਤੇ ਇਹ ਕੰਮ ਮਈ ਤੋਂ ਜੂਨ 2026 ਵਿੱਚ ਮੁਕੰਮਲ ਕੀਤਾ ਜਾਵੇਗਾ ਜਦਕਿ ਦੂਜੇ ਪੜਾਅ ਵਿੱਚ ਹਰ ਪਰਿਵਾਰ ਦੇ ਹਰ ਜੀਅ ਸਬੰਧੀ ਜਾਣਕਾਰੀ ਇਕੱਤਰ ਕੀਤੀ ਜਾਵੇਗੀ ਅਤੇ ਇਹ ਪੜਾਅ ਫਰਵਰੀ-2027 ਵਿੱਚ ਮੁਕੰਮਲ ਕੀਤਾ ਜਾਵੇਗਾ। ਇਸ ਦੇ ਨਾਲ ਹੀ ਜਾਤ ਆਧਾਰਿਤ ਸਰਵੇਖਣ ਵੀ ਕੀਤਾ ਜਾਵੇਗਾ। ਜਾਤ ਆਧਾਰਿਤ ਸਰਵੇਖਣ ਸਾਡੇ ਦੇਸ਼ ਵਿੱਚ 1931 ਤੋਂ ਬਾਅਦ ਪਹਿਲੀ ਵਾਰ ਹੋ ਰਿਹਾ ਹੈ। ਇਸ ਲਈ ਇਹ ਜਨਗਣਨਾ ਹੋਰ ਵੀ ਵਧੇਰੇ ਮਹੱਤਪੂਰਨ ਹੋ ਜਾਂਦੀ ਹੈ। ਅਕਸਰ ਦੇਖਿਆ ਗਿਆ ਹੈ ਕਿ ਕੁਝ ਘੱਟ ਜਾਣਕਾਰੀ ਰੱਖਣ ਵਾਲੇ ਲੋਕ ਆਪਣੀ ਜਾਇਦਾਦ ਜਾਂ ਪਰਿਵਾਰਕ ਮੈਂਬਰਾਂ ਦੀ ਗਿਣਤੀ ਦੱਸਣ ਤੋਂ ਕਤਰਾਉਂਦੇ ਹਨ ਕਿਉਂਕਿ ਉਨ੍ਹਾਂ ਨੂੰ ਲਗਦਾ ਹੈ ਕਿ ਇਸ ਨਾਲ ਉਨ੍ਹਾਂ ਦੇ ਟੈਕਸ ਵਧ ਸਕਦੇ ਹਨ ਜਾਂ ਕੋਈ ਸਰਕਾਰੀ ਸਹੂਲਤ ਕੱਟੀ ਜਾ ਸਕਦੀ ਹੈ। ਇੱਥੇ ਪੜ੍ਹੇ-ਲਿਖੇ ਵਰਗ ਅਤੇ ਸਥਾਨਕ ਆਗੂਆਂ ਦੀ ਭੂਮਿਕਾ ਹੋਰ ਵੀ ਅਹਿਮ ਹੋ ਜਾਂਦੀ ਹੈ ਕਿਉਂਕਿ ਉਹ ਹੀ ਅਜਿਹੇ ਲੋਕਾਂ ਨੂੰ ਭਰੋਸੇ ਵਿੱਚ ਲੈ ਕੇ ਜਾਗਰੂਕ ਕਰ ਸਕਦੇ ਹਨ। ਪੰਜਾਬ ਵਰਗੇ ਸੂਬੇ ਜਿੱਥੇ ਖੇਤੀਬਾੜੀ ਅਤੇ ਨੌਜਵਾਨਾਂ ਦਾ ਵਿਦੇਸ਼ ਜਾਣ ਦਾ ਰੁਝਾਨ ਇੱਕ ਵੱਡਾ ਮੁੱਦਾ ਹੈ ਉੱਥੇ ਸਹੀ ਜਨਗਣਨਾ ਇਹ ਸਪੱਸ਼ਟ ਕਰੇਗੀ ਕਿ ਸਾਡੀ ਕਿੰਨੀ ਮਨੁੱਖੀ ਸ਼ਕਤੀ ਬਾਹਰ ਜਾ ਰਹੀ ਹੈ ਅਤੇ ਸਾਨੂੰ ਸਥਾਨਕ ਪੱਧਰ 'ਤੇ ਰੁਜ਼ਗਾਰ ਦੇ ਕਿੰਨੇ ਮੌਕੇ ਪੈਦਾ ਕਰਨ ਦੀ ਲੋੜ ਹੈ। ਅੰਤ ਵਿੱਚ ਕਿਹਾ ਜਾ ਸਕਦਾ ਹੈ ਕਿ ਜਨਗਣਨਾ 2026-27 ਸਾਨੂੰ ਇਹ ਦੱਸੇਗੀ ਕਿ ਅਸੀ ਇੱਕ ਰਾਸ਼ਟਰ ਵਜੋਂ ਕਿੱਥੋਂ ਤੱਕ ਸਫ਼ਲ ਹੋਏ ਹਾਂ ਅਤੇ ਕਿੱਥੇ ਸਾਨੂੰ ਸੁਧਾਰਾਂ ਦੀ ਲੋੜ ਹੈ। ਇੱਕ ਆਮ ਨਾਗਰਿਕ ਵਲੋਂ ਦਿੱਤੀ ਸੱਚੀ ਜਾਣਕਾਰੀ ਅਤੇ ਸਹੀ ਜਵਾਬ ਦੇਸ਼ ਦੀ ਤਰੱਕੀ ਵਿੱਚ ਇੱਕ ਮੀਲ ਪੱਥਰ ਸਾਬਤ ਹੋ ਸਕਦਾ ਹੈ।

# ਪੰਜਾਬੀਆਂ ਦੀ ਜੱਦੋਜਹਿਦ ਦਾ ਸਿਰਨਾਵਾਂ ਗੁਰੂ ਨਾਨਕ ਜਹਾਜ਼



**ਮੌਜੂਦਾ** ਸਮੇਂ ਵਾਂਗ 20ਵੀ ਸਦੀ ਦੀ ਸ਼ੁਰੂਆਤ ਵਿੱਚ ਵੀ ਪੰਜਾਬੀਆਂ ਵੱਲੋਂ ਕੈਨੇਡਾ ਵਰਗੇ ਮੁਲਕਾਂ ਵਿੱਚ ਜਾ ਕੇ ਵੱਸਣ ਨੂੰ ਤਰਜੀਹ ਦਿੱਤੀ ਜਾ ਰਹੀ ਸੀ। ਕੈਨੇਡਾ ਉਸ ਵਕਤ ਬਰਤਾਨਵੀ ਸਾਮਰਾਜ ਦੇ ਅਧਿਕਾਰ ਹੇਠ ਸੀ, ਪਰ ਕੈਨੇਡਾ ਨੂੰ ਆਪਣੇ ਅੰਦਰੂਨੀ ਫ਼ੈਸਲੇ ਲੈਣ ਦੀ ਖੁੱਲ੍ਹ ਸੀ। ਕੈਨੇਡਾ ਵਿੱਚ ਪੰਜਾਬੀਆਂ ਦੇ ਦਾਖ਼ਲੇ ਨੂੰ ਰੋਕਣ ਲਈ ਕੈਨੇਡਾ ਦੀ ਸਰਕਾਰ ਵੱਲੋਂ ਦੋ ਅਹਿਮ ਕਾਨੂੰਨ ਬਣਾਏ ਗਏ। ਇਨ੍ਹਾਂ ਕਾਨੂੰਨਾਂ ਅਨੁਸਾਰ ਭਾਰਤ ਤੋਂ ਕੈਨੇਡਾ ਸਿੱਧਾ ਜਾਣ ਵਾਲੇ ਯਾਤਰੀਆਂ ਨੂੰ ਛੱਡ ਕੇ ਹੋਰਨਾਂ ਦੇਸ਼ਾਂ ਵਿਚਦੀ ਜਾਣ ਵਾਲੇ ਯਾਤਰੀਆਂ ਨੂੰ ਕੈਨੇਡੀਅਨ ਇਮੀਗ੍ਰੇਸ਼ਨ ਅਧਿਕਾਰੀ ਰੋਕ ਸਕਦੇ ਸਨ। ਦੂਸਰਾ ਜੇਕਰ ਕਿਸੇ ਯਾਤਰੀ ਕੋਲ 200 ਡਾਲਰ ਤੋਂ ਘੱਟ ਰਾਸ਼ੀ ਹੁੰਦੀ ਤਾਂ ਵੀ ਕੈਨੇਡੀਅਨ ਅਧਿਕਾਰੀ ਯਾਤਰੀ ਨੂੰ ਕੈਨੇਡਾ ਵਿੱਚ ਦਾਖ਼ਲੇ ਤੋਂ ਜਵਾਬ ਦੇ ਸਕਦੇ ਸਨ।

20ਵੀ ਸਦੀ ਦੀ ਸ਼ੁਰੂਆਤ ਵਿੱਚ ਭਾਰਤੀ ਜਿਨ੍ਹਾਂ ਵਿੱਚ ਵਧੇਰੇ ਵਸੋਂ ਪੰਜਾਬੀਆਂ ਦੀ ਸੀ, ਕੈਨੇਡਾ ਦੇ ਬ੍ਰਿਟਿਸ਼ ਕੋਲੰਬੀਆ ਸੂਬੇ ਵਿੱਚ ਵੱਸਣੇ ਸ਼ੁਰੂ ਹੋ ਗਏ। ਕੈਨੇਡਾ ਅਤੇ ਅਮਰੀਕਾ ਹਮੇਸ਼ਾਂ ਚੀਨ ਅਤੇ ਜਪਾਨੀਆਂ ਦਾ ਆਪਣੇ ਦੇਸ਼ਾਂ ਵਿੱਚ ਵੱਸਣ ਦਾ ਵਿਰੋਧ ਕਰਦੇ ਰਹੇ। ਅਖੀਰ 1908 ਵਿੱਚ ਕੈਨੇਡਾ ਨੇ ਭਾਰਤ ਤੋਂ ਵੀ ਇਮੀਗ੍ਰੇਸ਼ਨ ਬੰਦ ਕਰ ਦਿੱਤੀ। ਜਦੋਂਕਿ ਅਮਰੀਕਾ ਵੱਲੋਂ ਇਹੀ ਫ਼ੈਸਲਾ ਸੰਨ 1910 ਵਿੱਚ ਲਾਗੂ ਕਰ ਦਿੱਤਾ ਗਿਆ। ਉਪਰੋਕਤ ਜ਼ਿਕਰ ਕੀਤੇ ਗਏ ਕਾਨੂੰਨ ਕੈਨੇਡਾ ਵੱਲੋਂ ਪੂਰੀ ਤਰ੍ਹਾਂ ਲਾਗੂ ਕਰ ਦਿੱਤੇ ਗਏ। ਇਸ ਦੇ ਚੱਲਦਿਆਂ ਇੱਕ ਕੈਨੇਡੀਅਨ ਜੱਜ ਵੱਲੋਂ 38 ਪੰਜਾਬੀਆਂ ਨੂੰ ਦੇਸ਼ ਨਿਕਾਲਾ ਦੇਣ ਦੇ ਇਮੀਗ੍ਰੇਸ਼ਨ ਵਿਭਾਗ ਦੇ ਹੁਕਮ ਰੱਦ ਕਰ ਦਿੱਤੇ ਗਏ। ਕੈਨੇਡਾ ਦੇ ਇਮੀਗ੍ਰੇਸ਼ਨ ਅਧਿਕਾਰੀਆਂ ਵੱਲੋਂ ਇਹ ਹੁਕਮ ਇਸ ਲਈ ਦਿੱਤੇ ਗਏ ਸਨ, ਕਿਉਂਕਿ ਉਹ ਭਾਰਤ ਤੋਂ ਸਿੱਧਾ ਕੈਨੇਡਾ ਜਾਣ ਦੀ ਬਜਾਏ ਜਪਾਨ ਰਾਹੀ ਕੈਨੇਡਾ ਪਹੁੰਚੇ ਸਨ।

ਦੂਸਰੇ ਪਾਸੇ ਕੈਨੇਡਾ ਦੇ ਧਨਾਢ ਸਿੱਖ ਜ਼ਿਲ੍ਹਾ ਤਰਨ ਤਾਰਨ ਦੇ ਪਿੰਡ ਸਰਹਾਲੀ ਦੇ ਵਸਨੀਕ ਬਾਬਾ ਗੁਰਦਿੱਤ ਸਿੰਘ ਨੇ ਪੰਜਾਬੀਆਂ ਨੂੰ ਕੈਨੇਡਾ ਪਹੁੰਚਾਉਣ ਦੇ ਉਦੇਸ਼ ਨਾਲ ਸਮੁੰਦਰੀ ਜਹਾਜ਼ ਕਿਰਾਏ 'ਤੇ ਲੈਣ ਦੀ ਯੋਜਨਾ ਬਣਾਈ, ਪਰ ਬਹੁਤੀਆਂ ਕੰਪਨੀਆਂ ਅੰਗਰੇਜ਼ੀ ਸਾਮਰਾਜ ਦੇ ਅਧੀਨ ਹੋਣ ਕਾਰਨ ਉਨ੍ਹਾਂ ਬਰਤਾਨਵੀ ਸਾਮਰਾਜ ਤੋਂ ਆਜ਼ਾਦ ਮੁਲਕ ਹਾਂਗਕਾਂਗ ਦੀ ਕੰਪਨੀ ਐੱਸ.ਐੱਸ. ਕਾਮਾਗਾਟਾਮਾਰੂ ਦਾ ਜਹਾਜ਼ ਕਿਰਾਏ 'ਤੇ ਲੈ ਲਿਆ। ਇਹ ਜਹਾਜ਼ ਲਗਭਗ 20 ਕੁ ਸਾਲਾਂ ਤੋਂ ਜਰਮਨ ਮਾਲਕੀ ਅਧੀਨ ਚੱਲ ਰਿਹਾ ਸੀ ਅਤੇ ਇਸ ਨੂੰ ਇੱਕ ਵਪਾਰਕ ਜਹਾਜ਼ ਵਜੋਂ ਵਰਤਿਆ ਜਾ ਰਿਹਾ ਸੀ। ਬਾਬਾ ਗੁਰਦਿੱਤ ਸਿੰਘ ਵੱਲੋਂ ਹਾਂਗਕਾਂਗ ਵਿੱਚ ਹਜ਼ਾਰਾਂ ਪੰਜਾਬੀਆਂ ਨਾਲ ਮੁਲਾਕਾਤ ਕੀਤੀ ਗਈ ਜੋ ਕੈਨੇਡਾ ਅਤੇ ਅਮਰੀਕਾ ਜਾ ਵੱਸਣ ਦੇ ਚਾਹਵਾਨ ਸਨ। ਜਹਾਜ਼ ਕਿਰਾਏ 'ਤੇ ਲੈਣ ਤੋਂ ਬਾਅਦ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈ ਕੇ ਜਹਾਜ਼ ਦਾ ਨਾਮ ਗੁਰੂ ਨਾਨਕ ਜਹਾਜ਼ ਰੱਖਿਆ ਗਿਆ।

ਇਸ ਤੋਂ ਠੀਕ ਤਿੰਨ ਮਹੀਨੇ ਬਾਅਦ ਗੁਰੂ ਨਾਨਕ ਜਹਾਜ਼ ਨੇ ਹਾਂਗਕਾਂਗ ਤੋਂ ਵੈਨਕੂਵਰ ਵੱਲ ਨੂੰ ਚਾਲੇ ਪਾ ਦਿੱਤੇ। ਜਹਾਜ਼ ਦੇ ਮੁੱਖ ਪ੍ਰਬੰਧਕ ਬਾਬਾ ਗੁਰਦਿੱਤ ਸਿੰਘ ਸਮੇਤ ਹੋਰਨਾਂ ਪ੍ਰਬੰਧਕਾਂ ਨੂੰ ਇਹ ਵਿਸ਼ਵਾਸ ਸੀ ਕਿ ਇੱਕ ਕੈਨੇਡੀਅਨ ਅਦਾਲਤ ਵੱਲੋਂ ਭਾਰਤੀਆਂ ਦੇ ਹੱਕ ਵਿੱਚ ਕੀਤੇ ਗਏ ਫ਼ੈਸਲੇ ਦਾ ਲਾਭ ਜ਼ਰੂਰ ਹੋਵੇਗਾ, ਪਰ ਜਹਾਜ਼ ਦੇ ਪ੍ਰਬੰਧਕਾਂ ਨੂੰ ਕੈਨੇਡਾ ਸਰਕਾਰ ਦੁਆਰਾ ਵਿਦੇਸ਼ੀਆਂ ਦੇ ਕੈਨੇਡਾ ਵਿੱਚ ਦਾਖਲ ਹੋਣ ਸਬੰਧੀ ਬਣਾਏ ਗਏ ਸਖ਼ਤ ਕਾਨੂੰਨਾਂ ਬਾਰੇ ਭੋਰਾ ਵੀ ਜਾਣਕਾਰੀ ਨਹੀ ਸੀ। ਵੈਨਕੂਵਰ ਵੱਲ ਨੂੰ ਵਧ ਰਹੇ ਜਹਾਜ਼ ਵਿੱਚ ਆਪੋ ਆਪਣੇ ਧਰਮ ਅਨੁਸਾਰ ਸਮਾਗਮ ਕਰਨ ਦਾ ਵੀ ਪ੍ਰਬੰਧ ਸੀ। ਇਸ ਤੋਂ ਇਲਾਵਾ ਹੋਰ ਸਿਆਸੀ ਸਮਾਗਮ ਕਰਨ ਦਾ ਵੀ ਪੂਰਾ ਪ੍ਰਬੰਧ ਸੀ। ਜਹਾਜ਼ ਵਿੱਚ ਸਾਰੇ ਯਾਤਰੀ ਪੰਜਾਬੀ ਸਨ। ਇਨ੍ਹਾਂ ਕੁੱਲ ਯਾਤਰੀਆਂ ਵਿੱਚ ਦੋ ਔਰਤਾਂ ਅਤੇ ਚਾਰ ਬੱਚਿਆਂ ਤੋਂ ਇਲਾਵਾ ਬਾਕੀ ਸਾਰੇ ਮਰਦ ਸਨ। ਇਨ੍ਹਾਂ ਯਾਤਰੀਆਂ ਵਿੱਚੋਂ 337 ਸਿੱਖ, 27 ਮੁਸਲਮਾਨ ਅਤੇ 12 ਹਿੰਦੂ ਸਨ। ਮੁਸਲਮਾਨਾਂ ਵਿੱਚੋਂ ਜ਼ਿਆਦਾਤਰ ਜ਼ਿਲ੍ਹਾ ਸ਼ਾਹਪੁਰ (ਪਾਕਿਸਤਾਨ) ਦੇ ਰਹਿਣ ਵਾਲੇ ਦੱਸੇ ਜਾਂਦੇ ਹਨ। 21 ਮਈ ਸੰਨ 1914 ਨੂੰ ਇਹ ਜਹਾਜ਼ ਕੈਨੇਡੀਅਨ ਪਾਣੀਆਂ ਵਿੱਚ ਦਾਖਲ ਹੋਇਆ ਅਤੇ 23 ਮਈ ਨੂੰ ਵੈਨਕੂਵਰ ਦੀ ਹਰਬਰ ਬੰਦਰਗਾਹ 'ਤੇ ਲਗਾ ਦਿੱਤਾ ਗਿਆ।

ਬਾਬਾ ਗੁਰਦਿੱਤ ਸਿੰਘ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਨੂੰ ਇਹ ਵੀ ਇਲਮ ਸੀ ਕਿ ਕੈਨੇਡਾ ਦੀ ਧਰਤੀ 'ਤੇ ਉਤਰਨਾ ਉਨ੍ਹਾਂ ਲਈ ਕੋਈ ਸੌਖਾ ਕੰਮ ਨਹੀ ਕਿਉਂਕਿ ਭਾਰਤੀਆਂ ਨੂੰ ਕੈਨੇਡਾ ਆਉਣ ਤੋਂ ਰੋਕਣ ਲਈ ਤਾਂ ਕੈਨੇਡਾ ਸਰਕਾਰ ਪਹਿਲਾਂ ਹੀ ਸਖ਼ਤ ਕਾਨੂੰਨ ਬਣਾ ਚੁੱਕੀ ਸੀ। ਸੋ ਕੈਨੇਡਾ ਬੰਦਰਗਾਹ ਦੇ ਅਧਿਕਾਰੀਆਂ ਨੇ ਕਿਸੇ ਵੀ ਯਾਤਰੀ ਨੂੰ ਧਰਤੀ ਉੱਪਰ ਆਉਣ ਦੀ ਆਗਿਆ ਨਾ ਦਿੱਤੀ। ਯਾਤਰੀਆਂ ਦੇ ਕੈਨੇਡਾ ਵਿਚਲੇ ਰਿਸ਼ਤੇਦਾਰ ਜਾਂ ਹੋਰ ਸਕੇ

**ਗੁਰਪ੍ਰੀਤ ਸਿੰਘ ਤਲਵੰਡੀ**

ਸਬੰਧੀਆਂ ਵੱਲੋਂ ਵਕੀਲ ਕਰਕੇ ਕੈਨੇਡੀਅਨ ਅਧਿਕਾਰੀਆਂ ਨਾਲ ਗੱਲਬਾਤ ਆਰੰਭੀ ਗਈ। ਇਸ ਤੋਂ ਬਾਅਦ ਦੋਵੇਂ ਹੀ ਧਿਰਾਂ ਵੱਲੋਂ ਬ੍ਰਿਟਿਸ਼ ਕੋਲੰਬੀਆ ਕੋਰਟ ਵਿੱਚ ਕੇਸ ਲਿਜਾਣ ਦੀ ਸਹਿਮਤੀ ਬਣੀ, ਪ੍ਰੰਤੂ ਜਹਾਜ਼ ਦੇ ਯਾਤਰੀਆਂ ਨੂੰ ਕਿਧਰੋਂ ਵੀ ਕੋਈ ਲਾਭ ਨਹੀ ਮਿਲਿਆ। ਸਮੁੱਚੇ ਜਹਾਜ਼ ਦੇ ਯਾਤਰੀ ਹੇਠਲੀ ਅਦਾਲਤ ਦੇ ਫ਼ੈਸਲੇ ਨੂੰ ਕੈਨੇਡਾ ਦੀ ਸੁਪਰੀਮ ਕੋਰਟ ਜਾਂ ਲੰਡਨ ਸਥਿਤ ਬ੍ਰਿਟਿਸ਼ ਕੌਂਸਲ ਕੋਲ ਅਪੀਲ ਕਰਨ ਦੇ ਸਮਰੱਥ ਨਹੀ ਸਨ ਕਿਉਂਕਿ ਸਾਰੇ ਆਰਥਿਕ ਮੰਦਹਾਲੀ ਦਾ ਸ਼ਿਕਾਰ ਸਨ।

ਹੇਠਲੀ ਅਦਾਲਤ ਦੇ ਫ਼ੈਸਲੇ ਤੋਂ ਬਾਅਦ ਭਾਵੇਂ ਜਹਾਜ਼ ਦੀ ਭਾਰਤ ਵਾਪਸੀ ਦਾ ਰਾਹ ਪੱਧਰਾ ਹੋ ਗਿਆ ਸੀ, ਪਰ ਇਹ ਮਸਲਾ ਇੱਕ ਵਾਰ ਫਿਰ ਉਲਝ ਗਿਆ ਕਿਉਂਕਿ ਯਾਤਰੀਆਂ ਅਤੇ ਉਨ੍ਹਾਂ ਦੇ ਸਮਰਥਕਾਂ ਨੇ ਸਰਕਾਰੀ ਅਧਿਕਾਰੀਆਂ ਅੱਗੇ ਇਹ ਮੰਗ ਰੱਖ ਦਿੱਤੀ ਕਿ ਜਹਾਜ਼ ਦੀ ਵਾਪਸੀ ਉੱਪਰ ਆਉਣ ਵਾਲੇ ਸਮੁੱਚੇ ਖ਼ਰਚ ਦਾ ਪ੍ਰਬੰਧ ਕੌਣ ਕਰੇਗਾ? ਅਖੀਰ ਵਿੱਚ ਕੈਨੇਡੀਅਨ ਸਰਕਾਰ ਵੱਲੋਂ ਜਹਾਜ਼ ਵਾਪਸੀ ਦੀ ਹਾਂਗਕਾਂਗ ਤੱਕ ਦੀ ਜ਼ਿੰਮੇਵਾਰੀ ਉਠਾ ਲਈ ਗਈ। ਇਸ ਤੋਂ ਬਾਅਦ 23 ਜੁਲਾਈ ਨੂੰ ਇਹ ਜਹਾਜ਼ ਭਾਰਤ ਵਾਪਸੀ ਲਈ ਚੱਲ ਪਿਆ। ਜਪਾਨ ਵਿੱਚ ਕੁੱਝ ਯਾਤਰੀਆਂ ਦੇ ਉਤਰਨ ਤੋਂ ਬਾਅਦ 29 ਸਤੰਬਰ 1914 ਨੂੰ 321 ਯਾਤਰੀਆਂ ਨੂੰ ਲੈ ਕੇ ਇਹ ਜਹਾਜ਼ ਬਜ ਬਜ ਦੀ ਕਲਕੱਤਾ ਨੇੜਲੀ ਬੰਦਰਗਾਹ 'ਤੇ ਪਹੁੰਚਿਆ। ਤਦ ਤੱਕ ਪਹਿਲਾ ਵਿਸ਼ਵ ਯੁੱਧ ਸ਼ੁਰੂ ਹੋ ਚੁੱਕਾ ਸੀ। ਬਜ ਬਜ ਦੀ ਬੰਦਰਗਾਹ 'ਤੇ ਜਦੋਂ ਜਹਾਜ਼ ਦੇ ਯਾਤਰੀਆਂ ਨੇ ਉਤਰਨਾ ਸ਼ੁਰੂ ਕੀਤਾ ਤਾਂ ਯਾਤਰੀਆਂ ਅਤੇ ਸਰਕਾਰੀ ਅਧਿਕਾਰੀਆਂ ਵਿਚਕਾਰ ਹਿੰਸਾ ਭੜਕ ਗਈ। ਇਸ ਤੋਂ ਬਾਅਦ ਗੋਰੀ ਹਕੂਮਤ ਵੱਲੋਂ ਗੋਲੀ ਵੀ ਚਲਾਈ ਗਈ। ਇਸ ਦੌਰਾਨ ਕਰੀਬ 20 ਵਿਅਕਤੀ ਮਾਰੇ ਗਏ, ਜਿਨ੍ਹਾਂ ਵਿੱਚ ਪੁਲੀਸ ਮੁਲਾਜ਼ਮ ਵੀ ਸਨ। ਇਸ ਹਿੰਸਾ ਤੋਂ ਬਾਅਦ ਪੁਲੀਸ ਵਲੋਂ ਸਮੁੱਚੇ ਇਲਾਕੇ ਦੀ ਤਲਾਸ਼ੀ ਮੁਹਿੰਮ ਚਲਾਈ ਗਈ। ਪੁਲੀਸ ਦੁਆਰਾ ਕਰੀਬ 28 ਯਾਤਰੀਆਂ ਨੂੰ ਫੜ ਕੇ ਕਲਕੱਤਾ ਜੇਲ੍ਹ ਵਿੱਚ ਭੇਜ ਦਿੱਤਾ ਗਿਆ।

ਸਿੱਖ ਵਿਦਵਾਨ ਮਲਵਿੰਦਰ ਸਿੰਘ ਵੜੈਚ ਲਿਖਦੇ ਹਨ ਕਿ ਹਿੰਸਾ ਤੋਂ ਬਾਅਦ ਕਰੀਬ 211 ਯਾਤਰੀ ਪੁਲੀਸ ਦੁਆਰਾ ਗ੍ਰਿਫ਼ਤਾਰ ਕੀਤੇ ਗਏ। ਗ੍ਰਿਫ਼ਤਾਰ ਕੀਤੇ ਗਏ ਜਹਾਜ਼ ਦੇ ਯਾਤਰੀਆਂ ਨੂੰ ਜੇਲ੍ਹਾਂ ਵਿੱਚ ਰੱਖ ਕੇ ਘੋਰ ਤਸ਼ੱਦਦ ਕੀਤਾ ਗਿਆ। ਦੂਸਰੇ ਪਾਸੇ ਗੋਰੀ ਸਰਕਾਰ ਦੇ ਇਸ਼ਾਰਿਆਂ 'ਤੇ ਚੱਲਣ ਵਾਲੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਰਬਰਾਹ ਅਰੂੜ ਸਿੰਘ ਵੱਲੋਂ ਹੁਕਮਨਾਮਾ ਜਾਰੀ ਕਰਦਿਆਂ ਸਿੱਖ ਯਾਤਰੀਆਂ ਨੂੰ ਗ਼ੈਰ ਸਿੱਖ ਕਰਾਰ ਦੇ ਦਿੱਤਾ ਗਿਆ। ਇਸ ਤੋਂ ਬਾਅਦ 12 ਅਕਤੂਬਰ 1920 ਨੂੰ ਇਸ ਹੁਕਮਨਾਮੇ ਨੂੰ ਰੱਦ ਕਰਦਿਆਂ ਅਰੂੜ ਸਿੰਘ ਨੂੰ ਗ਼ੈਰ ਸਿੱਖ ਗਰਦਾਨਿਆ ਗਿਆ। ਦੂਸਰੇ ਪਾਸੇ ਮਲਵਿੰਦਰ ਸਿੰਘ ਵੜੈਚ ਬਾਬਾ ਗੁਰਦਿੱਤ ਸਿੰਘ ਬਾਰੇ ਲਿਖਦੇ ਹਨ ਕਿ ਉਹ 1921 ਤੱਕ ਰੁਪੋਸ਼ ਰਹੇ ਅਤੇ 15 ਨਵੰਬਰ 1921 ਨੂੰ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸ੍ਰੀ ਨਨਕਾਣਾ ਸਾਹਿਬ ਵਿਖੇ ਗ੍ਰਿਫ਼ਤਾਰੀ ਦਿੱਤੀ। ਫਿਰ ਗੋਰੀ ਸਰਕਾਰ ਦੁਆਰਾ ਉਨ੍ਹਾਂ ਨੂੰ ਫਰਵਰੀ 1922 ਤੱਕ ਜੇਲ੍ਹ ਵਿੱਚ ਰੱਖਿਆ ਗਿਆ। 6 ਮਾਰਚ 1922 ਨੂੰ ਅੰਮ੍ਰਿਤਸਰ ਵਿਖੇ ਇੱਕ ਭੜਕਾਊ ਭਾਸ਼ਣ ਦੇਣ ਕਰਕੇ ਉਨ੍ਹਾਂ ਨੂੰ ਪੰਜ ਸਾਲ ਉਮਰ ਕੈਦ ਦੀ ਸਜ਼ਾ ਸੁਣਾਈ ਗਈ। ਮਈ 1927 ਵਿੱਚ ਉਹ ਅਕਾਲੀ ਦਲ ਦੇ ਪ੍ਰਧਾਨ ਬਣੇ। ਉਹ ਦੇਸ਼ ਦੀ ਆਜ਼ਾਦੀ ਤੱਕ ਗੋਰੀ ਹਕੂਮਤ ਖਿਲਾਫ਼ ਸੰਘਰਸ਼ ਲੜਦੇ ਰਹੇ। ਜਨਵਰੀ 1952 ਵਿੱਚ ਉਨ੍ਹਾਂ ਬਜ ਬਜ ਸ਼ਹੀਦੀ ਸਮਾਰਕ ਦਾ ਨੀਹ ਪੱਥਰ ਪੰਡਿਤ ਜਵਾਹਰ ਲਾਲ ਨਹਿਰੂ ਪਾਸੋਂ ਰਖਵਾਇਆ। ਉਹ 24 ਜੁਲਾਈ 1952 ਨੂੰ ਅਕਾਲ ਚਲਾਣਾ ਕਰ ਗਏ।

1990 ਦੇ ਦਹਾਕੇ ਤੱਕ ਕੈਨੇਡਾ ਭਰ ਵਿੱਚ ਪੰਜਾਬੀਆਂ ਦੀ ਗਿਣਤੀ ਪ੍ਰਭਾਵਸ਼ਾਲੀ ਹੱਦ ਤੱਕ ਵਧੀ। ਫਿਰ ਗੁਰੂ ਨਾਨਕ ਜਹਾਜ਼ ਘਟਨਾ ਦੀ ਸ਼ਤਾਬਦੀ ਨੇੜੇ ਆਉਂਦਿਆਂ ਹੀ ਪੰਜਾਬੀਆਂ ਵੱਲੋਂ ਕੈਨੇਡਾ ਸਰਕਾਰ ਪਾਸੋਂ ਜਨਤਕ ਮੁਆਫ਼ੀ ਮੰਗਣ ਦੀ ਮੰਗ ਉਠਾਉਣੀ ਸ਼ੁਰੂ ਕਰ ਦਿੱਤੀ ਗਈ। ਮਈ 2008 ਵਿੱਚ ਬ੍ਰਿਟਿਸ਼ ਕੋਲੰਬੀਆ ਸੂਬੇ ਦੀ ਸਰਕਾਰ ਨੇ ਗੁਰੂ ਨਾਨਕ ਜਹਾਜ਼ ਦੇ ਯਾਤਰੀਆਂ ਨਾਲ ਹੋਏ ਦੁਰਵਿਹਾਰ ਲਈ ਮੁਆਫ਼ੀ ਮੰਗ ਲਈ। ਅਗਸਤ 2008 ਵਿੱਚ ਉਸ ਵੇਲੇ ਦੇ ਪ੍ਰਧਾਨ ਮੰਤਰੀ ਸਟੀਫਨ ਹਾਰਪਰ ਨੇ ਬ੍ਰਿਟਿਸ਼ ਕੋਲੰਬੀਆ ਦੇ ਸ਼ਹਿਰ ਸਰੀ ਵਿੱਚ ਗ਼ਦਰੀ ਬਾਬਿਆਂ ਦੇ ਮੇਲੇ ਵਿੱਚ ਮੁਆਫ਼ੀ ਮੰਗੀ। ਫਿਰ 18 ਮਈ 2016 ਨੂੰ ਤਤਕਾਲੀ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਕੈਨੇਡਾ ਦੀ ਸੰਸਦ ਵਿੱਚ ਸਮੁੱਚੇ ਸਦਨ ਦੇ ਸਾਹਮਣੇ ਇਸ ਘਟਨਾ ਲਈ ਮੁਆਫ਼ੀ ਮੰਗੀ ਗਈ। ਸੰਨ 2012 ਨੂੰ ਵੈਨਕੂਵਰ ਦੀ ਹਰਬਰ ਪੋਰਟ ਕੋਲ ਇੱਕ ਵਿਸ਼ੇਸ਼ ਯਾਦਗਾਰ ਗੁਰੂ ਨਾਨਕ ਜਹਾਜ਼ ਦੀ ਘਟਨਾ ਦੀ ਯਾਦ ਵਜੋਂ ਬਣਾਈ ਗਈ। ਸਮੁੰਦਰ ਕਿਨਾਰੇ ਬਣਾਈ ਗਈ ਇਸ ਯਾਦਗਾਰ ਕੋਲ ਇੱਕ ਧਾਤੂ ਦਾ ਵੱਡ ਆਕਾਰੀ ਬੋਰਡ ਵੀ ਲਗਾਇਆ ਗਿਆ ਹੈ, ਜਿਸ ਉੱਪਰ ਜਹਾਜ਼ ਦੇ ਸਾਰੇ ਹੀ ਯਾਤਰੀਆਂ ਦੇ ਨਾਮ ਉੱਕਰੇ ਗਏ ਹਨ। ਲੋਕ ਇਸ ਯਾਦਗਾਰ ਨੂੰ ਦੇਖਣ ਅਤੇ ਸਿਜਦਾ ਕਰਦੇ ਦੇਖੇ ਜਾ ਸਕਦੇ ਹਨ। ਇਹ ਸਥਾਨ ਵੈਨਕੂਵਰ ਦਾ ਸੰਘਣੀ ਆਬਾਦੀ ਵਾਲਾ ਉਹ ਇਲਾਕਾ ਹੈ, ਜੋ ਹਰ ਵਕਤ ਵਿਸ਼ਵ ਭਰ ਦੇ ਸੈਲਾਨੀਆਂ ਦੀ ਵੱਡੀ ਖਿੱਚ ਦਾ ਕੇਂਦਰ ਬਣਿਆ ਰਹਿੰਦਾ ਹੈ।

ਗੁਰੂ ਨਾਨਕ ਜਹਾਜ਼ ਦੇ ਚੜ੍ਹਦੀ ਕਲਾ ਦੇ ਸਫ਼ਰ ਦੀ 111ਵੀ ਵਰ੍ਹੇਗੰਢ ਮੌਕੇ ਵੈਨਕੂਵਰ ਵਿਖੇ ਪਿਛਲੇ ਸਾਲ ਦੀ ਤਰ੍ਹਾਂ ਇਸ ਵਾਰ ਵੀ 25 ਮਈ ਦਿਨ ਐਤਵਾਰ ਨੂੰ ਬਾਅਦ ਦੁਪਹਿਰ 2 ਵਜੇ ਵਿਸ਼ਾਲ ਸਮਾਗਮ ਕਰਵਾਇਆ ਜਾ ਰਿਹਾ ਹੈ। ਡਾ. ਗੁਰਵਿੰਦਰ ਸਿੰਘ ਧਾਲੀਵਾਲ ਦੇ ਯਤਨਾਂ ਸਦਕਾ ਕਰਵਾਏ ਜਾ ਰਹੇ ਇਸ ਸਮਾਗਮ ਵਿੱਚ ਵੱਡੀ ਗਿਣਤੀ ਸਾਹਿਤਕ, ਚਿੰਤਕ ਅਤੇ ਸਿਆਸਤਦਾਨ ਆਦਿ ਪਹੁੰਚ ਰਹੇ ਹਨ।

# ਪੰਜਾਬ, ਹਰਿਆਣਾ ਤੇ ਚੰਡੀਗੜ੍ਹ 'ਚ ਹੀਟ ਵੇਵ ਕਰਕੇ ਤਾਪਮਾਨ 47 ਡਿਗਰੀ ਤੱਕ ਪੁੱਜਾ, ਆਉਣ ਵਾਲੇ ਦਿਨਾਂ ਲਈ ਕੀ ਹੈ ਚੇਤਾਵਨੀ !





**ਪੰਜਾਬ**, ਹਰਿਆਣਾ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਇਸ ਸਮੇਂ ਗਰਮੀ ਨੇ ਤੀਬਰ ਰੂਪ ਧਾਰਨ ਕਰ ਲਿਆ ਹੈ। ਤਾਪਮਾਨ 40 ਡਿਗਰੀ ਸੈਲਸੀਅਸ ਤੋਂ ਪਾਰ ਚਲਾ ਗਿਆ ਹੈ ਅਤੇ ਇਸ ਨੂੰ ਹੀਟ ਵੇਵ ਕਹਿੰਦੇ ਹਨ। ਮੌਸਮ ਵਿਭਾਗ ਦਾ ਅਨੁਮਾਨ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਤਾਪਮਾਨ 45 ਡਿਗਰੀ ਤੋਂ ਪਾਰ ਹੋ ਸਕਦਾ ਹੈ। ਸੋਮਵਾਰ ਨੂੰ ਬਠਿੰਡਾ ਵਿੱਚ ਤਾਪਮਾਨ 47 ਡਿਗਰੀ ਸੈਲਸੀਅਸ ਤੱਕ ਦਰਜ ਕੀਤਾ ਗਿਆ, ਜੋ ਨਾ ਸਿਰਫ਼ ਦਿਨ ਦਾ ਤਾਪਮਾਨ ਵਧਾ ਰਿਹਾ ਹੈ, ਸਗੋਂ ਰਾਤਾਂ ਵੀ ਪਹਿਲਾਂ ਨਾਲੋਂ ਜ਼ਿਆਦਾ ਗਰਮ ਹੋ ਰਹੀਆਂ ਹਨ। 18 ਮਈ ਦੇ ਮੁਕਾਬਲੇ 19 ਮਈ ਨੂੰ ਤਾਪਮਾਨ ਵਿੱਚ 2.3 ਡਿਗਰੀ ਦਾ ਵਾਧਾ ਦਰਜ ਕੀਤਾ ਗਿਆ, ਜੋ ਆਮ ਤਾਪਮਾਨ ਨਾਲੋਂ ਲਗਭਗ 3 ਡਿਗਰੀ ਵੱਧ ਹੈ। ਭਾਰਤੀ ਮੌਸਮ ਵਿਭਾਗ (ਆਈਐੱਮਡੀ) ਨੇ ਦੇਸ਼ ਦੇ ਕਈ ਹਿੱਸਿਆਂ ਲਈ ਹੀਟ ਵੇਵ ਅਤੇ ਲੂ ਦੀ ਚੇਤਾਵਨੀ ਜਾਰੀ ਕੀਤੀ ਹੈ। ਮੌਸਮ ਵਿਭਾਗ ਮੁਤਾਬਕ ਅਗਲੇ ਇੱਕ ਹਫ਼ਤੇ ਤੱਕ "ਪੰਜਾਬ, ਹਰਿਆਣਾ, ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼, ਰਾਜਸਥਾਨ ਅਤੇ ਮਹਾਰਾਸ਼ਟਰ ਵਿੱਚ ਗਰਮ ਤੇ ਖੁਸ਼ਕ ਹਵਾਵਾਂ ਜਾਰੀ ਰਹਿਣ ਦੀ ਸੰਭਾਵਨਾ ਹੈ।"

## ਹੀਟ ਵੇਵ ਕੀ ਹੁੰਦੀ ਹੈ ?

ਹੀਟ ਵੇਵ ਦਾ ਮਤਲਬ ਵੱਖ ਵੱਖ ਇਲਾਕਿਆਂ ਲਈ ਵੱਖ ਵੱਖ ਹੁੰਦਾ ਹੈ। ਮੌਸਮ ਮਹਿਕਮੇ ਮੁਤਾਬਕ ਜਦੋਂ ਮੈਦਾਨੀ ਇਲਾਕਿਆਂ ਵਿੱਚ ਤਾਪਮਾਨ 40 ਡਿਗਰੀ ਤੋਂ ਵੱਧ ਅਤੇ ਪਹਾੜੀ ਇਲਾਕਿਆਂ ਵਿੱਚ ਤਾਪਮਾਨ 30 ਡਿਗਰੀ ਤੋਂ ਪਾਰ ਹੁੰਦਾ ਹੈ ਤਾਂ ਇਸ ਨੂੰ ਹੀਟ ਵੇਵ ਐਲਾਨ ਦਿੱਤਾ ਜਾਂਦਾ ਹੈ। ਤੱਟਵਰਤੀ ਇਲਾਕਿਆਂ ਵਿੱਚ 37 ਡਿਗਰੀ ਸੈਲਸੀਅਸ 'ਤੇ ਹੀਟ ਵੇਵ ਐਲਾਨੀ ਜਾਂਦੀ ਹੈ। ਜੇਕਰ ਇਲਾਕੇ ਦਾ ਤਾਪਮਾਨ, ਔਸਤਨ ਤਾਪਮਾਨ ਤੋਂ 4.5 ਡਿਗਰੀ ਸੈਲਸੀਅਸ ਤੋਂ 6.4 ਡਿਗਰੀ ਸੈਲਸੀਅਸ ਤੱਕ ਵੱਧ ਜਾਵੇ ਤਾਂ ਉਸ ਨੂੰ ਹੀਟ ਵੇਵ ਜਾਂ ਲੂ ਲੱਗਣਾ ਕਿਹਾ ਜਾਂਦਾ ਹੈ ਅਤੇ ਜੇਕਰ ਤਾਪਮਾਨ ਔਸਤਨ ਤਾਪਮਾਨ ਤੋਂ 6.4 ਡਿਗਰੀ ਸੈਲਸੀਅਸ ਤੋਂ ਵੀ ਵੱਧ ਜਾਵੇ ਤਾਂ ਉਸ ਨੂੰ ਗੰਭੀਰ ਲੂ ਚੱਲਣਾ ਕਹਿੰਦੇ ਹਨ।

## ਹੀਟ ਵੇਵ ਦੇ ਔਰੇਂਜ ਅਤੇ ਯੈਲੋ ਅਲਰਟ ਦਾ ਕੀ ਮਤਲਬ

ਪੰਜਾਬ ਵਿੱਚ 19 ਅਤੇ 20 ਮਈ ਲਈ ਔਰੇਂਜ ਅਲਰਟ ਜਾਰੀ ਕੀਤਾ ਗਿਆ ਸੀ, ਜਦਕਿ 21 ਤੋਂ 24 ਮਈ ਤੱਕ ਯੈਲੋ ਅਲਰਟ ਰਹੇਗਾ। ਔਰੇਂਜ ਅਲਰਟ ਦਾ ਮਤਲਬ ਹੈ ਕਿ ਮੌਸਮ ਗੰਭੀਰ ਹੋ ਸਕਦਾ ਹੈ ਅਤੇ ਤਿਆਰੀ ਲਾਜ਼ਮੀ ਹੈ, ਜਦਕਿ ਯੈਲੋ ਅਲਰਟ ਸਾਵਧਾਨ ਰਹਿਣ ਦੀ ਚੇਤਾਵਨੀ ਹੁੰਦੀ ਹੈ। ਔਰੇਂਜ ਅਲਰਟ ਉਸ ਵੇਲੇ ਜਾਰੀ ਕੀਤਾ ਜਾਂਦਾ ਹੈ ਜਦੋਂ ਮੌਸਮ ਅਜੇ ਜ਼ਿਆਦਾ ਖ਼ਰਾਬ ਨਹੀ ਹੋਇਆ ਹੁੰਦਾ ਪਰ ਨੇੜਲੇ ਭਵਿੱਖ ਵਿੱਚ ਉਸ ਦੇ ਖ਼ਰਾਬ ਹੋਣ ਦੀ ਸੰਭਾਵਨਾ ਹੁੰਦੀ ਹੈ। ਯੈਲੋ ਅਲਰਟ ਦਾ ਮਤਲਬ ਇੱਕ ਤਰ੍ਹਾਂ ਦਾ ਸਾਵਧਾਨ ਅਤੇ ਸੁਚੇਤ ਰਹਿਣ ਦਾ ਅਲਰਟ ਹੁੰਦਾ ਹੈ। ਇਸ ਦਾ ਮਤਲਬ ਹੈ ਕਿ ਖ਼ਤਰਾ ਤਾਂ ਹੈ ਪਰ ਘਬਰਾਉਣ ਦੀ ਲੋੜ ਨਹੀ ਬਲਕਿ ਸੁਚੇਤ ਹੋਣ ਦਾ ਸਮਾਂ ਹੈ। ਚੰਡੀਗੜ੍ਹ ਸਥਿਤ ਮੌਸਮ ਵਿਭਾਗ ਮੁਤਾਬਕ ਖ਼ਾਸ ਕਰਕੇ ਪੰਜਾਬ ਅਤੇ ਹਰਿਆਣਾ ਦੇ ਪੱਛਮੀ ਜ਼ਿਲ੍ਹਿਆਂ ਵਿੱਚ ਇਸਦਾ ਵੱਧ ਅਸਰ ਵੇਖਣ ਨੂੰ ਮਿਲੇਗਾ। ਮੌਸਮ ਵਿਭਾਗ ਅਨੁਸਾਰ ਪੰਜਾਬ ਦੇ ਪੱਛਮੀ ਜ਼ਿਲ੍ਹਿਆਂ ਜਿਵੇਂ ਫਿਰੋਜ਼ਪੁਰ, ਫਾਜ਼ਿਲਕਾ, ਬਠਿੰਡਾ, ਮਾਨਸਾ, ਸੰਗਰੂਰ, ਤਰਨ ਤਾਰਨ ਅਤੇ ਅੰਮ੍ਰਿਤਸਰ ਵਿੱਚ ਤਾਪਮਾਨ 45 ਡਿਗਰੀ ਤੱਕ ਪਹੁੰਚ ਸਕਦਾ ਹੈ। ਇਸੇ ਤਰ੍ਹਾਂ ਹਰਿਆਣਾ ਦੇ ਸਿਰਸਾ ਅਤੇ ਹਿਸਾਰ ਸਭ ਤੋਂ ਵੱਧ ਪ੍ਰਭਾਵਿਤ ਰਹਿਣਗੇ।

ਚੰਡੀਗੜ੍ਹ ਮੌਸਮ ਵਿਭਾਗ ਦੇ ਡਾਇਰੈਕਟਰ ਸੁਰਿੰਦਰ ਪਾਲ ਨੇ ਕਿਹਾ, "ਪਿਛਲੇ 48 ਘੰਟਿਆਂ ਵਿੱਚ ਤਾਪਮਾਨ ਲਗਾਤਾਰ ਵਧਿਆ ਹੈ। ਬਠਿੰਡਾ ਅਤੇ ਆਸਪਾਸ ਦੇ ਇਲਾਕਿਆਂ ਵਿੱਚ ਲੂ ਦੀ ਸਥਿਤੀ ਹੈ। ਅਗਲੇ ਦੋ-ਤਿੰਨ ਦਿਨ ਸਥਿਤੀ ਜਿਓ ਦੀ ਤਿਓ ਬਰਕਰਾਰ ਰਹੇਗੀ।" "ਪੰਜਾਬ ਦੇ ਪੱਛਮੀ ਹਿੱਸੇ ਵਿੱਚ ਤਾਪਮਾਨ 45 ਡਿਗਰੀ ਤੋਂ ਵੱਧ ਵੀ ਹੋ ਸਕਦਾ ਹੈ। ਬਠਿੰਡਾ ਵਿੱਚ ਤਾਂ 47 ਡਿਗਰੀ ਤੱਕ ਪਹੁੰਚ ਵੀ ਚੁੱਕਿਆ ਅਤੇ ਹਰਿਆਣਾ ਦੇ ਸਿਰਸਾ ਵਿੱਚ ਤਾਪਮਾਨ 46 ਡਿਗਰੀ ਤੋਂ ਪਾਰ ਪਹੁੰਚ ਚੁੱਕਿਆ। ਆਉਣ ਵਾਲੇ ਦਿਨਾਂ ਵਿੱਚ ਹੀਟ ਵੇਵ ਦੀ ਸਥਿਤੀ ਹੋਰ ਗੰਭੀਰ ਹੋਵੇਗੀ।" ਉਨ੍ਹਾਂ ਇਹ ਵੀ ਦੱਸਿਆ, "ਪੰਜਾਬ ਅਤੇ ਹਰਿਆਣਾ ਵਿੱਚ ਫਿਲਹਾਲ ਗਰਮੀ ਤੋਂ ਨਿਜਾਤ ਨਹੀ ਮਿਲਦੀ ਨਜ਼ਰ ਆ ਰਹੀ

**ਚਰਨਜੀਤ ਕੌਰ**
**ਨਵਜੋਤ ਕੌਰ**

ਪਰ ਆਉਣ ਵਾਲੇ ਦਿਨਾਂ ਵਿੱਚ ਕੁਝ ਮੌਸਮੀ ਗੜਬੜੀ ਕਰਕੇ ਹਿਮਾਚਲ ਅਤੇ ਜੰਮੂ ਵਿੱਚ ਮੌਸਮ ਬਦਲਣ ਦੀ ਸੰਭਾਵਨਾ ਹੈ ਅਤੇ ਉਸ ਦਾ ਕੁਝ ਅਸਰ ਪੰਜਾਬ ਦੇ ਹਿਮਾਚਲ ਨਾਲ ਲੱਗਦੇ ਜ਼ਿਲ੍ਹਿਆਂ ਵਿੱਚ ਨਜ਼ਰ ਆ ਸਕਦਾ ਹੈ।"



## ਕਿਹੜੇ ਇਹਤਿਆਤ ਵਰਤਣੇ ਚਾਹੀਦੇ ਹਨ

ਸੁਰਿੰਦਰ ਪਾਲ ਮੁਤਾਬਕ ਆਉਣ ਵਾਲੇ 2-3 ਦਿਨਾਂ ਦੌਰਾਨ ਖ਼ਾਸ ਕਰਕੇ ਦਿਨ ਵੇਲੇ ਖੁਦ ਨੂੰ ਸੁਰੱਖਿਅਤ ਰੱਖਿਆ ਜਾਵੇ। ਲੋੜ ਨਾ ਹੋਣ ਉੱਤੇ ਬਾਹਰ ਨਿਕਲਣ ਤੋਂ ਪਰਹੇਜ਼ ਕੀਤਾ ਜਾਵੇ ਅਤੇ ਪਾਣੀ ਪੀਂਦੇ ਰਹਿਣਾ ਚਾਹੀਦਾ ਹੈ। ਇੱਕ ਮਨੁੱਖੀ ਸਰੀਰ ਉੱਤੇ ਹੀਟ ਵੇਵ ਦੇ ਮਾੜੇ ਪ੍ਰਭਾਵਾਂ ਬਾਰੇ ਗੱਲ ਕਰਦੇ ਐੱਮਬੀਬੀਐੱਸ ਐੱਮਡੀ ਪੀਡੀਆਟ੍ਰਿਕਸ ਡਾ. ਮਨੂ ਸ਼ਰਮਾ ਕਹਿੰਦੇ ਹਨ ਵੱਧਦੀ ਗਰਮੀ ਵਿੱਚ ਸਭ ਤੋਂ ਵੱਡੀ ਸਮੱਸਿਆ ਹੁੰਦੀ ਹੈ ਡੀਹਾਈਡ੍ਰੇਸ਼ਨ ਭਾਵ ਪਾਣੀ ਦੀ ਘਾਟ। ਇਸ ਲਈ ਜੇਕਰ ਗਰਮੀ ਤੋਂ ਬਚਣਾ ਹੈ ਤਾਂ ਆਪਣੇ ਆਪ ਨੂੰ ਹਾਈਡ੍ਰੇਟ ਰੱਖਣਾ ਲਾਜ਼ਮੀ ਹੈ, ਮਤਲਬ ਸਰੀਰ ਵਿੱਚ ਪਾਣੀ ਦੀ ਕਮੀ ਨਾ ਹੋਣ ਦੇਣਾ। ਗਰਮੀ ਦੌਰਾਨ ਸਾਡੇ ਸਰੀਰ ਵਿੱਚੋਂ ਪਾਣੀ ਪਸੀਨੇ ਰਾਹੀ ਪਾਣੀ ਨਿਕਲਦਾ ਰਹਿੰਦਾ ਹੈ ਅਤੇ ਰੈਸਪੀਰੇਟਰੀ ਲੌਸ ਵੀ ਹੁੰਦਾ ਰਹਿੰਦਾ ਹੈ, ਇਸ ਲਈ ਸਾਡਾ ਸਰੀਰ ਸਹਿਜ ਡੀਹਾਈਡ੍ਰੇਟ ਸਟੇਟ ਵਿੱਚ ਰਹਿੰਦਾ ਹੈ ਮਤਲਬ ਪਾਣੀ ਦੀ ਮਾਤਰਾ ਘੱਟਦੀ ਰਹਿੰਦੀ ਹੈ। ਇਸ ਲਈ ਜ਼ਰੂਰੀ ਹੈ ਕਿ ਸਖਤ ਗਰਮੀ ਦੌਰਾਨ ਹਰ ਵਿਅਕਤੀ ਆਪਣੇ ਕੋਲ ਪਾਣੀ ਦੀ ਇੱਕ ਬੋਤਲ ਜ਼ਰੂਰ ਰੱਖੇ ਅਤੇ ਥੋੜ੍ਹੇ-ਥੋੜ੍ਹੇ ਸਮੇਂ ਬਾਅਦ ਪਾਣੀ ਪੀਂਦਾ ਰਹੇ। ਇਸ ਤੋਂ ਇਲਾਵਾ ਗਰਮੀ ਦੌਰਾਨ ਜ਼ਰੂਰੀ ਹੁੰਦਾ ਹੈ ਪਿਸ਼ਾਬ ਨਿਕਾਸੀ ਵੱਲ ਧਿਆਨ ਦੇਣਾ, ਜੇਕਰ ਕੋਈ ਵਿਅਕਤੀ ਸਖ਼ਤ ਗਰਮੀ ਦੌਰਾਨ ਪਿਸ਼ਾਬ ਵਾਰ-ਵਾਰ ਕਰ ਰਿਹਾ ਹੈ ਤਾਂ ਮਤਲਬ ਉਸਦੇ ਅੰਦਰ ਪਾਣੀ ਦੀ ਮਾਤਰਾ ਚੰਗੀ ਹੈ, ਪਰ ਜੇਕਰ ਪਿਸ਼ਾਬ ਘੱਟ ਆ ਰਿਹਾ ਹੈ ਤਾਂ ਇਸਦਾ ਮਤਲਬ ਹੈ ਕਿ ਤੁਸੀ ਪਾਣੀ ਨਹੀ ਪੀ ਰਹੇ ਹੋ, ਹਰ 6-8 ਘੰਟੇ ਵਿੱਚ ਪਿਸ਼ਾਬ ਆਉਣਾ ਜ਼ਰੂਰੀ ਹੈ। ਜਿਹੜੇ ਕਾਮੇ ਧੁੱਪ ਵਿੱਚ ਕੰਮ ਕਰਦੇ ਹਨ, ਉਹਨਾਂ ਲਈ ਜ਼ਰੂਰੀ ਹੈ ਕਿ ਉਹ 4-6 ਲੀਟਰ ਪਾਣੀ ਇੱਕ ਦਿਨ ਵਿੱਚ ਪੀਣ ਤਾਂ ਜੋ ਉਹ ਗਰਮੀ ਦੇ ਮਾੜੇ ਪ੍ਰਭਾਵਾਂ ਤੋਂ ਬਚ ਸਕਣ।

## ਗਰਮੀ ਤੋਂ ਬਚਾਅ ਲਈ ਜ਼ਰੂਰੀ ਸਾਵਧਾਨੀਆਂ

ਪਾਣੀ ਵੱਧ ਤੋਂ ਵੱਧ ਪੀਓ, ਪਿਆਸ ਨਾ ਲੱਗੇ ਤਾਂ ਵੀ ਥੋੜ੍ਹਾ-ਥੋੜ੍ਹਾ ਕਰਕੇ ਪਾਣੀ ਪੀਂਦੇ ਰਹੋ। 35 ਡਿਗਰੀ ਤੋਂ ਵੱਧ ਤਾਪਮਾਨ ਹੋਣ 'ਤੇ ਸਵੇਰੇ 11 ਵਜੇ ਤੋਂ 4 ਵਜੇ ਤੱਕ ਬਾਹਰ ਨਾ ਨਿਕਲੋ। ਜੇਕਰ ਨਿਕਲਣਾ ਹੈ ਤਾਂ ਸਿਰ, ਮੂੰਹ ਅਤੇ ਸਰੀਰ ਢੱਕ ਕੇ ਰੱਖੋ। ਹੋ ਸਕੇ ਤਾਂ ਕੋਈ ਵੀ ਐੱਸਪੀਐੱਫ 50 ਵਾਲੀ ਸਨਸਕ੍ਰੀਨ ਕਰੀਮ ਜਾਂ ਨਾਰੀਅਲ ਦਾ ਤੇਲ ਲਗਾ ਲਓ। ਪਾਣੀ ਨਾਲ ਭਰਪੂਰ ਫਲ ਖਾਓ। ਹਲਕਾ ਭੋਜਨ ਕਰੋ, ਮਸਾਲੇ ਜਾਂ ਤਲੇ ਹੋਏ ਪਦਾਰਥਾਂ ਦਾ ਸੇਵਨ ਨਾ ਕਰੋ

## ਬੱਚਿਆਂ ਨੂੰ ਗਰਮੀ ਤੋਂ ਕਿਵੇਂ ਬਚਾਉਣਾ

ਐੱਮਬੀਬੀਐੱਸ ਐੱਮਡੀ ਪੀਡੀਆਟ੍ਰਿਕਸ ਡਾ. ਮਨੂ ਸ਼ਰਮਾ ਮੁਤਾਬਕ, "ਬੱਚਿਆਂ ਵਿੱਚ ਇੰਸੈਸੀਬਲ ਲਾਸ (ਅਸਿੱਧਾ ਨੁਕਸਾਨ) ਦੇ ਮਾਮਲੇ ਜ਼ਿਆਦਾ ਦੇਖੇ ਜਾਂਦੇ ਹਨ, ਕਿਉਂਕਿ ਉਹ ਪਿਆਸ ਤੇ ਪਾਣੀ ਦੀ ਕਮੀ ਨੂੰ ਸਮਝਣ ਦੇ ਬਾਵਜੂਦ ਇਸ ਵੱਲ ਧਿਆਨ ਨਹੀ ਦਿੰਦੇ ਅਤੇ ਅਕਸਰ ਬਿਨਾਂ ਪਾਣੀ ਪੀਏ ਲਗਾਤਾਰ ਖੇਡਦੇ ਰਹਿੰਦੇ ਹਨ।" "ਇਸ ਲਈ ਬੱਚਿਆਂ ਵਿੱਚ ਹੋਣ ਵਾਲੀ ਡੀਹਾਈਡ੍ਰੇਸ਼ਨ ਦਾ ਧਿਆਨ ਮਾਪਿਆਂ ਨੂੰ ਖ਼ਾਸ ਤੌਰ 'ਤੇ ਰੱਖਣਾ ਪੈਂਦਾ ਹੈ।" ਜਦੋਂ ਬਾਹਰ ਤਾਪਮਾਨ 35 ਡਿਗਰੀ ਤੋਂ ਜ਼ਿਆਦਾ ਹੈ ਤਾਂ ਬੱਚਿਆਂ ਨੂੰ ਸਵੇਰੇ 11 ਤੋਂ ਵਜੇ ਸ਼ਾਮ ਦੇ 4 ਵਜੇ ਤੱਕ ਧੁੱਪ ਵਿੱਚ ਨਾ ਖੇਡਣ ਦਿਓ- ਬੱਚਿਆਂ ਨੂੰ ਸੂਰਜ ਦੇ ਸਿੱਧੇ ਪ੍ਰਭਾਵ ਤੋਂ ਬਚਾਉਣਾ ਬਹੁਤ ਜ਼ਰੂਰੀ ਹੈ ਬੱਚਿਆਂ ਨੂੰ ਭੁੱਖੇ ਅਤੇ ਪਿਆਸੇ ਨਾ ਰਹਿਣ ਦਿਓ ਸੜਕਾਂ 'ਤੇ ਚਲਦੇ ਸਮੇਂ ਰੁੱਖਾਂ ਦੀ ਛਾਂ ਵਿੱਚ ਚੱਲਣਾ ਚਾਹੀਦਾ ਹੈ ਬੱਚਿਆਂ ਨੂੰ ਥੋੜ੍ਹੇ-ਥੋੜ੍ਹੇ ਸਮੇਂ ਬਾਅਦ ਪੀਣ ਲਈ ਪਾਣੀ ਦਿੰਦੇ ਰਹੋ ਅਜਿਹੇ ਕੱਪੜੇ ਪਹਿਨਾਓ ਜੋ ਬੱਚਿਆਂ ਦੇ ਸਿਰ ਅਤੇ ਸਰੀਰ ਨੂੰ ਚੰਗੀ ਤਰ੍ਹਾਂ ਢੱਕ ਸਕਣ ਓਆਰਐੱਸ ਦਾ ਘੋਲ ਵੀ ਬੱਚਿਆਂ ਨੂੰ ਪਿਲਾਇਆ ਜਾ ਸਕਦਾ ਹੈ ਖਾਣ ਵਿੱਚ ਪਾਣੀ ਵਾਲੇ ਫਲ ਬੱਚਿਆਂ ਦੇ ਭੋਜਨ ਵਿੱਚ ਸ਼ਾਮਲ ਕੀਤੇ ਜਾ ਸਕਦੇ ਹਨ ਜੇਕਰ ਬੱਚਿਆਂ ਨੂੰ ਧੁੱਪ ਵਿੱਚ ਲੈ ਕੇ ਜਾਣਾ ਬਹੁਤ ਲਾਜ਼ਮੀ ਹੈ ਤਾਂ ਉਹਨਾਂ ਦੀ ਚਮੜੀ 'ਤੇ ਨਾਰੀਅਲ ਦਾ ਤੇਲ/ਸਰੋਂ ਦਾ ਤੇਲ ਜਾਂ ਐੱਸਪੀਐੱਫ 50 ਵਾਲੀ ਸਨਸਕ੍ਰੀਨ ਕਰੀਮ ਵੀ ਲਗਾਈ ਜਾ ਸਕਦੀ ਹੈ ਗਰਮੀ ਦੇ ਦਿਨਾਂ ਵਿੱਚ ਜੇਕਰ ਬੱਚੇ ਦੇ ਰੋਂਦੇ ਸਮੇਂ ਹੰਝੂ ਨਾ ਨਿਕਲਣ ਤਾਂ ਸਮਝ ਲਓ ਕੇ ਬੱਚੇ ਅੰਦਰ ਪਾਣੀ ਦੀ ਕਮੀ ਹੈ, ਇਸ ਲਈ ਤੁਰੰਤ ਬੱਚੇ ਨੂੰ ਪਾਣੀ ਜਾਂ ਓਆਰਐੱਸ ਦਿਓ।







# ਖ਼ੁਦ ਨਾਲ ਛੱਡੋ ਲੜਨਾ

**ਅੱਜ** ਵਿਗਿਆਨ ਤਰੱਕੀਆਂ ਦੀ ਸਿਖਰਾਂ ਨੂੰ ਛੂਹ ਰਿਹਾ ਹੈ। ਦੁਨੀਆ ਵਿੱਚ ਨਵੀਨੀਕਰਨ ਹੋ ਰਿਹਾ ਹੈ, ਸੁੱਖ ਸਹੂਲਤਾਂ ਦੇ ਭੰਡਾਰ ਲੱਗੇ ਹੋਏ ਹਨ। ਐਸ਼ੋ ਆਰਾਮ ਦੀ ਹਰ ਸ਼ੈਅ ਮੌਜੂਦ ਹੈ, ਪਰ ਫਿਰ ਵੀ ਮਨੁੱਖ ਦੁਖੀ ਹੈ, ਮਾਨਸਿਕ ਤਣਾਅ ਵਿੱਚ ਹੈ, ਹਰ ਸਮੇਂ ਅੰਦਰੋਂ ਅੰਦਰ ਘੁਲਦਾ ਰਹਿੰਦਾ ਹੈ ਤੇ ਆਪਣੇ ਆਪ ਨਾਲ ਲੜਦਾ ਰਹਿੰਦਾ ਹੈ। ਇਸ ਤੋਂ ਉਲਟ ਜੇ ਅੱਧੀ ਕੁ ਸਦੀ ਪਿਛਾਂਹ ਨੂੰ ਝਾਤੀ ਮਾਰੀਏ ਤਾਂ ਮਨੁੱਖ ਦੀ ਜ਼ਿੰਦਗੀ ਵਿੱਚੋਂ ਅੱਜ ਵਾਲੀਆਂ ਸਾਰੀਆਂ ਐਸ਼ੋ ਆਰਾਮ ਦੀਆਂ ਚੀਜ਼ਾਂ ਅਤੇ ਸੁੱਖ ਸਹੂਲਤਾਂ ਮਨਫੀ ਹੋ ਜਾਣਗੀਆਂ, ਪਰ ਮਨੁੱਖ ਦੀ ਮਾਨਸਿਕ ਖੁਸ਼ੀ ਅੱਜ ਨਾਲੋਂ ਕਈ ਗੁਣਾ ਵੱਧ ਨਜ਼ਰ ਆਵੇਗੀ।

ਉਦੋਂ ਦਾ ਮਨੁੱਖ ਮਿਹਨਤਕਸ਼, ਗਰਮੀਆਂ ਦੀਆਂ ਧੁੱਪਾਂ, ਸਰਦੀਆਂ ਦੀਆਂ ਠੰਢਾਂ ਵਿੱਚ ਪੈਦਲ ਤੁਰ ਕੇ, ਵਾਣ ਵਾਲੇ ਮੰਜਿਆਂ ਉੱਤੇ ਘਰੋੜੇ ਸੌਂ ਕੇ ਵੀ ਆਨੰਦਮਈ ਨੀਂਦ ਲੈਂਦਾ ਨਜ਼ਰ ਆਵੇਗਾ। ਅੱਜ ਘਰ ਵਿੱਚ ਏਸੀਆਂ ਦੀ ਠੰਢਕ ਵੀ ਉਸ ਦੇ ਦਿਮਾਗ਼ ਨੂੰ ਸ਼ਾਂਤ ਨਹੀ ਕਰ ਰਹੀ, ਵਾਹਨਾਂ ਦੀ ਸਵਾਰੀ ਕਰਕੇ ਵੀ ਉਹ ਮੀਲਾਂ ਤੁਰਨ ਵਾਲੇ ਵਿਅਕਤੀਆਂ ਤੋਂ ਵੱਧ ਅੱਕਿਆ ਤੇ ਥੱਕਿਆ ਹੋਇਆ ਨਜ਼ਰ ਆਉਂਦਾ ਹੈ। ਉਸ ਅੰਦਰ ਨਾਮੋਸ਼ੀ ਹੈ, ਉਸ ਅੰਦਰ ਅਸੰਤੁਸ਼ਟਤਾ ਹੈ, ਉਸ ਅੰਦਰ ਸਾੜਾ ਹੈ ਕਿਉਂਕਿ ਉਸ ਅੰਦਰ ਸਿਰਫ਼ ਨਿੱਜਤਾ ਹੈ ਜਿਸ ਕਰਕੇ ਉਸ ਦੀ ਸੋਚ ਦਾ ਦਾਇਰਾ ਸੁੰਗੜ ਗਿਆ ਹੈ। ਉਸ ਦੀ ਸੋਚ ਉਸ ਨੂੰ ਆਪਣੇ ਤੋਂ ਉੱਪਰ ਕੁਝ ਹੋਰ ਸੋਚਣ ਹੀ ਨਹੀ ਦਿੰਦੀ ਜਿਸ ਕਰਕੇ ਉਸ ਦੀ ਸੋਚ ਨੇ ਹੀ ਉਸ ਦੇ ਮਨ ਅੰਦਰ ਕਲੇਸ਼ ਪਾਇਆ ਹੋਇਆ ਹੈ। ਜਿਸ ਕਰਕੇ ਉਹ ਆਪਣੇ ਆਪ ਨਾਲ ਹੀ ਲੜਦਾ ਰਹਿੰਦਾ ਹੈ।

ਅੱਜ ਦਾ ਮਨੁੱਖ ਆਪਣੀ ਗ਼ਰੀਬੀ ਤੋਂ ਘੱਟ ਦੁਖੀ ਹੈ, ਪਰ ਦੂਜਿਆਂ ਦੀ ਅਮੀਰੀ ਉਸ ਨੂੰ ਬਹੁਤ ਸਤਾ ਰਹੀ ਹੈ। ਆਪਣੀ ਔਲਾਦ ਦੇ ਭਵਿੱਖ ਦੀ ਚਿੰਤਾ ਨਾਲੋਂ ਜ਼ਿਆਦਾ ਦੂਜਿਆਂ ਦੀ ਔਲਾਦ ਦੀ ਤਰੱਕੀ ਦਾ ਸਾੜਾ ਵੱਧ ਹੈ। ਆਪਣੇ ਘਰ ਦੀ ਛੱਤ ਦਾ ਆਨੰਦ ਲੈਣ ਦੀ ਬਜਾਏ ਦੂਜਿਆਂ ਦੀਆਂ ਕੋਠੀਆਂ ਉਸ ਦੀ ਸੋਚ ਦੇ ਰਸਤੇ ਘੇਰ ਕੇ ਖੜ੍ਹੀਆਂ ਹਨ। ਉਹ ਦੂਜਿਆਂ ਦੀ ਜਿੱਤ ਨੂੰ ਆਪਣੀ ਹਾਰ ਮੰਨਣ ਲੱਗ ਪਿਆ ਹੈ, ਦੂਜਿਆਂ ਦੀ ਖੁਸ਼ੀ ਉਸ ਅੰਦਰ ਉਦਾਸੀ ਪੈਦਾ ਕਰਦੀ ਹੈ। ਗੱਲ ਕੀ, ਅੱਜ ਮਨੁੱਖ ਸਭ ਕੁਝ ਕੋਲ ਹੁੰਦਿਆਂ ਹੋਇਆਂ ਵੀ ਸੋਚ ਪੱਖੋਂ ਗ਼ਰੀਬ ਹੋ ਗਿਆ ਹੈ। ਪ੍ਰਗਤੀ ਦੇ ਨਾਂ 'ਤੇ ਉਸ ਦੇ ਹਿੱਸੇ ਸਿਰਫ਼ ਮਾਨਸਿਕ ਉਲਝਣਾਂ ਹੀ ਆਈਆਂ ਹਨ। ਅੱਜ ਮਨੁੱਖ ਆਪਣੇ ਆਪ ਨਾਲ ਲੜਦਾ ਹੋਇਆ ਮਾਨਸਿਕ ਤੌਰ 'ਤੇ ਐਨਾ ਕਮਜ਼ੋਰ ਹੋ ਜਾਂਦਾ ਹੈ ਕਿ ਉਸ ਨੂੰ ਰਿਸ਼ਤਿਆਂ ਦੀ ਕਦਰ ਭੁੱਲ ਜਾਂਦੀ ਹੈ, ਆਪਣੀ ਅਨਮੋਲ ਜ਼ਿੰਦਗੀ ਦੀ ਕੀਮਤ ਨਜ਼ਰ ਨਹੀ ਆਉਂਦੀ, ਆਪਣੀ ਜ਼ਿੰਦਗੀ ਦੇ ਮਕਸਦ ਭੁੱਲ ਜਾਂਦਾ ਹੈ ਤੇ ਅਚਾਨਕ ਕਈ ਤਰ੍ਹਾਂ ਦੇ ਭਿਆਨਕ ਕਦਮ ਉਠਾ ਬੈਠਦਾ ਹੈ।

ਉਦਾਹਰਨ ਵਜੋਂ ਇੱਕ ਬਾਪ ਨੇ ਆਪਣੇ ਤਿੰਨ ਸਾਲ ਦੇ ਇਕਲੌਤੇ ਪੁੱਤਰ ਨੂੰ ਇਸ ਲਈ ਮਾਰ ਦਿੱਤਾ ਕਿ ਉਹ ਵੀ ਕਿਤੇ ਵੱਡਾ ਹੋ ਕੇ ਉਸ ਵਾਂਗ ਦਿਹਾੜੀਦਾਰ ਨਾ ਬਣੇ। ਇਹ ਉਸ ਦੇ ਦਿਮਾਗ਼ ਅੰਦਰ ਚੱਲਦੀਆਂ ਸੋਚਾਂ ਦੀ ਲੜਾਈ ਦਾ ਹੀ ਤਾਂ ਨਤੀਜਾ ਸੀ। ਜੇ ਕਿਤੇ ਉਹ ਆਪਣੀ ਪਤਨੀ ਨਾਲ ਇਸ ਬਾਰੇ ਗੱਲ ਕਰਦਾ ਤਾਂ ਹੋ ਸਕਦਾ ਹੈ ਕਿ ਉਹ ਉਸ ਨੂੰ ਹੌਸਲਾ ਦਿੰਦੀ ਕਿ ਉਹ ਉਸ ਨੂੰ ਪੜ੍ਹਾ ਲਿਖਾ ਕੇ ਉਸ ਦਾ ਭਵਿੱਖ ਉਸਾਰਨਗੇ ਤਾਂ ਉਸ ਦੀ ਆਪਣੀ ਦਿਮਾਗ਼ੀ ਲੜਾਈ ਖ਼ਤਮ ਹੋ ਕੇ ਸਕਾਰਾਤਮਕ ਸੋਚ ਪੈਦਾ ਹੁੰਦੀ। ਇੱਕ ਮਾਂ-ਬਾਪ ਨੇ ਤਿੰਨ ਸਾਲ ਦੀ ਆਪਣੀ ਧੀ ਦੀ ਬਿਮਾਰੀ ਤੋਂ ਦੁਖੀ ਹੋ ਕੇ ਧੀ ਸਮੇਤ

**ਬਰਜਿੰਦਰ ਕੌਰ ਬਿਸਰਾਓ**

ਆਤਮਹੱਤਿਆ ਕਰ ਲਈ, ਡਟ ਕੇ ਹਿੰਮਤ ਨਾਲ ਮੁਸੀਬਤ ਦਾ ਸਾਹਮਣਾ ਕਰਕੇ ਬੱਚੇ ਦਾ ਇਲਾਜ ਕਰਵਾਉਣ ਦੀ ਥਾਂ ਆਤਮਹੱਤਿਆ ਦਾ ਰਾਹ ਚੁਣਨਾ ਕਿੰਨੀ ਵੱਡੀ ਕਾਇਰਤਾ ਹੈ। ਇਸੇ ਤਰ੍ਹਾਂ ਔਲਾਦ ਦੁਆਰਾ ਮਾਪਿਆਂ ਨੂੰ ਮਾਰ ਦੇਣਾ, ਭਾਈ-ਭੈਣ ਨੂੰ ਜਾਂ ਭੈਣ-ਭਰਾ ਨੂੰ ਜਾਂ ਫਿਰ ਇਸ ਤੋਂ ਵੀ ਵੱਧ ਦੂਜਿਆਂ ਨੂੰ ਮੁਸੀਬਤ ਵਿੱਚ ਪਾਉਣ ਖਾਤਰ ਕਿਸੇ ਦਾ ਵੀ ਨਾਂ ਲੈ ਕੇ ਆਤਮਹੱਤਿਆ ਕਰ ਲੈਣਾ, ਇਹ ਸਭ ਖ਼ੁਦ ਨਾਲ ਲੜਨ ਦੇ ਨਤੀਜੇ ਹੀ ਤਾਂ ਹਨ।

ਜਦੋਂ ਮਨੁੱਖ ਅੰਦਰ ਆਲੇ ਦੁਆਲੇ ਦੇ ਵਾਤਾਵਰਨ ਨੂੰ ਵੇਖ ਕੇ ਉਸ ਵਿੱਚੋਂ ਪੈਦਾ ਹੋਈਆਂ ਮਨ ਦੇ ਅੰਦਰ ਵਾਲੀਆਂ ਸੋਚਾਂ ਨੂੰ ਉਹ ਨਕਾਰਾਤਮਕ ਢੰਗ ਨਾਲ ਲੈ ਕੇ ਸੋਚਦਾ ਹੈ ਤਾਂ ਉਸ ਅੰਦਰ ਇਹ ਵਾਵਰੋਲਿਆਂ ਵਾਂਗ ਕੰਮ ਕਰਦੀਆਂ ਹਨ। ਵਾਵਰੋਲੇ ਤਾਂ ਫਿਰ ਤਬਾਹੀ ਹੀ ਮਚਾਉਂਦੇ ਹਨ ਚਾਹੇ ਉਹ ਸੋਚਾਂ ਵਾਲੇ ਵਾਵਰੋਲੇ ਹੀ ਕਿਉਂ ਨਾ ਹੋਣ।

ਅੱਜ ਮਨੁੱਖ ਦੇ ਦਿਮਾਗ਼ ਉੱਪਰ ਪਦਾਰਥਵਾਦੀ ਸੋਚ ਭਾਰੂ ਹੋਣ ਕਰਕੇ ਉਹ ਆਪਣੇ ਜਾਣ ਪਛਾਣ ਵਾਲਿਆਂ ਨਾਲ ਸਮਾਜਿਕ ਤੇ ਆਰਥਿਕ ਬਰਾਬਰੀ ਦੀ ਖਾਤਰ ਆਪਣੇ ਮਨ ਦੇ ਸੁੱਖ ਚੈਨ ਖੋ ਬੈਠਦਾ ਹੈ। ਉਸ ਦੀ ਸੋਚ ਉੱਤੇ ਆਪਣੇ ਆਪ ਨੂੰ ਅਤੇ 'ਸਟੇਟਸ ਸਿੰਬਲ' ਨੂੰ ਦੁਨੀਆ ਸਾਹਮਣੇ ਉੱਚਾ ਦਿਖਾਉਣ ਦੀ ਹੋੜ ਨੇ ਕਬਜ਼ਾ ਕਰ ਲਿਆ ਹੈ ਜਿਸ ਕਰਕੇ ਉਹ ਦੁਖੀ ਹੈ ਤੇ ਮਾਨਸਿਕ ਤੌਰ 'ਤੇ ਪਰੇਸ਼ਾਨ ਰਹਿਣ ਲੱਗ ਪਿਆ ਹੈ। ਇਸ ਪਰੇਸ਼ਾਨੀ ਦਾ ਹੱਲ ਵੀ ਉਸ ਕੋਲ ਹੀ ਹੈ। ਇਸ ਲਈ ਉਸ ਨੂੰ ਆਪਣੇ ਆਪ ਨੂੰ ਅਤੇ ਆਪਣੇ ਪਰਿਵਾਰ ਨੂੰ ਖੁਸ਼ ਰੱਖਣ ਲਈ ਕੁਝ ਗੱਲਾਂ ਦਾ ਧਿਆਨ ਰੱਖਣਾ ਚਾਹੀਦਾ ਹੈ ਤਾਂ ਜੋ ਉਸ ਦੀ ਸੋਚਾਂ ਵਾਲੀ ਖਿੱਚੋਤਾਣ ਖ਼ਤਮ ਹੋ ਸਕੇ।

ਗੁਰੂ ਨਾਨਕ ਦੇਵ ਜੀ ਦਾ ਮਹਾਂ ਵਾਕ ਮਨਿ ਜੀਤੈ ਜਗੁ ਜੀਤੁ।। ਦਾ ਸਿਧਾਂਤ ਵੀ ਤਾਂ ਮਨ ਦੀ ਸ਼ਕਤੀ ਦਾ ਭਾਵ ਹੀ ਦਰਸਾਉਂਦਾ ਹੈ। ਇਹ ਤੁਕ 'ਜਪੁਜੀ ਸਾਹਿਬ ਦੀ 27ਵੀ ਪਉੜੀ ਵਿੱਚ ਦਰਜ ਹੈ। ਇਸ ਵਿੱਚ ਗੁਰੂ ਸਾਹਿਬ ਨੇ ਇਹੀ ਦੱਸਿਆ ਹੈ ਕਿ ਮਨੁੱਖ ਆਪਣੇ ਮਨ 'ਤੇ ਕਾਬੂ ਪਾ ਕੇ ਹੀ ਸਾਰੇ ਸੰਸਾਰ ਨੂੰ ਜਿੱਤ ਲੈਣ ਦੇ ਸਮਰੱਥ ਹੋ ਸਕਦਾ ਹੈ। ਇਸ ਲਈ ਮਨੁੱਖ ਨੂੰ ਆਪਣੀ ਸੋਚ ਪ੍ਰਤੀ ਜਾਗਰੂਕ ਹੋਣ ਦੀ ਲੋੜ ਹੈ। ਉਸ ਨੂੰ ਆਪਣੀ ਸੋਚ ਨੂੰ ਆਪਣੇ ਵਸ ਵਿੱਚ ਕਰਨਾ ਪਵੇਗਾ ਨਾ ਕਿ ਖ਼ੁਦ ਨੂੰ ਸੋਚ ਦੇ ਵਸ ਕਰੇ। ਇਹ ਛੋਟੀ ਜਿਹੀ ਗੱਲ ਬਹੁਤ ਵੱਡੇ ਸਕਾਰਾਤਮਕ ਨਤੀਜੇ ਦੇ ਸਕਦੀ ਹੈ। ਮਨੁੱਖ ਨੂੰ ਆਪਣੀ ਸੋਚ ਨੂੰ ਬਦਲਣ ਲਈ ਹਰ ਵੇਲੇ ਆਪਣੀ ਸੋਚ ਵੱਲ ਧਿਆਨ ਦੇਣਾ ਪਵੇਗਾ। ਜਦੋਂ ਵੀ ਉਸ ਦੀ ਸੋਚ ਵਿੱਚ ਕ੍ਰੋਧ, ਈਰਖਾ, ਵੈਰ, ਵਿਰੋਧ ਜਾਂ ਫਿਰ ਬਦਲੇ ਦੀ ਭਾਵਨਾ ਉਤਪੰਨ ਹੋਣ ਲੱਗੇ, ਉਸੇ ਸਮੇਂ ਆਪਣੀ ਸੋਚ ਨੂੰ ਉਧਰੋਂ ਹਟਾ ਕੇ ਕਿਸੇ ਚੰਗੇ ਕੰਮ ਜਾਂ ਮਕਸਦ ਵੱਲ ਲੈ ਕੇ ਜਾਵੇ। ਉਸ ਉੱਤੇ ਕੰਮ ਕਰਨਾ ਸ਼ੁਰੂ ਕਰੇ। ਮਨ ਵਿੱਚ ਆਈਆਂ ਬੁਰੀਆਂ ਸੋਚਾਂ ਨੂੰ ਵਾਰ ਵਾਰ ਸੋਚ ਕੇ ਲੱਕੜੀ ਦੇ ਘੁਣ ਵਾਂਗ ਵਧਣ ਤੋਂ ਰੋਕਿਆ ਜਾਵੇ। ਜਿਹੜੀਆਂ ਗੱਲਾਂ ਜਾਂ ਵਿਅਕਤੀ ਮਨ ਅੰਦਰ ਕ੍ਰੋਧ ਪੈਦਾ ਕਰਨ ਉਨ੍ਹਾਂ ਬਾਰੇ ਸੋਚਣਾ ਬਿਲਕੁਲ ਬੰਦ ਕਰ ਦੇਣਾ ਚਾਹੀਦਾ ਹੈ। ਹਰ ਮਨੁੱਖ ਨੂੰ ਜ਼ਿੰਦਗੀ ਵਿੱਚ ਆਪਣੇ ਆਪ ਨੂੰ ਕਿਸੇ ਤੋਂ ਘੱਟ ਜਾਂ ਘਟੀਆ ਨਹੀ ਸਮਝਣਾ ਚਾਹੀਦਾ। ਜੇ ਆਰਥਿਕ ਤੌਰ 'ਤੇ ਸਥਿਤੀ ਮਜ਼ਬੂਤ ਨਹੀ ਤਾਂ ਵਿਚਾਰਕ ਸਥਿਤੀ ਐਨੀ ਮਜ਼ਬੂਤ ਕਰੋ ਕਿ ਹਰ ਕੋਈ ਤੁਹਾਡੇ ਵਿਚਾਰਾਂ ਦਾ ਕਾਇਲ ਹੋ ਜਾਵੇ। ਆਪਣੀ ਬੁੱਧੀ ਦੀ ਪ੍ਰਸ਼ੰਸਾ ਕਿਸੇ ਅਮੀਰੀ ਤੋਂ ਘੱਟ ਨਹੀ ਹੁੰਦੀ। ਜਿਹੜੇ ਲੋਕ ਹਮਦਰਦ ਬਣ ਕੇ ਕਮਜ਼ੋਰੀ ਨੂੰ ਵਾਰ ਵਾਰ ਸਾਹਮਣੇ ਲਿਆ ਕੇ ਨੀਵਾਂ ਦਿਖਾਉਣ ਦੀ ਕੋਸ਼ਿਸ਼ ਕਰਦੇ ਹੋਣ ਤਾਂ ਉਨ੍ਹਾਂ ਤੋਂ ਕਿਨਾਰਾ ਕੀਤਾ ਹੀ ਠੀਕ ਹੁੰਦਾ ਹੈ।

ਮਨੁੱਖ ਨੂੰ ਆਪਣੇ ਦਿਮਾਗ਼ ਵਿੱਚ ਇਹ ਗੱਲ ਜ਼ਰੂਰ ਬਿਠਾ ਲੈਣੀ ਚਾਹੀਦੀ ਹੈ ਕਿ ਉਹ ਇੱਕ ਇਨਸਾਨ ਬਣ ਕੇ ਧਰਤੀ 'ਤੇ ਆਇਆ ਹੈ ਤਾਂ ਇਸ ਤੋਂ ਵੱਡੀ ਅਮੀਰੀ ਹੋਰ ਕੀ ਹੋ ਸਕਦੀ ਹੈ। ਜੇ ਮਨੁੱਖ ਆਪਣਿਆਂ ਨਾਲ ਪਿਆਰ ਅਤੇ ਸਤਿਕਾਰ ਵਧਾਉਣ ਦੀ ਕੋਸ਼ਿਸ਼ ਕਰੇਗਾ, ਆਪਣੇ ਦੁਖ ਸੁਖ ਸਾਂਝੇ ਕਰਨ ਦੀ ਆਦਤ ਪਾਵੇਗਾ, ਦੂਜਿਆਂ ਦੇ ਦੁੱਖਾਂ ਨੂੰ ਵੰਡਾ ਕੇ ਖ਼ੁਸ਼ੀ ਹਾਸਲ ਕਰੇਗਾ, ਦੂਜਿਆਂ ਦੀ ਖ਼ੁਸ਼ੀ ਵਿੱਚ ਖ਼ੁਸ਼ੀ ਮਨਾਉਣ ਲੱਗ ਪਵੇਗਾ, ਰਾਤੋ ਰਾਤ ਸਫਲਤਾ ਹਾਸਲ ਕਰਨ ਦੀ ਬਜਾਏ 'ਸਹਿਜ ਪਕੇ ਸੋ ਮੀਠਾ ਹੋਇ' ਦੇ ਸਿਧਾਂਤ ਨੂੰ ਆਪਣੀ ਜ਼ਿੰਦਗੀ ਵਿੱਚ ਅਪਣਾਏਗਾ ਤਾਂ ਉਹ ਖ਼ੁਦ ਨਾਲ ਲੜਨਾ ਛੱਡ ਕੇ ਇੱਕ ਖ਼ੁਸ਼ਹਾਲ ਜੀਵਨ ਬਤੀਤ ਕਰਨ ਦੇ ਸਮਰੱਥ ਹੋ ਜਾਵੇਗਾ। ਇਸ ਤਰ੍ਹਾਂ ਕਰਨ ਲਈ ਆਪਣੀ ਨਕਾਰਾਤਮਕ ਸੋਚ ਨੂੰ ਵਾਰ ਵਾਰ ਦੂਰ ਭਜਾ ਕੇ ਸਕਾਰਾਤਮਕ ਸੋਚ ਮਨ ਵਿੱਚ ਪੈਦਾ ਕਰਨੀ ਪਵੇਗੀ, ਬਿਲਕੁਲ ਉਸੇ ਤਰ੍ਹਾਂ ਜਿਵੇਂ ਇੱਕ ਗਾਰੇ ਨਾਲ ਭਰੇ ਕੱਚ ਦੇ ਗਿਲਾਸ ਨੂੰ ਵਗਦੇ ਸਾਫ਼ ਪਾਣੀ ਦੀ ਟੂਟੀ ਹੇਠ ਰੱਖ ਦਿਓਗੇ ਤਾਂ ਕੁਝ ਮਿੰਟਾਂ ਵਿੱਚ ਉਸ ਵਿੱਚੋਂ ਗਾਰਾ ਨਿਕਲ ਜਾਵੇਗਾ ਤੇ ਗਲਾਸ ਸਾਫ਼ ਪਾਣੀ ਨਾਲ ਭਰਿਆ ਨਜ਼ਰ ਆਵੇਗਾ। ਆਪਣੇ ਮੈਲੇ ਵਿਚਾਰਾਂ ਉੱਪਰ ਆਪਣੀ ਸਕਾਰਾਤਮਕ ਸੋਚ ਐਨੀ ਭਾਰੂ ਕਰ ਦੇਵੋ ਕਿ ਤੁਸੀ ਮਨ ਦੇ ਵਿਚਾਰਾਂ ਦੀ ਲੜਾਈ ਖ਼ਤਮ ਹੋ ਕੇ ਚੰਗੀ ਸੋਚ ਦੇ ਧਾਰਨੀ ਬਣ ਜਾਓ।

# ਪੰਜਵੇਂ ਪਾਤਸ਼ਾਹ ਜੀ ਦੇ ਸ਼ਹੀਦੀ ਗੁਰਪੁਰਬ ਨੂੰ ਸਮਰਪਿਤ ਗੁਰੂ ਅਰਜਨ ਕੀਰਤਨ ਮੰਡਲ ਵੱਲੋਂ ਚਲੀਹਾ ਸਮਾਗਮ ਆਯੋਜਿਤ

## ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲਾਂ ਵੱਲੋਂ ਕਰਵਾਇਆ ਮਹਾਨ ਸਮਾਗਮ












## ਸਿਹਤ ਮੰਤਰੀ ਡਾਕਟਰ ਬਲਵੀਰ ਸਿੰਘ ਨੇ ਸਮਾਗਮ 'ਚ ਕੀਤੀ ਸ਼ਿਰਕਤ

ਪਟਿਆਲਾ, 20 ਮਈ (ਗੁਰਮੁਖ ਸਿੰਘ ਰੁਪਾਣਾ) : ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੰਜਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ਨੂੰ ਸਮਰਪਿਤ ਗੁਰੂ ਅਰਜਨ ਕੀਰਤਨ ਮੰਡਲ ਵੱਲੋਂ ਚਲੀਹਾ ਸਮਾਗਮ ਸ਼ਾਂਤੀ ਨਗਰ ਪਟਿਆਲਾ ਵਿਖੇ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲਾਂ ਵੱਲੋਂ ਆਯੋਜਿਤ ਕੀਤਾ ਗਿਆ। ਇਸ ਮੌਕੇ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਵੀ ਹਾਜ਼ਰੀ ਲਗਵਾਈ। ਇਹ ਸਮਾਗਮ ਦੌਰਾਨ ਚੜ੍ਹਦੀਕਲਾ ਗਰੁੱਪ ਦੇ ਚੇਅਰਮੈਨ ਪਦਮਸ਼੍ਰੀ ਡਾ. ਜਗਜੀਤ ਸਿੰਘ ਦਰਦੀ, ਡਾਇਰੈਕਟਰ ਜਸਵਿੰਦਰ ਕੌਰ ਦਰਦੀ, ਡਾਇਰੈਕਟਰ ਹਰਪ੍ਰੀਤ ਸਿੰਘ ਦਰਦੀ, ਪ੍ਰਿੰਸੀਪਲ ਕੰਵਲਜੀਤ ਕੌਰ ਸਮੇਤ ਸਕੂਲਾਂ ਦੇ ਸਮੁੱਚੇ ਸਟਾਫ ਨੇ ਅਤੇ ਵਿਦਿਆਰਥੀਆਂ ਨੇ ਹਾਜ਼ਰੀ ਭਰੀ। ਇਸ ਮੌਕੇ ਜਪੁਜੀ ਸਾਹਿਬ ਦੇ ਪਾਠ ਉਪਰੰਤ ਅਰਦਾਸ ਅਤੇ ਕੀਰਤਨ ਸਮਾਗਮ ਆਯੋਜਿਤ ਕੀਤਾ ਗਿਆ। ਇਸ ਸਮਾਗਮ ਦੌਰਾਨ ਹਰ ਸਾਲ ਦੀ ਤਰ੍ਹਾਂ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਗੁਰੂ ਅਰਜਨ ਕੀਰਤਨ ਮੰਡਲ ਅਤੇ ਹੋਰ ਜਥਿਆਂ ਵੱਲੋਂ ਸੰਗਤਾਂ ਨੂੰ ਕੀਰਤਨ ਰਾਹੀਂ ਨਿਹਾਲ ਕੀਤਾ ਗਿਆ। ਇਸ ਸਮਾਗਮ ਦੌਰਾਨ ਗੁਰੂ ਅਰਜਨ ਕੀਰਤਨ ਮੰਡਲ ਦੇ ਸਮੁੱਚੇ ਪ੍ਰਬੰਧਕ ਮੌਜੂਦ ਸਨ।

## ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਵਾਤਾਵਰਨ ਸੁਰੱਖਿਆ, ਊਰਜਾ ਸੰਭਾਲ ਦਾ ਦਿੱਤਾ ਸੰਦੇਸ਼

### ਬੁੱਧਵਾਰ ਨੂੰ ਪੈਟਰੋਲ ਅਤੇ ਡੀਜ਼ਲ ਵਾਹਨਾਂ ਦੀ ਵਰਤੋਂ ਤੋਂ ਪਰਹੇਜ਼ ਕਰਕੇ ਨਵੀਂ ਉਦਾਹਰਣ ਕਾਇਮ ਕੀਤੀ

ਚੰਡੀਗੜ੍ਹ, 20 ਮਈ (ਅੰਮ੍ਰਿਤਪਾਲ ਸਿੰਘ) : ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਪੀਲ ਦਾ ਸਮਰਥਨ ਕੀਤਾ ਅਤੇ ਊਰਜਾ ਸੰਭਾਲ ਅਤੇ ਵਾਤਾਵਰਣ ਸੁਰੱਖਿਆ ਵੱਲ ਇੱਕ ਪ੍ਰੇਰਨਾਦਾਇਕ ਪਹਿਲ ਕੀਤੀ। ਰਾਜਪਾਲ ਨੇ ਆਪਣੇ ਸਰਕਾਰੀ ਰੁਝੇਵਿਆਂ ਲਈ ਪੈਟਰੋਲ ਅਤੇ ਡੀਜ਼ਲ ਵਾਹਨਾਂ ਦੀ ਵਰਤੋਂ ਤੋਂ ਪਰਹੇਜ਼ ਕਰਕੇ ਅਤੇ ਜਨਤਕ ਅਤੇ ਵਿਕਲਪਕ ਆਵਾਜਾਈ ਦੇ ਸਾਧਨਾਂ ਦੀ ਵਰਤੋਂ ਕਰਕੇ ਸਮਾਜ ਲਈ ਇੱਕ ਮਿਸਾਲ ਕਾਇਮ ਕੀਤੀ। ਖਾੜੀ ਦੇਸ਼ਾਂ ਵਿੱਚ ਹਾਲ ਹੀ ਵਿੱਚ ਤਣਾਅਪੂਰਨ ਸਥਿਤੀ ਦੇ ਮੱਦੇਨਜ਼ਰ, ਪ੍ਰਧਾਨ ਮੰਤਰੀ ਨੇ ਦੇਸ਼ ਵਾਸੀਆਂ ਨੂੰ ਪੈਟਰੋਲੀਅਮ ਸਰੋਤਾਂ ਦੀ ਸਮਝਦਾਰੀ ਨਾਲ ਵਰਤੋਂ ਕਰਨ ਅਤੇ ਬਾਲਣ ਬਚਾਉਣ ਦੀ ਅਪੀਲ ਕੀਤੀ। ਇਸ ਭਾਵਨਾ ਨੂੰ ਧਿਆਨ ਵਿੱਚ ਰੱਖਦੇ ਹੋਏ, ਰਾਜਪਾਲ ਸ਼੍ਰੀ ਕਟਾਰੀਆ ਨੇ ਹਰ ਬੁੱਧਵਾਰ ਨੂੰ ਪੈਟਰੋਲ ਅਤੇ ਡੀਜ਼ਲ ਵਾਹਨਾਂ ਤੋਂ ਪਰਹੇਜ਼ ਕਰਨ ਦਾ



ਫੈਸਲਾ ਕੀਤਾ।

ਅੱਜ ਸਵੇਰੇ, ਰਾਜਪਾਲ, ਆਪਣੇ ਸਟਾਫ ਦੇ ਨਾਲ, ਇਲੈਕਟ੍ਰਿਕ ਬੱਸ ਰਾਹੀਂ ਬਾਲਟਾਣਾ ਵਿੱਚ ਰੇਲਵੇ ਅੰਡਰਬ੍ਰਿਜ ਦੇ ਨੀਂਹ ਪੱਥਰ ਰੱਖਣ ਸਮਾਰੋਹ ਵਿੱਚ ਪਹੁੰਚੇ। ਫਿਰ ਉਹ ਇਲੈਕਟ੍ਰਿਕ ਗੋਲਫ ਕਾਰਟ ਰਾਹੀਂ ਯੂਟੀ ਸਕੱਤਰੇਤ, ਚੰਡੀਗੜ੍ਹ ਗਏ। ਇਸ ਦੌਰਾਨ, ਉਨ੍ਹਾਂ ਨੇ ਵਾਤਾਵਰਣ ਅਨੁਕੂਲ ਆਵਾਜਾਈ ਨੂੰ ਉਤਸ਼ਾਹਿਤ ਕਰਨ ਦਾ ਸੰਦੇਸ਼ ਦਿੱਤਾ। ਮੀਡੀਆ ਨਾਲ ਗੱਲਬਾਤ ਕਰਦਿਆਂ ਰਾਜਪਾਲ ਨੇ ਕਿਹਾ ਕਿ ਕੁਦਰਤੀ ਸਰੋਤਾਂ ਦੀ ਸੰਭਾਲ ਸਮੇਂ ਦੀ ਲੋੜ ਹੈ ਅਤੇ ਹਰ ਨਾਗਰਿਕ ਨੂੰ ਇਸ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਛੋਟੀਆਂ ਪਹਿਲਕਦਮੀਆਂ ਵੀ ਵੱਡੀ ਤਬਦੀਲੀ ਦਾ ਆਧਾਰ ਬਣ ਸਕਦੀਆਂ ਹਨ। ਉਨ੍ਹਾਂ ਚੰਡੀਗੜ੍ਹ ਪ੍ਰਸ਼ਾਸਨ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਨਾਲ-ਨਾਲ ਆਮ ਜਨਤਾ ਨੂੰ ਜਨਤਕ ਆਵਾਜਾਈ, ਇਲੈਕਟ੍ਰਿਕ ਵਾਹਨਾਂ, ਸਾਈਕਲਾਂ ਅਤੇ ਆਵਾਜਾਈ ਦੇ ਹੋਰ ਵਿਕਲਪਕ ਸਾਧਨਾਂ ਦੀ ਵਰਤੋਂ ਕਰਨ ਦੀ ਅਪੀਲ ਕੀਤੀ। ਉਨ੍ਹਾਂ ਅੱਗੇ ਕਿਹਾ ਕਿ ਚੰਡੀਗੜ੍ਹ ਵਿੱਚ ਇਸ ਪਹਿਲਕਦਮੀ ਦੇ ਸਕਾਰਾਤਮਕ ਨਤੀਜੇ ਦੇਖਣ ਤੋਂ ਬਾਅਦ, ਉਹ ਪੰਜਾਬ ਸਰਕਾਰ ਨੂੰ ਵੀ ਇਸੇ ਤਰ੍ਹਾਂ ਦੇ ਵਿਕਲਪਕ ਅਤੇ ਵਾਤਾਵਰਣ ਪੱਖੀ ਉਪਾਅ ਅਪਣਾਉਣ ਦੀ ਅਪੀਲ ਕਰਨਗੇ। ਰਾਜਪਾਲ ਨੇ ਪ੍ਰਧਾਨ ਮੰਤਰੀ ਦੀ ਅਪੀਲ ਪ੍ਰਤੀ ਸਕਾਰਾਤਮਕ ਹੁੰਗਾਰਾ ਦੇਣ ਲਈ ਆਮ ਜਨਤਾ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਰਾਸ਼ਟਰੀ ਹਿੱਤ ਵਿੱਚ ਸਮੂਹਿਕ ਯਤਨ ਹੀ ਭਵਿੱਖ ਦੀਆਂ ਚੁਣੌਤੀਆਂ ਦਾ ਹੱਲ ਪ੍ਰਦਾਨ ਕਰ ਸਕਦੇ ਹਨ।

## ਰਾਸ਼ਟਰਪਤੀ ਵੱਲੋਂ ਭਾਰਤੀ ਪ੍ਰਸ਼ਾਸਨਿਕ ਸੇਵਾ ਆਈ.ਏ.ਐਸ. ਦੇ 2024 ਬੈਚ ਦੇ ਸਹਾਇਕ ਸਕੱਤਰਾਂ ਨਾਲ ਮੁਲਾਕਾਤ

ਨਵੀਂ ਦਿੱਲੀ, 20 ਮਈ (ਅੰਮ੍ਰਿਤਪਾਲ ਸਿੰਘ) : ਮੈਂ ਤੁਹਾਡੇ ਵਿੱਚੋਂ ਹਰੇਕ ਨੂੰ ਦੇਸ਼ ਵਿੱਚ ਸੇਵਾ ਲਈ ਸਭ ਤੋਂ ਵੱਧ ਚਾਹਵਾਨਾਂ ਵਿੱਚ ਸ਼ਾਮਲ ਹੋਣ ਲਈ ਵਧਾਈ ਦਿੰਦਾ ਹਾਂ। ਮੈਨੂੰ ਇਹ ਜਾਣ ਕੇ ਖਾਸ ਤੌਰ @ਤੇ ਖੁਸ਼ੀ ਹੋ ਰਹੀ ਹੈ ਕਿ ਇਸ ਬੈਚ ਵਿੱਚ ਮਹਿਲਾ ਅਧਿਕਾਰੀਆਂ ਦੀ ਹਿੱਸੇਦਾਰੀ ਇਕਤਾਲੀ ਪ੍ਰਤੀਸ਼ਤ ਹੈ। ਸਾਡੇ ਦੇਸ਼ ਵਿੱਚ ਸਮਾਜਿਕ ਤਬਦੀਲੀ ਦੇ ਸੂਚਕ ਅਤੇ ਚਾਲਕ ਵਜੋਂ ਇਸਦਾ ਬਹੁਤ ਮਹੱਤਵ ਹੈ। ਆਲ ਇੰਡੀਆ ਸਰਵਿਸਿਜ਼, ਖਾਸ ਕਰਕੇ IAS, ਨੇ ਸਾਡੇ ਦੇਸ਼ ਦੇ ਵਿਕਾਸ ਵਿੱਚ ਇੱਕ ਵੱਡੀ ਭੂਮਿਕਾ ਨਿਭਾਈ ਹੈ। ਹੁਣ ਜਦੋਂ ਦੇਸ਼ ਵਿਕਾਸ ਦੇ ਇੱਕ ਉੱਚੇ ਪੰਧ ਵਿੱਚ ਦਾਖਲ ਹੋ ਗਿਆ ਹੈ, IAS ਤੋਂ ਉਮੀਦਾਂ ਵੀ ਵੱਧ ਹਨ। IAS ਅਧਿਕਾਰੀਆਂ ਦੇ ਰੂਪ ਵਿੱਚ, ਤੁਹਾਡੇ ਕੋਲ ਵਿਭਿੰਨ ਖੇਤਰਾਂ ਵਿੱਚ ਕੰਮ ਕਰਨ ਦਾ ਵਿਲੱਖਣ ਮੌਕਾ ਹੋਵੇਗਾ। ਕਈ ਮੌਕਿਆਂ 'ਤੇ, ਤੁਸੀਂ ਕੁਝ ਵਿਸ਼ੇਸ਼ ਖੇਤਰਾਂ ਵਿੱਚ ਮਾਹਿਰਾਂ ਦੀਆਂ ਟੀਮਾਂ ਦੀ ਅਗਵਾਈ ਕਰੋਗੇ। ਇਸ ਲਈ, ਤੁਹਾਡੀ ਸਿੱਖਣ ਦਾ ਦਾਇਰਾ ਅਤੇ ਗਤੀ ਬਹੁਤ ਵਿਸ਼ਾਲ ਅਤੇ ਤੇਜ਼ ਹੋਣੀ



ਚਾਹੀਦੀ ਹੈ। ਵੱਖ-ਵੱਖ ਖੇਤਰਾਂ ਅਤੇ ਸਥਿਤੀਆਂ ਦੇ ਅਨੁਕੂਲ ਹੋਣ ਦੀ ਤੁਹਾਡੀ ਯੋਗਤਾ ਬੇਮਿਸਾਲ ਹੋਣੀ ਚਾਹੀਦੀ ਹੈ। ਜਿੱਥੋਂ ਤੱਕ ਹੋ ਸਕੇ ਸਥਿਤੀ ਨੂੰ ਸਵੀਕਾਰ ਕਰਨਾ ਅਕਸਰ ਸਭ ਤੋਂ ਸੁਵਿਧਾਜਨਕ ਵਿਕਲਪ ਹੋ ਸਕਦਾ ਹੈ, ਪਰ ਜ਼ਰੂਰੀ ਨਹੀਂ ਕਿ ਸਭ ਤੋਂ ਵਧੀਆ ਵਿਕਲਪ ਹੋਵੇ। ਇਹ ਪਛਾਣਨਾ ਕਿ ਚੀਜ਼ਾਂ ਨੂੰ ਕਦੋਂ ਬਦਲਣ ਦੀ ਲੋੜ ਹੈ ਅਤੇ ਇਸ ਨੂੰ ਦੇਖਣ ਲਈ ਦ੍ਰਿੜਤਾ, ਯੋਗਤਾ ਅਤੇ ਹਿੰਮਤ ਹੋਣਾ ਇੱਕ ਪ੍ਰਭਾਵਸ਼ਾਲੀ ਸਿਵਲ ਸੇਵਕ ਦਾ ਚਿੰਨ੍ਹ ਹੈ। ਤੁਹਾਡੀ ਨਿਰਪੱਖਤਾ ਤੁਹਾਡੀ ਨਿਰਪੱਖਤਾ ਦਾ ਸੂਚਕ ਹੋਵੇਗੀ। ਤੁਹਾਡੀ ਸੰਵੇਦਨਸ਼ੀਲਤਾ ਤੁਹਾਡੀ ਸ਼ਮੂਲੀਅਤ ਪ੍ਰਤੀ ਵਚਨਬੱਧਤਾ ਦਾ ਮਾਪ ਹੋਵੇਗੀ। ਤੁਹਾਡੀ ਭਰੋਸੇਯੋਗਤਾ ਤੁਹਾਡੀ ਪਾਰਦਰਸ਼ਤਾ ਅਤੇ ਨਿਰੰਤਰ ਪ੍ਰਦਰਸ਼ਨ 'ਤੇ ਬਣੀ ਹੋਵੇਗੀ। ਤੁਹਾਡੀ ਇਮਾਨਦਾਰੀ, ਜੋ ਤੁਹਾਡੇ ਨਿੱਜੀ ਅਤੇ ਪੇਸ਼ੇਵਰ ਆਚਰਣ ਦੁਆਰਾ ਪਰਿਭਾਸ਼ਿਤ ਕੀਤੀ ਗਈ ਹੈ, ਤੁਹਾਨੂੰ ਜਨਤਕ ਹਿੱਤ ਵਿੱਚ ਨਿਰਣਾਇਕ ਢੰਗ ਨਾਲ ਕੰਮ ਕਰਨ ਦੀ ਨੈਤਿਕ ਹਿੰਮਤ ਦੇਵੇਗੀ। ਤੁਹਾਨੂੰ ਤਰਕਸ਼ੀਲਤਾ ਨਾਲ ਹਮਦਰਦੀ ਨੂੰ ਮਿਲਾਉਣਾ ਪਵੇਗਾ। ਤੁਹਾਨੂੰ ਭਾਵਨਾਤਮਕ ਹੋਏ ਬਿਨਾਂ ਸੰਵੇਦਨਸ਼ੀਲ ਹੋਣਾ ਪਵੇਗਾ। ਤੁਹਾਨੂੰ ਨਿਯਮਾਂ ਦੀ ਪਾਲਣਾ ਕਰਨੀ ਪਵੇਗੀ ਪਰ ਵੱਡੇ ਉਦੇਸ਼ਾਂ ਨੂੰ ਨਜ਼ਰਅੰਦਾਜ਼ ਨਹੀਂ ਕਰਨਾ ਪਵੇਗਾ। ਵੱਖ-ਵੱਖ ਸੇਵਾਵਾਂ ਦੇ ਸਿਖਰ 'ਤੇ ਅਧਿਕਾਰੀਆਂ ਦੇ ਤੌਰ 'ਤੇ, ਤੁਹਾਡੇ ਆਚਰਣ ਦੀ ਸਭ ਤੋਂ ਸਖ਼ਤ ਜਨਤਕ ਜਾਂਚ ਕੀਤੀ ਜਾਵੇਗੀ। ਤੁਹਾਨੂੰ ਆਪਣੇ ਨਿੱਜੀ ਆਚਰਣ ਵਿੱਚ ਰੋਲ ਮਾਡਲ ਬਣਨਾ ਪਵੇਗਾ। ਨੈਤਿਕਤਾ ਅਤੇ ਸ਼ਾਸਨ ਇੱਕੋ ਸਿੱਕੇ ਦੇ ਦੋ ਪਾਸੇ ਹਨ। ਤੁਹਾਨੂੰ ਇਮਾਨਦਾਰ ਅਤੇ ਨੈਤਿਕ ਹੋਣਾ ਪਵੇਗਾ। ਉਸੇ ਸਮੇਂ, ਤੁਹਾਨੂੰ ਨਤੀਜੇ ਪ੍ਰਦਾਨ ਕਰਨੇ ਪੈਣਗੇ। ਆਈਏਐਸ ਅਧਿਕਾਰੀਆਂ ਤੋਂ ਉਮੀਦ ਕੀਤੀ ਜਾਂਦੀ ਹੈ ਕਿ ਉਹ ਉਨ੍ਹਾਂ ਨੂੰ ਸੌਂਪੀਆਂ ਗਈਆਂ ਸ਼ਕਤੀਆਂ ਦੀ ਵਰਤੋਂ ਕਰਨ। ਸਾਡੀ ਪਰੰਪਰਾ ਵਿੱਚ, ਵਿਦਿਆਰਥੀਆਂ ਨੂੰ ਆਪਣੀ ਪੜ੍ਹਾਈ ਵਿੱਚ ਲਾਪਰਵਾਹੀ ਨਾ ਕਰਨ ਦੀ ਸਿੱਖਿਆ ਦਿੱਤੀ ਗਈ ਹੈ।

## ਰੂਸੀ ਰਾਜਦੂਤ ਡੇਨਿਸ ਅਲੀਪੋਵ ਨੇ ਦਿੱਲੀ ਦੇ ਉਪ ਰਾਜਪਾਲ ਸੰਧੂ ਨਾਲ ਕੀਤੀ ਮੁਲਾਕਾਤ

ਨਵੀਂ ਦਿੱਲੀ, 20 ਮਈ (ਅੰਮ੍ਰਿਤਪਾਲ ਸਿੰਘ) : ਭਾਰਤ ਅਤੇ ਰੂਸ ਵਿਚਾਲੇ ਦੁਵੱਲੇ ਸਬੰਧਾਂ ਅਤੇ ਆਪਸੀ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਇੱਕ ਅਹਿਮ ਬੈਠਕ ਦੇਖਣ ਨੂੰ ਮਿਲੀ ਹੈ। ਭਾਰਤ ਵਿੱਚ ਰੂਸੀ ਸੰਘ ਦੇ ਰਾਜਦੂਤ ਮਿਸਟਰ ਡੇਨਿਸ ਅਲੀਪੋਵ ਨੇ ਦਿੱਲੀ ਦੇ ਮਾਨਯੋਗ ਉਪ ਰਾਜਪਾਲ (ਐਲ.ਜੀ.) ਸਰਦਾਰ ਤਰਨਜੀਤ ਸਿੰਘ ਸੰਧੂ ਨਾਲ ਮੁਲਾਕਾਤ ਕੀਤੀ। ਇਹ ਉੱਚ ਪੱਧਰੀ ਮੁਲਾਕਾਤ ਦਿੱਲੀ ਦੇ ਉਪ ਰਾਜਪਾਲ ਦੇ ਸਰਕਾਰੀ ਨਿਵਾਸ @ਲੋਕ ਨਿਵਾਸ@ ਵਿਖੇ ਹੋਈ। ਇਸ ਦੌਰਾਨ ਦੋਵਾਂ ਸ਼ਖਸੀਅਤਾਂ ਨੇ ਕਈ ਅਹਿਮ ਅਤੇ ਦੁਵੱਲੇ ਹਿੱਤਾਂ ਦੇ ਮੁੱਦਿਆਂ @ਤੇ ਵਿਸਥਾਰਪੂਰਵਕ ਚਰਚਾ ਕੀਤੀ। ਮੁਲਾਕਾਤ ਦੌਰਾਨ ਉਪ ਰਾਜਪਾਲ ਸਰਦਾਰ ਤਰਨਜੀਤ ਸਿੰਘ ਸੰਧੂ ਅਤੇ ਰੂਸੀ ਰਾਜਦੂਤ ਡੇਨਿਸ ਅਲੀਪੋਵ ਨੇ ਇੱਕ-ਦੂਜੇ ਦਾ ਨਿੱਘਾ ਸਵਾਗਤ ਕੀਤਾ ਅਤੇ ਦੋਵਾਂ ਦੇਸ਼ਾਂ ਦੇ ਇਤਿਹਾਸਕ ਅਤੇ ਰਣਨੀਤਕ ਸਬੰਧਾਂ ਨੂੰ ਯਾਦ ਕੀਤਾ। ਇਸ ਰਸਮੀ ਬੈਠਕ ਦੌਰਾਨ ਦਿੱਲੀ ਦੇ ਵਿਕਾਸ, ਸਥਾਨਕ ਪ੍ਰਸ਼ਾਸਨਿਕ ਸਹਿਯੋਗ ਅਤੇ ਆਪਸੀ ਹਿੱਤਾਂ ਨਾਲ ਜੁੜੇ ਕਈ ਪ੍ਰਮੁੱਖ ਵਿਸ਼ਿਆਂ 'ਤੇ ਵਿਚਾਰਾਂ ਦਾ ਅਦਾਨ-ਪ੍ਰਦਾਨ ਕੀਤਾ ਗਿਆ। ਰੂਸੀ ਰਾਜਦੂਤ ਵੱਲੋਂ ਉਪ ਰਾਜਪਾਲ ਸੰਧੂ ਨੂੰ ਇੱਕ ਵਿਸ਼ੇਸ਼ ਯਾਦਗਾਰੀ ਚਿੰਨ੍ਹ ਜਾਂ ਕਿਤਾਬ ਵੀ ਭੇਟ ਕੀਤੀ ਗਈ। ਦੱਸਣਯੋਗ ਹੈ ਕਿ ਤਰਨਜੀਤ ਸਿੰਘ ਸੰਧੂ, ਜੋ ਕਿ ਭਾਰਤ ਦੇ ਇੱਕ ਬਹੁਤ ਹੀ ਤਜ਼ਰਬੇਕਾਰ ਅਤੇ ਸੀਨੀਅਰ ਡਿਪਲੋਮੈਟ ਰਹਿ ਚੁੱਕੇ ਹਨ ਅਤੇ ਅਮਰੀਕਾ ਵਿੱਚ ਭਾਰਤ ਦੇ ਰਾਜਦੂਤ ਵਜੋਂ ਸ਼ਾਨਦਾਰ ਸੇਵਾਵਾਂ ਨਿਭਾ ਚੁੱਕੇ ਹਨ, ਦੇ ਦਿੱਲੀ ਦੇ ਉਪ ਰਾਜਪਾਲ ਬਣਨ ਤੋਂ ਬਾਅਦ ਵਿਦੇਸ਼ੀ ਪ੍ਰਤੀਨਿਧੀਆਂ ਨਾਲ ਇਹ ਮੁਲਾਕਾਤ ਕਾਫੀ ਅਹਿਮ ਮੰਨੀ ਜਾ ਰਹੀ ਹੈ। ਲੋਕ ਨਿਵਾਸ ਵੱਲੋਂ ਜਾਰੀ ਅਧਿਕਾਰਤ ਬਿਆਨ ਅਤੇ ਸੋਸ਼ਲ ਮੀਡੀਆ ਪੋਸਟ ਰਾਹੀਂ ਇਸ ਮੁਲਾਕਾਤ ਦੀਆਂ ਤਸਵੀਰਾਂ ਸਾਂਝੀਆਂ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚ ਦੋਵੇਂ ਆਗੂ ਬੇਹੱਦ ਖੁਸ਼ਗਵਾਰ ਮਾਹੌਲ ਵਿੱਚ ਗੱਲਬਾਤ ਕਰਦੇ ਹੋਏ ਦਿਖਾਈ ਦੇ ਰਹੇ ਹਨ। ਇਸ ਮੌਕੇ ਦੋਵਾਂ ਦੇਸ਼ਾਂ ਦੇ ਹੋਰ ਉੱਚ ਅਧਿਕਾਰੀ ਵੀ ਮੌਜੂਦ ਸਨ ਅਤੇ ਇਸ ਬੈਠਕ ਨੂੰ ਭਾਰਤ-ਰੂਸ ਦੇ ਮਜ਼ਬੂਤ ਸਬੰਧਾਂ ਦੇ ਤਹਿਤ ਇੱਕ ਹਾਂ-ਪੱਖੀ ਕਦਮ ਵਜੋਂ ਦੇਖਿਆ ਜਾ ਰਿਹਾ ਹੈ।



## ਚੰਡੀਗੜ੍ਹ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਨੇ 'ਨੋ ਵਹੀਕਲ ਬੁੱਧਵਾਰ' ਪਹਿਲਕਦਮੀ ਵਿੱਚ ਹਿੱਸਾ ਲਿਆ

ਚੰਡੀਗੜ੍ਹ, 20 ਮਈ (ਅੰਮ੍ਰਿਤਪਾਲ ਸਿੰਘ) :ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਦੇ ਸੱਦੇ 'ਤੇ, ਚੰਡੀਗੜ੍ਹ ਪ੍ਰਸ਼ਾਸਨ ਨੇ ਵਾਤਾਵਰਣ ਅਨੁਕੂਲ ਅਤੇ ਟਿਕਾਊ ਆਵਾਜਾਈ ਨੂੰ ਉਤਸ਼ਾਹਿਤ ਕਰਨ ਲਈ ਨੋ ਵਹੀਕਲ ਬੁੱਧਵਾਰ ਮਨਾਇਆ। ਚੰਡੀਗੜ੍ਹ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਇਸ ਪਹਿਲਕਦਮੀ ਵਿੱਚ ਸਰਗਰਮੀ ਨਾਲ ਹਿੱਸਾ ਲਿਆ, ਸਾਈਕਲਿੰਗ, ਪੈਦਲ, ਸੀਟੀਯੂ ਬੱਸਾਂ, ਕਾਰਪੂਲਿੰਗ ਅਤੇ ਈ-ਵਾਹਨਾਂ ਰਾਹੀਂ ਦਫਤਰ ਪਹੁੰਚੇ। ਇਸ ਪਹਿਲਕਦਮੀ ਦਾ ਉਦੇਸ਼ ਬਾਲਣ ਸੰਭਾਲ, ਟਿਕਾਊ ਗਤੀਸ਼ੀਲਤਾ ਅਤੇ ਵਾਤਾਵਰਣ ਸੁਰੱਖਿਆ ਨੂੰ ਉਤਸ਼ਾਹਿਤ ਕਰਨਾ ਹੈ। ਮੁੱਖ ਸਕੱਤਰ ਸ੍ਰੀ ਐਚ. ਰਾਜੇਸ਼ ਪ੍ਰਸਾਦ ਨੇ ਸਾਈਕਲਿੰਗ ਰਾਹੀਂ ਦਫਤਰ ਪਹੁੰਚ ਕੇ ਮੁਹਿੰਮ ਦੀ ਅਗਵਾਈ ਕੀਤੀ। ਮੀਡੀਆ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਉਹ ਨਿੱਜੀ ਤੌਰ @ਤੇ ਤੰਦਰੁਸਤੀ ਲਈ ਸਾਈਕਲ ਦੀ ਵਰਤੋਂ ਕਰਦੇ ਹਨ ਅਤੇ ਇਸ ਮੁਹਿੰਮ ਨੂੰ ਬਾਲਣ ਸੰਭਾਲ, ਵਾਤਾਵਰਣ





ਸੁਰੱਖਿਆ ਅਤੇ ਟਿਕਾਊ ਆਵਾਜਾਈ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਸ਼ਲਾਘਾਯੋਗ ਕਦਮ ਦੱਸਿਆ। ਉਨ੍ਹਾਂ ਕਿਹਾ ਕਿ ਅਜਿਹੇ ਯਤਨਾਂ ਵਿੱਚ ਜਨਤਕ ਭਾਗੀਦਾਰੀ ਰਾਸ਼ਟਰੀ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾ ਸਕਦੀ ਹੈ ਅਤੇ ਸ਼ਹਿਰ ਦੇ ਗਿਆਨਵਾਨ ਨਾਗਰਿਕਾਂ ਨੂੰ ਆਵਾਜਾਈ ਦੇ ਵਾਤਾਵਰਣ ਅਨੁਕੂਲ ਢੰਗ ਅਪਣਾਉਣ ਦੀ ਅਪੀਲ ਕੀਤੀ।

ਇਸ ਪਹਿਲਕਦਮੀ ਵਿੱਚ, ਗ੍ਰਹਿ ਸਕੱਤਰ ਸ਼੍ਰੀ ਮਨਦੀਪ ਸਿੰਘ ਬਰਾੜ, ਚੰਡੀਗੜ੍ਹ ਪੁਲਿਸ ਦੇ ਡੀਜੀਪੀ ਡਾ. ਸਾਗਰ ਪ੍ਰੀਤ ਹੁੱਡਾ, ਆਈਜੀਪੀ ਸ਼੍ਰੀ ਪੁਸ਼ਪੇਂਦਰ ਕੁਮਾਰ, ਲੋਕ ਸੰਪਰਕ ਨਿਰਦੇਸ਼ਕ ਸ਼੍ਰੀ ਰਾਜੀਵ ਤਿਵਾੜੀ, ਖੇਡ ਨਿਰਦੇਸ਼ਕ ਸ਼੍ਰੀ ਸੌਰਭ ਕੁਮਾਰ ਅਰੋੜਾ, ਅਤੇ ਮੁੱਖ ਇੰਜੀਨੀਅਰ ਸ਼੍ਰੀ ਸੀ.ਬੀ. ਓਝਾ ਸਾਈਕਲ 'ਤੇ ਆਪਣੇ ਦਫ਼ਤਰ ਗਏ, ਜਦੋਂ ਕਿ ਸਿੱਖਿਆ ਸਕੱਤਰ ਸ਼੍ਰੀਮਤੀ ਪ੍ਰੇਰਨਾ ਪੁਰੀ ਅਤੇ ਡਿਪਟੀ ਕਮਿਸ਼ਨਰ ਸ਼੍ਰੀ ਨਿਸ਼ਾਂਤ ਕੁਮਾਰ ਯਾਦਵ ਆਪਣੇ ਕੰਮ ਵਾਲੇ ਸਥਾਨਾਂ 'ਤੇ ਪੈਦਲ ਗਏ। ਆਈਟੀ ਸਕੱਤਰ ਸ਼੍ਰੀ ਡੀ. ਕਾਰਤੀਕੇਯਨ, ਵਧੀਕ ਸਕੱਤਰ ਗ੍ਰਹਿ ਸ਼੍ਰੀ ਅਮਿਤ ਕੁਮਾਰ, ਨਿਰਦੇਸ਼ਕ ਟ੍ਰਾਂਸਪੋਰਟ ਸ਼੍ਰੀ ਅਵਿਕੇਸ਼ ਗੁਪਤਾ, ਅਤੇ ਵਧੀਕ ਸਕੱਤਰ ਐਚਏਸੀ ਸ਼੍ਰੀ ਅਖਿਲ ਕੁਮਾਰ ਨੇ ਸੀਟੀਯੂ ਬੱਸਾਂ ਦੀ ਵਰਤੋਂ ਕੀਤੀ। ਸਮਾਜ ਭਲਾਈ ਵਿਭਾਗ ਦੀ ਸਕੱਤਰ ਸ਼੍ਰੀਮਤੀ ਅਨੁਰਾਧਾ ਐਸ. ਚਗਤੀ, ਸਮਾਜ ਭਲਾਈ ਵਿਭਾਗ ਦੀ ਡਾਇਰੈਕਟਰ ਸ਼੍ਰੀਮਤੀ ਰਾਧਿਕਾ ਸਿੰਘ, ਅਤੇ ਤਕਨੀਕੀ ਸਿੱਖਿਆ ਨਿਰਦੇਸ਼ਕ ਸ਼੍ਰੀਮਤੀ ਪਾਲਿਕਾ ਅਰੋੜਾ ਨੇ ਕਾਰਪੂਲਿੰਗ ਦਾ ਵਿਕਲਪ ਚੁਣਿਆ, ਜਦੋਂ ਕਿ ਸਕੂਲ ਸਿੱਖਿਆ ਨਿਰਦੇਸ਼ਕ ਸ਼੍ਰੀ ਨਿਤੀਸ਼ ਸਿੰਗਲਾ ਈ-ਵਾਹਨ ਰਾਹੀਂ ਦਫ਼ਤਰ ਪਹੁੰਚੇ।

ਇਸ ਪਹਿਲਕਦਮੀ ਦਾ ਉਦੇਸ਼ ਬਾਲਣ ਦੀ ਬਚਤ ਕਰਨਾ, ਆਵਾਜਾਈ ਦੀ ਭੀੜ ਅਤੇ ਪ੍ਰਦੂਸ਼ਣ ਨੂੰ ਘਟਾਉਣਾ ਅਤੇ ਟਿਕਾਊ ਆਵਾਜਾਈ ਨੂੰ ਉਤਸ਼ਾਹਿਤ ਕਰਨਾ ਹੈ। ਇਹ ਪੈਦਲ ਚੱਲਣ ਅਤੇ ਸਾਈਕਲਿੰਗ ਰਾਹੀਂ ਇੱਕ ਸਿਹਤਮੰਦ ਜੀਵਨ ਸ਼ੈਲੀ ਅਤੇ ਸਮੁੱਚੀ ਸਿਹਤ ਦੀ ਮਹੱਤਤਾ ਨੂੰ ਵੀ ਉਜਾਗਰ ਕਰਦਾ ਹੈ।

## ਦਿੱਲੀ ਦੇ ਉਪ-ਰਾਜਪਾਲ ਵੱਲੋਂ ਏਮਜ਼ ਰਿਸ਼ੀਕੇਸ਼ ਵਿਖੇ ਡਾਕਟਰਾਂ ਅਤੇ ਮੈਡੀਕਲ ਵਿਦਿਆਰਥੀਆਂ ਨਾਲ ਮੁਲਾਕਾਤ, ਸਿਹਤ ਖੇਤਰ ਵਿੱਚ ਨਵੀਨਤਾ ਅਤੇ ਸਮਾਜਿਕ ਜ਼ਿੰਮੇਵਾਰੀ 'ਤੇ ਦਿੱਤਾ ਜ਼ੋਰ

ਨਵੀਂ ਦਿੱਲੀ, 20 ਮਈ (ਅੰਮ੍ਰਿਤਪਾਲ ਸਿੰਘ) : ਦਿੱਲੀ ਦੇ ਉਪ-ਰਾਜਪਾਲ (ਐਲ.ਜੀ.) ਵੱਲੋਂ ਅੱਜ ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ (ਏਮਜ਼) ਰਿਸ਼ੀਕੇਸ਼ ਦਾ ਦੌਰਾ ਕੀਤਾ ਗਿਆ, ਜਿੱਥੇ ਉਨ੍ਹਾਂ ਨੇ ਹਸਪਤਾਲ ਦੇ ਸੀਨੀਅਰ ਫੈਕਲਟੀ ਮੈਂਬਰਾਂ, ਡਾਕਟਰਾਂ, ਇੰਟਰਨਜ਼ ਅਤੇ ਮੈਡੀਕਲ ਵਿਦਿਆਰਥੀਆਂ ਨਾਲ ਇੱਕ ਬਹੁਤ ਹੀ ਸਾਰਥਕ ਅਤੇ ਅਹਿਮ ਮੁਲਾਕਾਤ ਕੀਤੀ। ਇਸ ਉੱਚ-ਪੱਧਰੀ ਬੈਠਕ ਦੌਰਾਨ ਉਨ੍ਹਾਂ ਨੇ ਦੇਸ਼ ਦੇ ਭਵਿੱਖ ਦੇ ਵਿਕਾਸ ਵਿੱਚ ਸਿਹਤ ਸੰਭਾਲ ਖੇਤਰ ਦੀ ਅਹਿਮ ਭੂਮਿਕਾ ਨੂੰ ਰੇਖਾਂਕਿਤ ਕੀਤਾ ਅਤੇ ਨੌਜਵਾਨ ਮੈਡੀਕਲ ਮਾਹਰਾਂ ਨੂੰ ਦੇਸ਼ ਦੀ ਪ੍ਰਗਤੀ ਦਾ ਮੁੱਖ ਸਰੋਤ ਦੱਸਿਆ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਨੌਜਵਾਨ ਡਾਕਟਰ ਨਵੀਨਤਾ (ਇਨੋਵੇਸ਼ਨ) ਅਤੇ ਸਟਾਰਟ-ਅੱਪਸ ਦੇ ਜ਼ਰੀਏ ਭਾਰਤ ਦੇ ਸਿਹਤ ਢਾਂਚੇ ਨੂੰ ਇੱਕ ਨਵੀਂ ਦਿਸ਼ਾ ਪ੍ਰਦਾਨ ਕਰ ਰਹੇ ਹਨ। ਇਸ ਦੌਰਾਨ ਦੇਸ਼ ਦੀਆਂ ਸਿਹਤ ਯੋਜਨਾਵਾਂ ਦਾ ਜ਼ਿਕਰ ਕਰਦਿਆਂ ਉਪ-ਰਾਜਪਾਲ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਸੁਪਨੇ 'ਆਯੁਸ਼ਮਾਨ ਭਾਰਤ ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ' ਦੇ ਤਹਿਤ ਹਰ ਇੱਕ ਨਾਗਰਿਕ ਤੱਕ ਮਿਆਰੀ ਸਿਹਤ ਸੇਵਾਵਾਂ ਪਹੁੰਚਾਉਣ ਦਾ ਟੀਚਾ ਮਿੱਥਿਆ ਗਿਆ ਹੈ। ਇਸੇ ਮੁਹਿੰਮ ਨੂੰ ਅੱਗੇ ਵਧਾਉਂਦਿਆਂ ਉਨ੍ਹਾਂ ਨੇ ਨੌਜਵਾਨ ਮੈਡੀਕਲ ਮਾਹਰਾਂ ਨੂੰ ਨਵੀਆਂ ਤਕਨੀਕਾਂ ਅਪਣਾਉਣ ਅਤੇ ਨਵੀਨਤਾਕਾਰੀ ਸੋਚ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ, ਤਾਂ ਜੋ ਮੈਡੀਕਲ ਖੇਤਰ ਵਿੱਚ ਹੋ ਰਹੀਆਂ ਨਵੀਆਂ ਖੋਜਾਂ ਅਤੇ ਤਕਨੀਕੀ ਤਬਦੀਲੀਆਂ ਦਾ ਲਾਭ ਸਮਾਜ ਦੇ ਆਖਰੀ ਨਾਗਰਿਕ ਤੱਕ ਸਿੱਧੇ ਤੌਰ 'ਤੇ ਪਹੁੰਚਾਇਆ ਜਾ ਸਕੇ। ਉਨ੍ਹਾਂ ਨੇ ਤੇਜ਼ੀ ਨਾਲ ਬਦਲ ਰਹੀ ਦੁਨੀਆ ਦਾ ਹਵਾਲਾ ਦਿੰਦੇ ਹੋਏ ਮੈਡੀਕਲ ਜਗਤ ਨੂੰ ਅਪੀਲ ਕੀਤੀ ਕਿ ਡਾਕਟਰਾਂ ਨੂੰ ਸਮੇਂ ਦੇ ਨਾਲ-ਨਾਲ ਆਪਣੇ ਹੁਨਰ (ਸਕਿੱਲਜ਼) ਨੂੰ ਲਗਾਤਾਰ ਅਪਗ੍ਰੇਡ ਕਰਦੇ ਰਹਿਣਾ ਚਾਹੀਦਾ ਹੈ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਮੈਡੀਕਲ ਅਭਿਆਸ ਦੌਰਾਨ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਕੇਂਦਰ ਵਿੱਚ ਰੱਖਣਾ ਬੇਹੱਦ ਜ਼ਰੂਰੀ ਹੈ, ਕਿਉਂਕਿ ਸੇਵਾ ਭਾਵਨਾ ਅਤੇ ਨੈਤਿਕਤਾ ਤੋਂ ਬਿਨਾਂ ਕੋਈ ਵੀ ਸਿਹਤ ਪ੍ਰਣਾਲੀ ਦੇਸ਼ ਦੀ ਪ੍ਰਭਾਵਸ਼ਾਲੀ ਢੰਗ ਨਾਲ ਸੇਵਾ ਨਹੀਂ ਕਰ ਸਕਦੀ। ਇਸ ਮੌਕੇ ਉਪ-ਰਾਜਪਾਲ ਨੇ ਏਮਜ਼ ਰਿਸ਼ੀਕੇਸ਼ ਵਿਖੇ ਮੌਜੂਦ ਵੱਖ-ਵੱਖ ਵਿਭਾਗਾਂ, ਮੈਡੀਕਲ ਸਿਮੂਲੇਸ਼ਨ ਲੈਬਾਂ ਅਤੇ ਸਿਹਤ ਸਹੂਲਤਾਂ ਦਾ ਵੀ ਜਾਇਜ਼ਾ ਲਿਆ ਅਤੇ ਉੱਥੋਂ ਦੇ ਪ੍ਰਬੰਧਾਂ 'ਤੇ ਤਸੱਲੀ ਪ੍ਰਗਟਾਈ।



## ਸਾਂਸਦ ਸਾਹਨੀ ਵੱਲੋਂ ਪੰਜਾਬ ਦੇ ਵਧਦੇ ਕਰਜ਼ੇ, ਬਕਾਇਆ ਡੀਏ, ਅਤੇ ਕਾਲਜਾਂ ਨੂੰ ਗ੍ਰਾਂਟ-ਇਨ-ਏਡ ਜਾਰੀ ਨਾ ਕਰਨ 'ਤੇ ਚਿੰਤਾ ਪ੍ਰਗਟ

ਨਵੀਂ ਦਿੱਲੀ, 20 ਮਈ (ਅੰਮ੍ਰਿਤਪਾਲ ਸਿੰਘ) : ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਅੱਜ ਪੰਜਾਬ ਸਰਕਾਰ ਵੱਲੋਂ ਇੱਕ ਵਾਰ ਫਿਰ ਬਾਜ਼ਾਰ ਤੋਂ ਲਗਭਗ 2,500 ਕਰੋੜ ਉਧਾਰ ਲੈਣ @ਤੇ ਗੰਭੀਰ ਚਿੰਤਾ ਪ੍ਰਗਟ ਕੀਤੀ, ਜਦੋਂ ਕਿ ਸੂਬੇ ਦਾ ਕੁੱਲ ਕਰਜ਼ਾ ਚਿੰਤਾਜਨਕ ਤੌਰ 'ਤੇ 5 ਲੱਖ ਕਰੋੜ ਤੋਂ ਵੱਧ ਗਿਆ ਹੈ। ਡਾ. ਸਾਹਨੀ ਨੇ ਕਿਹਾ ਕਿ ਲਗਾਤਾਰ ਉਧਾਰ ਲੈਣ ਦੇ ਬਾਵਜੂਦ, ਲਗਭਗ 700,000 ਸਰਕਾਰੀ ਕਰਮਚਾਰੀ ਅਤੇ ਪੈਨਸ਼ਨਰ ਅਜੇ ਵੀ ਲਗਭਗ ?15,000 ਕਰੋੜ ਦੇ ਮਹਿੰਗਾਈ ਭੱਤੇ (ਡੀਏ) ਭੁਗਤਾਨਾਂ ਦੀ ਉਡੀਕ ਕਰ ਰਹੇ ਹਨ, ਇਸ ਸਬੰਧ ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਸਪੱਸ਼ਟ ਨਿਰਦੇਸ਼ਾਂ ਦੇ ਬਾਵਜੂਦ। ਡਾ. ਸਾਹਨੀ ਨੇ ਅੱਗੇ ਕਿਹਾ ਕਿ ਪੰਜਾਬ ਦੇ 136 ਸਹਾਇਤਾ ਪ੍ਰਾਪਤ ਕਾਲਜਾਂ, ਜਿਨ੍ਹਾਂ ਵਿੱਚ ਕਈ ਵੱਕਾਰੀ ਸਦੀ ਪੁਰਾਣੀਆਂ ਸੰਸਥਾਵਾਂ ਸ਼ਾਮਲ ਹਨ, ਨੂੰ ਜਨਵਰੀ 2026 ਤੋਂ ਗ੍ਰਾਂਟ-ਇਨ-ਏਡ ਨਹੀਂ ਮਿਲੀ ਹੈ, ਜਿਸਦੇ ਨਤੀਜੇ ਵਜੋਂ ਹਜ਼ਾਰਾਂ ਅਧਿਆਪਕਾਂ ਅਤੇ ਗੈਰ-ਅਧਿਆਪਨ ਸਟਾਫ ਨੂੰ ਮਹੀਨਿਆਂ ਤੋਂ ਤਨਖਾਹਾਂ ਨਹੀਂ ਮਿਲ ਰਹੀਆਂ ਹਨ। ਡਾ. ਸਾਹਨੀ ਨੇ ਕਿਹਾ ਕਿ ਇਹ ਬਹੁਤ ਹੀ ਮੰਦਭਾਗਾ ਹੈ ਕਿ ਕਰਜ਼ੇ ਵਧਣ ਦੇ ਬਾਵਜੂਦ, ਲੱਖਾਂ ਕਰਮਚਾਰੀ, ਪੈਨਸ਼ਨਰ, ਅਧਿਆਪਕ ਅਤੇ ਸਹਾਇਤਾ ਪ੍ਰਾਪਤ ਸੰਸਥਾਵਾਂ ਅਜੇ ਵੀ ਆਪਣੇ ਜਾਇਜ਼ ਬਕਾਏ ਦੀ ਉਡੀਕ ਕਰ ਰਹੀਆਂ ਹਨ। ਪੰਜਾਬ ਸਰਕਾਰ ਨੂੰ ਤੁਰੰਤ ਬਕਾਇਆ ਡੀਏ ਅਤੇ ਗ੍ਰਾਂਟ-ਇਨ-ਏਡ ਤਨਖਾਹਾਂ ਜਾਰੀ ਕਰਨੀਆਂ ਚਾਹੀਦੀਆਂ ਹਨ ਅਤੇ ਜ਼ਰੂਰੀ ਜਨਤਕ ਜ਼ਿੰਮੇਵਾਰੀਆਂ ਨੂੰ ਤਰਜੀਹ ਦੇਣੀ ਚਾਹੀਦੀ ਹੈ।



# ——ਐਸ.ਆਈ.ਆਰ ਨੂੰ ਲੈਕੇ 'ਆਪ' ਦਾ ਐਲਾਨ——

## ਪੰਜਾਬ ਵਿੱਚ ਨਹੀਂ ਚੱਲਣ ਦੇਵਾਂਗੇ ਭਾਜਪਾ ਦੀ ਧੱਕੇਸ਼ਾਹੀ ਹਰ ਪੰਜਾਬੀ ਦੀ ਵੋਟ ਬਚਾਵਾਂਗੇਂ

ਲੁਧਿਆਣਾ 20 ਮਈ (ਰਵਿੰਦਰ ਸਿੰਘ ਨਿੱਝਰ) : ਲੁਧਿਆਣਾ ਦੇ ਗੁਰੂ ਨਾਨਕ ਦੇਵ ਭਵਨ ਵਿਖੇ ਆਮ ਆਦਮੀ ਪਾਰਟੀ ਦੀ ਇੱਕ ਕਾਰਜਕਾਰਨੀ ਮੀਟਿੰਗ ਆਮ ਆਦਮੀ ਪਾਰਟੀ (ਆਪ) ਦੇ ਪੰਜਾਬ ਪ੍ਰਧਾਨ ਅਮਨ ਅਰੋੜਾ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿੱਚ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਪੰਜਾਬ ਦੇ ਇੰਚਾਰਜ ਮਨੀਸ਼ ਸਿਸੋਦੀਆ, ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀਆਂ, ਵਿਧਾਇਕਾਂ, ਜ਼ਿਲ੍ਹਾ ਪ੍ਰਧਾਨਾਂ, ਹਲਕਾ ਇੰਚਾਰਜਾਂ, ਟਰੇਡ ਵਿੰਗਾਂ, ਯੂਥ ਵਿੰਗਾਂ ਅਤੇ ਵੱਖ-ਵੱਖ ਸੰਗਠਨਾਂ ਦੇ ਅਹੁਦੇਦਾਰਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ। ਮੀਟਿੰਗ ਦਾ ਮੁੱਦਾ ਪੰਜਾਬ ਵਿੱਚ ਐਸ.ਆਈ.ਆਰ ਰਾਹੀਂ ਗਲਤ ਤਰੀਕੇ ਨਾਲ ਵੋਟਾਂ ਨੂੰ ਕੱਟਣ ਤੋਂ ਰੋਕਣਾ ਅਤੇ ਵੋਟਰਾਂ ਦੇ ਅਧਿਕਾਰਾਂ ਦੀ ਰੱਖਿਆ ਕਰਨਾ ਰਿਹਾ। ਮੀਟਿੰਗ ਦੌਰਾਨ ਆਪ ਆਗੂਆਂ ਨੇ ਭਾਜਪਾ ਉੱਤੇ ਤਿੱਖੇ ਹਮਲੇ ਕਰਦਿਆਂ ਦੋਸ਼ ਲਗਾਇਆ ਕਿ ਭਾਜਪਾ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਨਵੇਂ ਸਿਆਸੀ ਹਥਕੰਡੇ ਵਰਤ ਰਹੀ ਹੈ। ਪਾਰਟੀ ਆਗੂਆਂ ਨੇ ਕਿਹਾ ਕਿ ਈ.ਡੀ, ਸੀ.ਬੀ.ਆਈ ਅਤੇ ਹੁਣ ਐਸ.ਆਈ.ਆਰ ਰਾਹੀਂ ਪੰਜਾਬ ਵਿੱਚ ਲੋਕਤੰਤਰ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਿਸਨੂੰ ਕਿਸੇ ਵੀ ਕੀਮਤ 'ਤੇ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ। ਆਪ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਵੀ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਦੇਖਦਿਆਂ ਪੰਜਾਬ ਵਿੱਚ ਐਸ.ਆਈ.ਆਰ. ਰਾਹੀਂ ਵੋਟਾਂ ਕੱਟਣ ਦੀ ਤਿਆਰੀ ਕੀਤੀ ਜਾ ਰਹੀ ਹੈ। ਪ੍ਰੰਤੂ ਕਿਸੇ ਵੀ ਹਾਲਤ ਵਿੱਚ ਪੰਜਾਬੀਆਂ ਦੀਆਂ ਵੋਟਾਂ ਨਹੀਂ ਕੱਟਣ ਦਿੱਤੀਆਂ ਜਾਣਗੀਆਂ। ਸ੍ਰੀ ਅਰੋੜਾ ਨੇ ਕਿਹਾ ਕਿ ਮਹਿੰਗਾਈ ਦੇ ਮਾਮਲੇ ਵਿੱਚ ਕੇਂਦਰ ਸਰਕਾਰ ਪੂਰੀ ਤਰ੍ਹਾਂ ਨਾਕਾਮ ਰਹੀ ਹੈ। ਉਹਨਾਂ ਕਿਹਾ ਕਿ ਆਮ ਲੋਕ ਪਹਿਲਾਂ ਹੀ ਮਹਿੰਗਾਈ ਦੀ ਮਾਰ ਸਹਿ ਰਹੇ ਹਨ ਅਤੇ ਹੁਣ ਪੈਟਰੋਲ-ਡੀਜ਼ਲ ਮਹਿੰਗਾ ਕਰਕੇ ਲੋਕਾਂ 'ਤੇ ਹੋਰ ਬੋਝ ਪਾਇਆ ਜਾ ਰਿਹਾ ਹੈ।

ਈ.ਡੀ ਅਤੇ ਸੀ.ਬੀ.ਆਈ ਦੀਆਂ ਕਾਰਵਾਈਆਂ ਬਾਰੇ ਬੋਲਦਿਆਂ ਉਹਨਾਂ ਕਿਹਾ ਕਿ ਭਾਜਪਾ ਏਜੰਸੀਆਂ ਦੀ ਵਰਤੋਂ ਸਿਆਸੀ ਹਥਿਆਰ ਵਜੋਂ ਕਰ ਰਹੀ ਹੈ। ਉਹਨਾਂ ਦੋਸ਼ ਲਗਾਇਆ ਕਿ ਵਿਰੋਧੀ ਪਾਰਟੀਆਂ ਦੇ ਆਗੂਆਂ ਨੂੰ ਝੂਠੇ ਕੇਸਾਂ ਵਿੱਚ ਫਸਾ ਕੇ ਦਬਾਅ ਬਣਾਇਆ ਜਾਂਦਾ ਹੈ ਅਤੇ ਬਾਅਦ ਵਿੱਚ ਉਹਨਾਂ ਨੂੰ ਭਾਜਪਾ ਵਿੱਚ ਸ਼ਾਮਲ ਕਰਵਾ ਲਿਆ ਜਾਂਦਾ ਹੈ। ਉਹਨਾਂ ਦਾਅਵਾ ਕੀਤਾ ਕਿ ਪੱਛਮੀ ਬੰਗਾਲ ਵਿੱਚ ਵੀ ਇਸੇ ਤਰ੍ਹਾਂ ਦੀਆਂ ਕਾਰਵਾਈਆਂ ਕਰਕੇ ਵੋਟਾਂ ਕਟਵਾਈਆਂ ਗਈਆਂ ਅਤੇ ਫਿਰ ਭਾਜਪਾ ਨੇ ਸਿਆਸੀ ਲਾਭ ਲਿਆ, ਪਰ ਪੰਜਾਬ ਵਿੱਚ ਅਜਿਹਾ ਨਹੀਂ ਹੋਣ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਆਉਣ ਵਾਲੀਆਂ ਸਥਾਨਕ ਚੋਣਾਂ ਵਿੱਚ ਆਮ ਆਦਮੀ ਪਾਰਟੀ ਵੱਡੀ ਜਿੱਤ ਦਰਜ ਕਰੇਗੀ। ਮਨੀਸ਼ ਸਿਸੋਦੀਆ ਨੇ ਕਿਹਾ ਕਿ ਭਾਜਪਾ ਨੇ ਪੰਜਾਬ ਵਿੱਚ ਆਪਣੀ ਸਿਆਸੀ ਜ਼ਮੀਨ ਤਲਾਸ਼ ਕਰ ਰਹੀ ਹੈ ਤੇ ਹੁਣ ਨਵਾਂ ਹਥਿਆਰ ਐਸ.ਆਈ.ਆਰ ਦੇ ਰੂਪ ਵਿੱਚ ਵਰਤਣਾ ਸ਼ੁਰੂ ਕਰ ਦਿੱਤਾ ਹੈ। ਉਹਨਾਂ ਕਿਹਾ ਕਿ ਪਹਿਲਾਂ ਈ.ਡੀ ਅਤੇ ਸੀ.ਬੀ.ਆਈ ਦੀਆਂ ਰੇਡਾਂ ਰਾਹੀਂ ਵਿਰੋਧੀ ਆਗੂਆਂ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਗਈ ਅਤੇ ਹੁਣ ਵੋਟਰਾਂ ਦੀਆਂ ਵੋਟਾਂ ਕੱਟਣ ਦੀ ਯੋਜਨਾ ਬਣਾਈ ਜਾ ਰਹੀ ਹੈ। ਸਿਸੋਦੀਆ ਨੇ ਦਾਅਵਾ ਕੀਤਾ ਕਿ ਲੱਖਾਂ ਪੰਜਾਬੀਆਂ ਦੀਆਂ ਵੋਟਾਂ ਖਤਮ ਕਰਕੇ ਉਹਨਾਂ ਦਾ ਲੋਕਤੰਤਰਿਕ ਅਧਿਕਾਰ ਖੋਹਣ ਦੀ ਤਿਆਰੀ ਹੈ।

ਉਹਨਾਂ ਕਿਹਾ ਕਿ ਪਾਰਟੀ ਵੱਲੋਂ ਬੂਥ ਪੱਧਰ ਤੋਂ ਲੈ ਕੇ ਪੰਜਾਬ ਪੱਧਰ ਤੱਕ ਪੂਰੀ ਨਿਗਰਾਨੀ ਰੱਖੀ ਜਾਵੇਗੀ। ਪਾਰਟੀ ਦੇ ਵਲੰਟੀਅਰ, ਆਗੂ, ਵਿਧਾਇਕ ਅਤੇ ਮੰਤਰੀ ਹਰ ਇੱਕ ਵੋਟਰ ਦੀ ਵੋਟ ਬਚਾਉਣ ਲਈ ਮੈਦਾਨ ਵਿੱਚ ਉਤਰਨਗੇ। ਉਹਨਾਂ ਕਿਹਾ ਕਿ ਕਿਸੇ ਵੀ ਪੰਜਾਬੀ ਨਾਲ ਧੱਕਾ ਨਹੀਂ ਹੋਣ ਦਿੱਤਾ ਜਾਵੇਗਾ ਅਤੇ ਜੇਕਰ ਕਿਸੇ ਦੀ ਵੋਟ ਕੱਟਣ ਦੀ ਕੋਸ਼ਿਸ਼ ਹੋਈ ਤਾਂ ਆਮ ਆਦਮੀ ਪਾਰਟੀ ਉਸ ਦਾ ਡੱਟ ਕੇ ਵਿਰੋਧ ਕਰੇਗੀ। ਉਹਨਾਂ ਦੋਸ਼ ਲਗਾਇਆ ਕਿ ਭਾਜਪਾ ਪਹਿਲਾਂ ਚੰਡੀਗੜ੍ਹ, ਭਾਖੜਾ ਡੈਮ ਅਤੇ ਪੰਜਾਬ ਯੂਨੀਵਰਸਿਟੀ 'ਤੇ ਆਪਣਾ ਪ੍ਰਭਾਵ ਵਧਾਉਣ ਦੀ ਕੋਸ਼ਿਸ਼ ਕਰਦੀ ਆ ਰਹੀ ਹੈ। ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਬਲਤੇਜ਼ ਪੰਨੂ ਨੇ ਕਿਹਾ ਕਿ ਐਸ.ਆਈ.ਆਰ ਪੰਜਾਬ ਉੱਤੇ ਇੱਕ ਨਵਾਂ ਸਿਆਸੀ ਹਮਲਾ ਹੈ। ਇਸ ਨੂੰ ਰੋਕਣ ਲਈ ਪਾਰਟੀ ਨੇ ਵੱਡੇ ਪੱਧਰ 'ਤੇ ਰਣਨੀਤੀ ਤਿਆਰ ਕੀਤੀ ਹੈ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਐਸ.ਆਈ.ਆਰ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਜੀ ਵੱਲੋਂ ਦਿੱਤੇ ਗਏ ਵੋਟ ਦੇ ਅਧਿਕਾਰ ਨੂੰ ਖੋਹਣ ਦੀ ਕੋਸ਼ਿਸ਼ ਹੈ।ਉਹਨਾਂ ਇਹ ਵੀ ਦੋਸ਼ ਲਗਾਇਆ ਕਿ ਵੱਖ-ਵੱਖ ਕੇਂਦਰੀ ਏਜੰਸੀਆਂ ਭਾਜਪਾ ਦੀਆਂ ਇਲੈਕਸ਼ਨ ਮਸ਼ੀਨਾਂ ਵਜੋਂ ਕੰਮ ਕਰ ਰਹੀਆਂ ਹਨ। ਜਿੱਥੇ ਵੀ ਚੋਣਾਂ ਹੁੰਦੀਆਂ ਹਨ ਉੱਥੇ ਪਹਿਲਾਂ ਈ.ਡੀ ਅਤੇ ਸੀ.ਬੀ.ਆਈ ਦੀਆਂ ਰੇਡਾਂ ਕਰਵਾ ਕੇ ਵਿਰੋਧੀਆਂ ਨੂੰ ਡਰਾਇਆ ਜਾਂਦਾ ਹੈ ਅਤੇ ਫਿਰ ਦਬਾਅ ਰਾਹੀਂ ਸਿਆਸੀ ਲਾਭ ਲਿਆ ਜਾਂਦਾ ਹੈ।

ਮੀਟਿੰਗ ਦੌਰਾਨ ਪਾਰਟੀ ਦੇ ਹੋਰ ਸੀਨੀਅਰ ਆਗੂਆਂ ਅਤੇ ਕੈਬਨਿਟ ਮੰਤਰੀਆਂ ਨੇ ਵੀ ਆਪਣੀ ਹਾਜ਼ਰੀ ਦਰਜ ਕਰਵਾਈ। ਇਨ੍ਹਾਂ ਵਿੱਚ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ, ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ, ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ, ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ, ਕੈਬਨਿਟ ਮੰਤਰੀ ਬਰਿੰਦਰ ਗੋਇਲ, ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ, ਕੈਬਨਿਟ ਮੰਤਰੀ ਬਲਜੀਤ ਕੌਰ, ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਜਨਰਲ ਸਕੱਤਰ ਦੀਪਕ ਬਾਲੀ ਸਮੇਤ ਕਈ ਵਿਧਾਇਕ ਅਤੇ ਅਹੁਦੇਦਾਰ ਸ਼ਾਮਲ ਰਹੇ।

# ਜਦੋਂ ਤੱਕ ਹਲਵਾਰਾ ਹਵਾਈ ਅੱਡੇ ਤੋਂ ਮੁੰਬਈ-ਕਲਕੱਤੇ ਲਈ ਉਡਾਨਾਂ ਨਹੀਂ ਸ਼ੁਰੂ ਹੁੰਦੀਆਂ ਉਨਾਂ ਚਿਰ ਇਸਦਾ ਕੋਈ ਲਾਭ ਨਹੀਂ : ਮੱਕੜ



ਲੁਧਿਆਣਾ 20 ਮਈ (ਰਵਿੰਦਰ ਸਿੰਘ ਨਿੱਝਰ) : ਉੱਘੇ ਸਮਾਜ ਸੇਵਕ ਸੁਰਿੰਦਰ ਸਿੰਘ ਮੱਕੜ ਨੇ ਆਖਿਆ ਹੈ ਕਿ ਬੇਸ਼ੱਕ ਹਲਵਾਰਾ ਵਿਖੇ ਹਵਾਈ ਅੱਡਾ ਸ਼ੁਰੂ ਕਰ ਦਿੱਤਾ ਗਿਆ ਹੈ ਅਤੇ ਇਥੋਂ ਹਰ ਰੋਜ਼ ਦਿੱਲੀ ਨੂੰ ਫਲਾਈਟ ਜਾਂਦੀ ਅਤੇ ਆਉਂਦੀ ਹੈ ਪ੍ਰੰਤੂ ਕੁਝ ਕੁ ਲੋਕਾਂ ਨੂੰ ਛੱਡ ਕੇ ਬਾਕੀਆਂ ਨੂੰ ਇਸ ਹਵਾਈ ਅੱਡੇ ਦਾ ਕੋਈ ਲਾਭ ਨਹੀਂ ਜਾਪਦਾ। ਉਹਨਾਂ ਕਿਹਾ ਕਿ ਜੇਕਰ ਜਹਾਜ਼ ਰਾਹੀਂ ਹਲਵਾਰੇ ਤੋਂ ਦਿੱਲੀ ਜਾਣਾ ਹੋਵੇ ਤਾਂ ਘਰੋਂ ਤੁਰਨ ਤੋਂ ਲੈ ਕੇ ਹਲਵਾਰਾ ਹਵਾਈ ਅੱਡੇ ਤੇ ਫਲਾਈਟ ਤੱਕ ਇੱਕ ਘੰਟਾ ਪਹਿਲਾਂ ਪਹੁੰਚਣ, ਫਿਰ ਜਹਾਜ਼ ਰਾਹੀਂ ਦਿੱਲੀ ਏਅਰਪੋਰਟ ਤੇ ਪਹੁੰਚਣ ਅਤੇ ਉਥੋਂ ਘੱਟੋ ਘੱਟ ਅੱਧਾ ਘੰਟਾ ਲਗਾ ਕੇ ਬਾਹਰ ਨਿਕਲ ਅਤੇ ਫਿਰ ਏਅਰਪੋਰਟ ਤੋਂ ਦਿੱਲੀ ਸ਼ਹਿਰ ਵਿੱਚ ਪਹੁੰਚਣ ਤੱਕ ਚਾਰ ਪੰਜ ਘੰਟੇ ਲੱਗ ਜਾਂਦੇ ਹਨ ਜਦੋਂ ਕਿ ਬੰਦੇ ਭਾਰਤ ਅਤੇ ਸ਼ਤਾਬਦੀ ਵਰਗੀਆਂ ਗੱਡੀਆਂ ਸਿਰਫ ਤਿੰਨ ਤੋਂ ਚਾਰ ਘੰਟਿਆਂ ਦੇ ਵਿੱਚ ਵਿੱਚ ਯਾਤਰੀ ਨੂੰ ਦਿੱਲੀ ਪਹੁੰਚਾ ਦਿੰਦੀਆਂ ਹਨ। ਉਨ੍ਹਾਂ ਆਖਿਆ ਕਿ ਲੁਧਿਆਣਾ ਇੱਕ ਉਦਯੋਗਿਕ ਸ਼ਹਿਰ ਹੈ ਜਿੱਥੇ ਸਾਈਕਲ ਉਦਯੋਗ ਦੇ ਪੁਰਜ਼ੇ, ਸਾਈਕਲ, ਆਟੋਪਾਰਟਸ, ਹੌਜ਼ਰੀ ਅਤੇ ਗਾਰਮੈਂਟਸ ਤੋਂ ਇਲਾਵਾ ਸਿਲਾਈ ਮਸ਼ੀਨ ਉਦਯੋਗ ਦੀ ਕੌਮੀ ਪੱਧਰ ਦੀ ਮਾਰਕਿਟ ਹੈ। ਇੱਥੇ ਬਣਿਆ ਹੋਇਆ ਮਾਲ ਦੇਸ਼ ਦੇ ਵੱਖ ਵੱਖ ਭਾਗਾਂ ਤੱਕ ਸਪਲਾਈ ਕੀਤਾ ਜਾਂਦਾ ਹੈ। ਬਾਹਰਲੇ ਵਪਾਰੀ ਅਜਿਹੇ ਸਮਾਨ ਦੀ ਖਰੀਦੋ ਫਰੋਖਤ ਦੇ ਸਬੰਧ ਵਿੱਚ ਅਕਸਰ ਲੁਧਿਆਣੇ ਵਿੱਚ ਆਉਂਦੇ ਜਾਂਦੇ ਰਹਿੰਦੇ ਹਨ। ਜੇਕਰ ਬਾਹਰਲੇ ਵਪਾਰੀ ਨੂੰ ਹਵਾਈ ਜਹਾਜ ਰਾਹੀਂ ਲੁਧਿਆਣੇ ਆਉਣ ਦੀ ਸਹੂਲਤ ਹੋਵੇਗੀ ਤਾਂ ਉਹ ਸ਼ਹਿਰ ਦਾ ਵਪਾਰ ਅਤੇ ਉਦਯੋਗ ਹੋਰ ਵਧੇਰੇ ਪ੍ਰਫੁੱਲਤ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਹਵਾਈ ਅੱਡੇ ਤੋਂ ਮੁੰਬਈ, ਕਲਕੱਤਾ, ਮਦਰਾਸ, ਅਹਿਮਦਾਬਾਦ, ਭੋਪਾਲ, ਨੇਪਾਲ, ਕਸ਼ਮੀਰ ਆਦਿ ਵਰਗੇ ਸ਼ਹਿਰਾਂ ਲਈ ਘਰੇਲੂ ਉਡਾਨਾਂ ਜਰੂਰ ਸ਼ੁਰੂ ਕੀਤੀਆਂ ਜਾਣੀਆਂ ਚਾਹੀਦੀਆਂ ਹਨ ਤਾਂ ਜੋ ਕਿ ਇਹਨਾਂ ਸ਼ਹਿਰਾਂ ਵਿੱਚ ਜਾਣ ਵਾਲਿਆਂ ਪੰਜਾਬੀਆਂ ਜਾਂ ਖਾਸ ਕਰ ਲੁਧਿਆਣਾ ਸਮੇਤ ਸਮੁੱਚੇ ਪੰਜਾਬ ਦੇ ਵਪਾਰੀਆਂ ਅਤੇ ਦੇਸ਼ ਦੇ ਵੱਖ-ਵੱਖ ਭਾਗਾਂ ਤੋਂ ਲੁਧਿਆਣਾ ਜਾਂ ਪੰਜਾਬ ਆਉਣ ਵਾਲੇ ਵਪਾਰੀਆਂ ਨੂੰ ਪਹਿਲਾਂ ਦਿੱਲੀ ਹਵਾਈ ਅੱਡੇ ਤੇ ਪਹੁੰਚਣ ਫਿਰ ਉਥੋਂ ਅੱਗੇ ਜਾਣ ਵਿੱਚ ਆ ਰਹੀ ਦਿੱਕਤ ਦੂਰ ਹੋ ਸਕੇ। ਸ੍ਰ ਮੱਕੜ ਨੇ ਆਖਿਆ ਕਿ ਜਦੋਂ ਹਲਵਾਰਾ ਹਵਾਈ ਅੱਡੇ ਤੋਂ ਹੀ ਮੁੰਬਈ, ਕਲਕੱਤਾ, ਮਦਰਾਸ ਵਰਗੇ ਸ਼ਹਿਰਾਂ ਲਈ ਸਿੱਧੀ ਉਡਾਣ ਹੋਵੇਗੀ ਤਾਂ ਇਹਨਾਂ ਸ਼ਹਿਰਾਂ ਵਿੱਚ ਜਾਣ ਵਾਲੇ ਲੋਕਾਂ ਦਾ ਕਾਫੀ ਸਮਾਂ ਬਚੇਗਾ। ਉਹਨਾਂ ਕਿਹਾ ਕਿ ਸਰਕਾਰ ਨੂੰ ਉਪਰੋਕਤ ਸ਼ਹਿਰਾਂ ਲਈ ਤੁਰੰਤ ਉਡਾਣਾਂ ਸ਼ੁਰੂ ਕਰਨੀਆਂ ਚਾਹੀਦੀਆਂ ਹਨ ਤਾਂ ਜੋ ਹੀ ਇਸ ਹਵਾਈ ਅੱਡੇ ਦਾ ਪੰਜਾਬੀਆਂ ਨੂੰ ਕੋਈ ਲਾਭ ਹੋ ਸਕਦਾ ਹੈ। ਇੱਥੇ ਇਹ ਜ਼ਿਕਰਯੋਗ ਹੈ ਕਿ ਕੇਂਦਰ ਵਿੱਚ ਭਾਜਪਾ ਦੀ ਸਰਕਾਰ ਹੈ। ਅਗਲੇ ਸਾਲ ਪੰਜਾਬ ਵਿੱਚ ਵਿਧਾਨ ਸਭਾ ਚੋਣਾਂ ਹੋਣ ਵਾਲੀਆਂ ਹਨ। ਇਹਨਾਂ ਗੱਲਾਂ ਨੂੰ ਮੱਦੇ ਨਜ਼ਰ ਰੱਖਦਿਆਂ ਭਾਜਪਾ ਦੇ ਪੰਜਾਬ ਦੇ ਅਹੁਦੇਦਾਰਾਂ ਨੂੰ ਚਾਹੀਦਾ ਹੈ ਕਿ ਕੇਂਦਰ ਸਰਕਾਰ ਤੇ ਜ਼ੋਰ ਪਾ ਕੇ ਜਲਦੀ ਤੋਂ ਜਲਦੀ ਹਲਵਾਰੇ ਤੋਂ ਮੁੰਬਈ, ਕਲਕੱਤਾ, ਮਦਰਾਸ, ਅਹਿਮਦਾਬਾਦ ਆਦਿ ਸ਼ਹਿਰਾਂ ਲਈ ਫਲਾਈਟਾਂ ਸ਼ੁਰੂ ਕਰਵਾਉਣ ਲਈ ਹਰ ਸੰਭਵ ਯਤਨ ਕਰਨ। ਇਸ ਨਾਲ ਨਾ ਸਿਰਫ ਸਮੁੱਚੇ ਪੰਜਾਬ ਵਾਸੀਆਂ ਨੂੰ ਹੀ ਫਾਇਦਾ ਹੋਏਗਾ ਬਲਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਨੂੰ ਇਸ ਦਾ ਵੱਡਾ ਲਾਹਾ ਵੀ ਮਿਲ ਸਕੇਗਾ। ਸ੍ਰ ਮੱਕੜ ਨੇ ਆਖਿਆ ਕਿ ਲੁਧਿਆਣਾ ਵਾਸੀਆਂ ਸਮੇਤ ਸਮੁੱਚੇ ਪੰਜਾਬ ਦੇ ਲੋਕਾਂ ਨੂੰ ਉਮੀਦ ਹੈ ਕਿ ਹਲਵਾਰੇ ਤੋਂ ਦੇਸ਼ ਦੇ ਵੱਖ-ਵੱਖ ਸ਼ਹਿਰਾਂ ਲਈ ਫਲਾਈਟਾਂ ਜਲਦੀ ਸ਼ੁਰੂ ਹੋ ਜਾਣਗੀਆਂ।

# ਥਾਣਿਆਂ 'ਚ ਹੁਣ ਨਹੀਂ ਲੱਗਣਗੇ ਪੁਰਾਣੇ ਵਾਹਨਾਂ ਦੇ ਢੇਰ : ਐਸ.ਐਸ.ਪੀ.



ਲੁਧਿਆਣਾ, 20 ਮਈ(ਵਿਸ਼ਾਲ ਸ਼ਰਮਾ/ਸੰਜੀਵ ਲਹਿਲ/ਅਰਸ਼ ਸ਼ਰਮਾ) : ਪੁਲਿਸ ਜ਼ਿਲ੍ਹਾ ਖੰਨਾ ਵੱਲੋਂ ਵਾਹਨਾਂ ਦੀ ਡਿਸਪੋਜ਼ਲ ਪ੍ਰਕਿਰਿਆ ਨੂੰ ਹੋਰ ਪਾਰਦਰਸ਼ੀ ਅਤੇ ਸੁਚਾਰੂ ਬਣਾਉਣ ਲਈ ਇੱਕ ਅਹਿਮ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਹ ਮੀਟਿੰਗ ਐੱਸ.ਐੱਸ.ਪੀ ਡਾ. ਦਰਪਣ ਆਹਲੂਵਾਲੀਆ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਜ਼ਿਲ੍ਹੇ ਦੇ ਸਮੂਹ ਐੱਸ.ਪੀਜ਼, ਸਬ ਡਵੀਜ਼ਨ ਡੀ.ਐੱਸ.ਪੀਜ਼, ਵਹੀਕਲ ਡਿਸਪੋਜ਼ਲ ਕਮੇਟੀ ਦੇ ਮੈਂਬਰਾਂ, ਮੁੱਖ ਅਫਸਰਾਂ ਅਤੇ ਮੁੱਖ ਮੁਨਸ਼ੀਆਂ ਨੇ ਭਾਗ ਲਿਆ। ਮੀਟਿੰਗ ਦੌਰਾਨ ਲੰਬੇ ਸਮੇਂ ਤੋਂ ਥਾਣਿਆਂ ਅਤੇ ਪੁਲਿਸ ਲਾਈਨਾਂ ਵਿੱਚ ਖੜ੍ਹੇ ਵਾਹਨਾਂ ਦੀ ਡਿਸਪੋਜ਼ਲ ਪ੍ਰਕਿਰਿਆ ਨੂੰ ਤੇਜ਼ ਕਰਨ ਅਤੇ ਇਸ ਸਬੰਧੀ ਸਰਕਾਰ ਅਤੇ ਪੁਲਿਸ ਹੈੱਡਕੁਆਰਟਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਉਣ ਉੱਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਐੱਸ.ਐੱਸ.ਪੀ ਨੇ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਕਈ ਮਾਮਲਿਆਂ ਵਿੱਚ ਜ਼ਬਤ ਕੀਤੇ ਗਏ ਜਾਂ ਲਾਵਾਰਿਸ ਹਾਲਤ ਵਿੱਚ ਖੜ੍ਹੇ ਵਾਹਨਾਂ ਦੀ ਸਮੇਂ ਸਿਰ ਡਿਸਪੋਜ਼ਲ ਨਾ ਹੋਣ ਕਾਰਨ ਪੁਲਿਸ ਥਾਣਿਆਂ ਵਿੱਚ ਜਗ੍ਹਾ ਦੀ ਕਮੀ ਪੈਦਾ ਹੋ ਜਾਂਦੀ ਹੈ। ਇਸ ਲਈ ਲੋੜ ਹੈ ਕਿ ਸਾਰੇ ਅਧਿਕਾਰੀ ਨਿਯਮਾਂ ਅਨੁਸਾਰ ਕਾਰਵਾਈ ਕਰਦੇ ਹੋਏ ਪੁਰਾਣੇ ਕੇਸਾਂ ਨੂੰ ਤਰਜੀਹ ਦੇਣ ਅਤੇ ਡਿਸਪੋਜ਼ਲ ਪ੍ਰਕਿਰਿਆ ਵਿੱਚ ਕੋਈ ਵੀ ਲਾਪਰਵਾਹੀ ਨਾ ਹੋਣ ਦੇਣ। ਮੀਟਿੰਗ ਦੌਰਾਨ ਉਨ੍ਹਾਂ ਨੇ ਸਾਰੇ ਸਬ ਡਵੀਜ਼ਨ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਆਪਣੇ-ਆਪਣੇ ਇਲਾਕਿਆਂ ਦੇ ਥਾਣਿਆਂ ਵਿੱਚ ਖੜ੍ਹੇ ਵਾਹਨਾਂ ਦਾ ਪੂਰਾ ਰਿਕਾਰਡ ਅਪਡੇਟ ਕੀਤਾ ਜਾਵੇ ਅਤੇ ਡਿਸਪੋਜ਼ਲ ਨਾਲ ਸਬੰਧਤ ਦਸਤਾਵੇਜ਼ਾਂ ਵਿੱਚ ਪੂਰੀ ਪਾਰਦਰਸ਼ਤਾ ਬਣਾਈ ਰੱਖੀ ਜਾਵੇ।

ਐਸਐਸਪੀ ਨੇ ਦੱਸਿਆ ਕਿ ਪੁਲਿਸ ਜ਼ਿਲ੍ਹਾ ਖੰਨਾ ਦੇ ਸਾਰੇ ਥਾਣਿਆਂ @ਚ 544 ਚਾਰ ਪਹੀਆ ਤੇ 884 ਦੋ ਪਹੀਆ ਵਹੀਕਲਾਂ ਸਮੇਤ ਕੁੱਲ 1428 ਵਹੀਕਲ ਹਨ। ਹਰੇਕ ਥਾਣੇ ਲਈ ਇੱਕ ਗਜ਼ਟਿਡ ਅਫ਼ਸਰ ਦੀ ਡਿਊਟੀ ਲਾਈ ਗਈ ਹੈ। ਇਸ ਮੁਹਿੰਮ ਦੇ ਪਹਿਲੇ ਦਿਨ 117 ਵਹੀਕਲ ਵਾਰਸਾਂ ਨੂੰ ਸੌਂਪੇ ਗਏ। ਇਸਤੋਂ ਇਲਾਵਾ 79 ਵਹੀਕਲਾਂ ਦੀ ਨੀਲਾਮੀ ਲਈ ਮਾਣਯੋਗ ਅਦਾਲਤ ਤੋਂ ਵੀ ਮਨਜ਼ੂਰੀ ਲੈ ਲਈ ਗਈ ਹੈ। ਇਸ ਮੌਕੇ ਐੱਸ.ਪੀ (ਐਚ) ਹਰਪਿੰਦਰ ਕੌਰ ਗਿੱਲ, ਐੱਸ.ਪੀ (ਆਈ) ਪਵਨਜੀਤ ਚੌਧਰੀ, ਡੀਐੱਸਪੀ (ਆਈ) ਮੋਹਿਤ ਸਿੰਗਲਾ, ਡੀਐੱਸਪੀ (ਐਚ) ਗੱਬਰ ਸਿੰਘ, ਡੀਐੱਸਪੀ (ਟਰੈਫਿਕ) ਕਰਮਵੀਰ ਤੂਰ, ਡੀਐੱਸਪੀ (ਨਾਰਕੋਟਿਕਸ) ਕਰਮਜੀਤ ਸਿੰਘ ਗਰੇਵਾਲ, ਡੀਐੱਸਪੀ (ਸਪੈਸ਼ਲ ਬਰਾਂਚ) ਤਰਲੋਚਨ ਸਿੰਘ, ਡੀਐੱਸਪੀ ਸਮਰਾਲਾ ਪ੍ਰਿਤਪਾਲ ਸਿੰਘ ਸੰਧੂ ਅਤੇ ਡੀਐੱਸਪੀ ਪਾਇਲ ਹਰਮਨਦੀਪ ਸਿੰਘ ਚੀਮਾ ਸਮੇਤ ਹੋਰ ਅਧਿਕਾਰੀ ਹਾਜ਼ਰ ਸਨ।

# ਕਤਲ ਦੀ ਕੋਸ਼ਿਸ਼ ਦੇ ਮਾਮਲੇ 'ਚ ਦੋ ਮੁਲਜ਼ਮ ਕਾਬੂ, ਹਥਿਆਰ ਬਰਾਮਦ



ਸਾਹਨੇਵਾਲ 20 ਮਈ (ਕੁਲਦੀਪ ਸਿੰਘ ਕੁਹਾੜਾ) ਪੁਲਿਸ ਨੇ ਸ਼ਹਿਰ ਵਿੱਚ ਅਪਰਾਧਿਕ ਗਤੀਵਿਧੀਆਂ ਖ਼ਿਲਾਫ਼ ਚਲਾਈ ਮੁਹਿੰਮ ਤਹਿਤ ਵੱਡੀ ਸਫਲਤਾ ਹਾਸਲ ਕਰਦਿਆਂ ਕਤਲ ਦੀ ਕੋਸ਼ਿਸ਼ ਦੇ ਮਾਮਲੇ ਵਿੱਚ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਨੇ ਮੁਲਜ਼ਮਾਂ ਕੋਲੋਂ ਦੇਸੀ ਪਿਸਤੌਲਾਂ ਅਤੇ ਜ਼ਿੰਦਾ ਕਾਰਤੂਸ ਵੀ ਬਰਾਮਦ ਕੀਤੇ ਹਨ।

ਪੁਲਿਸ ਵੱਲੋਂ ਜਾਰੀ ਜਾਣਕਾਰੀ ਅਨੁਸਾਰ ਥਾਣਾ ਡਿਵੀਜ਼ਨ ਨੰਬਰ-8 ਵਿੱਚ ਐਫਆਈਆਰ ਨੰਬਰ 199 ਮਿਤੀ 15 ਮਈ 2026 ਤਹਿਤ ਧਾਰਾ 140(1), 3(5) ਬੀਐਨਐਸ ਅਤੇ 25/27/54/59 ਆਰਮਜ਼ ਐਕਟ ਅਧੀਨ ਕੇਸ ਦਰਜ ਕੀਤਾ ਗਿਆ ਸੀ। ਜਾਂਚ ਦੌਰਾਨ ਪੁਲਿਸ ਨੇ ਤੇਜ਼ ਕਾਰਵਾਈ ਕਰਦਿਆਂ ਦੋਵੇਂ ਮੁਲਜ਼ਮਾਂ ਨੂੰ ਕਾਬੂ ਕਰ ਲਿਆ।

ਮੁੱਢਲੀ ਪੁੱਛਗਿੱਛ ਵਿੱਚ ਸਾਹਮਣੇ ਆਇਆ ਹੈ ਕਿ ਪੁਰਾਣੀ ਰੰਜਿਸ਼ ਕਾਰਨ ਵਾਰਦਾਤ ਨੂੰ ਅੰਜਾਮ ਦੇਣ ਦੀ ਸਾਜ਼ਿਸ਼ ਰਚੀ ਗਈ ਸੀ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ ਤਾਂ ਜੋ ਮਾਮਲੇ ਨਾਲ ਸੰਬੰਧਿਤ ਹੋਰ ਖੁਲਾਸੇ ਕੀਤੇ ਜਾ ਸਕਣ।

ਪੁਲਿਸ ਕਮਿਸ਼ਨਰੇਟ ਨੇ ਕਿਹਾ ਕਿ ਸ਼ਹਿਰ ਵਿੱਚ ਕਾਨੂੰਨ-ਵਿਵਸਥਾ ਬਣਾਈ ਰੱਖਣ ਲਈ ਅਜਿਹੀਆਂ ਕਾਰਵਾਈਆਂ ਅੱਗੇ ਵੀ ਜਾਰੀ ਰਹਿਣਗੀਆਂ

# ਸ਼ਿਕਾਇਤ ਨਿਵਾਰਣ ਮੁਹਿੰਮ ਤਹਿਤ ਵਪਾਰੀਆਂ ਦੀਆਂ ਸਮੱਸਿਆਵਾਂ ਸਬੰਧੀ ਹੋਈ ਮੀਟਿੰਗ



ਲੁਧਿਆਣਾ, 20 ਮਈ (ਵਿਸ਼ਾਲ ਸ਼ਰਮਾ) : ਸ਼ਿਕਾਇਤ ਨਿਵਾਰਣ ਮੁਹਿੰਮ ਤਹਿਤ ਬੁੱਧਵਾਰ ਨੂੰ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਪੂਨਮ ਸਿੰਘ ਦੀ ਪ੍ਰਧਾਨਗੀ ਹੇਠ ਇੱਕ ਮੀਟਿੰਗ ਹੋਈ।

ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ (ਪੀ.ਐਸ.ਟੀ.ਸੀ) ਦੀ ਅਗਵਾਈ ਹੇਠ ਬੁਲਾਈ ਗਈ ਮੀਟਿੰਗ ਵਿੱਚ ਵਪਾਰੀਆਂ ਦੁਆਰਾ ਉਠਾਈਆਂ ਗਈਆਂ ਬਕਾਇਆ ਸ਼ਿਕਾਇਤਾਂ ਦੀ ਸਮੀਖਿਆ ਅਤੇ ਹੱਲ ਕਰਨ ਲਈ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਅਧਿਕਾਰੀਆਂ ਨੇ ਬਿਜਲੀ ਦੇ ਬੁਨਿਆਦੀ ਢਾਂਚੇ, ਪਾਣੀ ਦੀ ਸਪਲਾਈ, ਸ਼ਹਿਰੀ ਵਿਕਾਸ, ਕਾਨੂੰਨ ਵਿਵਸਥਾ ਅਤੇ ਵਪਾਰ ਨਾਲ ਸਬੰਧਤ ਅਤੇ ਹੋਰ ਮੁੱਦਿਆਂ ਨਾਲ ਸਬੰਧਤ ਸ਼ਿਕਾਇਤਾਂ 'ਤੇ ਫੈਸਲਾਕੁੰਨ ਕਾਰਵਾਈ ਕੀਤੀ। ਕਈ ਲੰਬੇ ਸਮੇਂ ਤੋਂ ਲੰਬਿਤ ਸ਼ਿਕਾਇਤਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ ਅਤੇ ਚੱਲ ਰਹੇ ਕੰਮਾਂ ਲਈ ਸਪੱਸ਼ਟ ਸਮਾਂ-ਸੀਮਾਵਾਂ ਜਾਰੀ ਕੀਤੀਆਂ ਗਈਆਂ। ਵਿਭਾਗਾਂ ਨੂੰ ਇਹ ਵੀ ਨਿਰਦੇਸ਼ ਦਿੱਤੇ ਗਏ ਹਨ ਕਿ ਜਿੱਥੇ ਵੀ ਕਿਸੇ ਕੰਮ ਵਿੱਚ ਕੋਈ ਰੁਕਾਵਟ ਆਈ ਹੈ ਉਸ ਦਾ ਹੱਲ ਕਰਕੇ ਮਾਮਲਿਆਂ ਨੂੰ ਅੱਗੇ ਵਧਾਇਆ ਜਾਵੇ।

ਅਧਿਕਾਰੀਆਂ ਨੇ ਦੱਸਿਆ ਕਿ ਸੀਨੀਅਰ ਪ੍ਰਸ਼ਾਸਕੀ ਪੱਧਰ 'ਤੇ ਫਾਲੋ-ਅੱਪ ਮੀਟਿੰਗਾਂ ਤਹਿ ਕੀਤੀਆਂ ਗਈਆਂ ਹਨ ਤਾਂ ਜੋ ਨਿਰੰਤਰ ਨਿਗਰਾਨੀ ਅਤੇ ਤਰਜੀਹੀ ਚਿੰਤਾਵਾਂ ਦੇ ਸਮੇਂ ਸਿਰ ਹੱਲ ਨੂੰ ਯਕੀਨੀ ਬਣਾਇਆ ਜਾ ਸਕੇ। ਪੰਜਾਬ ਭਰ ਵਿੱਚ ਪਾਰਦਰਸ਼ੀ ਅਤੇ ਸਮਾਂਬੱਧ ਸ਼ਿਕਾਇਤ ਨਿਵਾਰਣ ਪ੍ਰਤੀ ਆਪਣੀ ਵਚਨਬੱਧਤਾ ਦੀ ਪੁਸ਼ਟੀ ਕਰਦੇ ਹੋਏ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਨੇ ਕਿਹਾ ਕਿ ਇਹ ਮੀਟਿੰਗ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ਼ਿਕਾਇਤਾਂ ਅਤੇ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਕਾਰਵਾਈ ਵਿਚਕਾਰ ਪਾੜੇ ਨੂੰ ਪੂਰਾ ਕਰਨ ਦੇ ਨਿਰੰਤਰ ਯਤਨਾਂ ਨੂੰ ਦਰਸਾਉਂਦੀ ਹੈ।

# ਸੀ.ਬੀ.ਐਸ.ਈ. ਦੇ ਭਾਰਤੀ ਭਾਸ਼ਾ ਸਮਰ ਕੈਂਪ ਤਹਿਤ ਬਲੌਸਮਜ਼ ਕਾਨਵੈਂਟ ਸਕੂਲ ਵਿੱਚ ਗਤੀਵਿਧੀ



ਜਗਰਾਓਂ, 20 ਮਈ (ਵਿਸ਼ਾਲ ਅੱਤਰੇ ਆਰੀਅਨ ਅੱਤਰੇ) : ਸੀ.ਬੀ.ਐਸ.ਈ. ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਚੱਲ ਰਹੇ ਭਾਰਤੀ ਭਾਸ਼ਾ ਸਮਰ ਕੈਂਪ ਦੇ ਤਹਿਤ ਬਲੌਸਮਜ਼ ਕਾਨਵੈਂਟ ਸਕੂਲਵਿੱਚ ਅੱਜ ਦਿਵਸ-2 ਦੀ ਗਤੀਵਿਧੀ ਕਰਵਾਈ ਗਈ। ਦਿਵਸ-1 ਦੌਰਾਨ ਮਿਜ਼ੋਰਮ ਦੀ ਭਾਸ਼ਾ ਮਿਜ਼ੋ ਦੇ ਅੱਖਰਾਂ ਅਤੇ ਉਚਾਰਣ ਬਾਰੇ ਦਿੱਤੀ ਗਈ ਜਾਣਕਾਰੀ ਦੀ ਲੜੀ ਨੂੰ ਅੱਗੇ ਤੋਰਦਿਆਂ ਅੱਜ ਮਿਜ਼ੋਰਮਭਾਸ਼ਾਵਿੱਚ ਵਿਦਿਆਰਥੀਆਂ ਨੂੰ ਰੀਅਲ ਲਾਈਫ ਕਨਵਰਸੇਸ਼ਨ ਪ੍ਰੈਕਟਿਸ (ਸ਼ਾਪਿੰਗ) ਕਰਵਾਈ ਗਈ। ਇਸ ਗਤੀਵਿਧੀ ਦੌਰਾਨ ਵਿਦਿਆਰਥੀਆਂ ਨੇ ਖਰੀਦਦਾਰੀ ਨਾਲ ਸੰਬੰਧਿਤ ਗੱਲਬਾਤਾਂ ਦਾ ਅਭਿਆਸ ਕੀਤਾ। ਬੱਚਿਆਂ ਨੇ ਦੁਕਾਨਦਾਰ ਅਤੇ ਗਾਹਕ ਦੀ ਭੂਮਿਕਾ ਨਿਭਾਉਂਦੇ ਹੋਏ ਵੱਖ-ਵੱਖ ਸੰਵਾਦ ਬੜੇ ਉਤਸ਼ਾਹ ਨਾਲ ਪੇਸ਼ ਕੀਤੇ। ਇਸ ਰਾਹੀਂ ਵਿਦਿਆਰਥੀਆਂ ਨੂੰ ਰੋਜ਼ਾਨਾ ਜੀਵਨ ਵਿੱਚ ਭਾਸ਼ਾ ਦੇ ਪ੍ਰਯੋਗ, ਸਹੀ ਉਚਾਰਣ ਅਤੇ ਪ੍ਰਭਾਵਸ਼ਾਲੀ ਸੰਚਾਰ ਬਾਰੇ ਜਾਣੂ ਕਰਵਾਇਆ ਗਿਆ। ਇਸ ਗਤੀਵਿਧੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਵਿਭਿੰਨਤਾ ਵਿੱਚ ਏਕਤਾ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਅਤੇ ਦੇਸ਼ ਦੀਆਂ ਵੱਖ-ਵੱਖ ਭਾਸ਼ਾਵਾਂ ਪ੍ਰਤੀ ਸਤਿਕਾਰ ਪੈਦਾ ਕਰਨਾ ਹੈ। ਬੱਚਿਆਂ ਨੂੰ ਭਾਰਤ ਦੀ ਭਾਸ਼ਾਈ ਅਤੇ ਸੱਭਿਆਚਾਰਕ ਵਿਭਿੰਨਤਾ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਬਹੁਭਾਸ਼ਾਵਾਦ ਨੂੰ ਉਤਸ਼ਾਹਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲਡਾ. ਨਵਨੀਤ ਕੌਰ ਨੇਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿਦਿਆਰਥੀਆਂ ਦੇ ਵਿਅਕਤੀਗਤ ਅਤੇ ਭਾਸ਼ਾਈ ਵਿਕਾਸ ਲਈ ਬਹੁਤ ਲਾਭਕਾਰੀ ਹਨ ।ਇਸ ਤੋਂ ਇਲਾਵਾ ਸਕੂਲ ਦੀ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਸ: ਮਨਪ੍ਰੀਤ ਸਿੰਘ ਬਰਾੜ ਨੇ ਵੀ ਬੱਚਿਆਂ ਵੱਲੋਂ ਨਵੀਂ ਭਾਸ਼ਾ ਸਿੱਖਣ ਪ੍ਰਤੀ ਦਿਖਾਈ ਗਈ ਉਤਸ਼ਾਹਤਾ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਭਾਰਤ ਦੀਆਂ ਵੱਖ-ਵੱਖ ਭਾਸ਼ਾਵਾਂ ਅਤੇ ਸਭਿਆਚਾਰਾਂ ਨਾਲ ਜੋੜਦੀਆਂ ਹਨ।

# ਗਰਮੀ ਦੇ ਕਹਿਰ ਕਾਰਨ ਠੰਢਾ ਪਿਆ ਚੋਣ ਪ੍ਰਚਾਰ, ਸੋਸ਼ਲ ਮੀਡੀਆ ਬਣਿਆ ਉਮੀਦਵਾਰਾਂ ਦਾ ਸਭ ਤੋਂ ਵੱਡਾ ਸਹਾਰਾ

ਲੁਧਿਆਣਾ, 20 ਮਈ(ਵਿਸ਼ਾਲ ਸ਼ਰਮਾ/ਸੰਜੀਵ ਲਹਿਲ/ਅਰਸ਼ ਸ਼ਰਮਾ) : ਪੰਜਾਬ ਵਿੱਚ 26 ਮਈ ਨੂੰ ਹੋਣ ਜਾ ਰਹੀਆਂ ਨਗਰ ਕੌਂਸਲਾਂ ਅਤੇ ਨਗਰ ਨਿਗਮਾਂ ਦੀਆਂ ਚੋਣਾਂ ਨੂੰ ਲੈ ਕੇ ਸਿਆਸੀ ਮਾਹੌਲ ਭਾਵੇਂ ਪੂਰੀ ਤਰ੍ਹਾਂ ਗਰਮ ਹੋਣਾ ਚਾਹੀਦਾ ਸੀ, ਪਰ ਇਸ ਵਾਰ ਮੌਸਮ ਦੀ ਭਿਆਨਕ ਗਰਮੀ ਨੇ ਚੋਣੀ ਬੁਖ਼ਾਰ ਨੂੰ ਕਾਫੀ ਹੱਦ ਤੱਕ ਠੰਢਾ ਕਰ ਦਿੱਤਾ ਹੈ। ਛੋਟੀ ਸਰਕਾਰ ਕਹੀਆਂ ਜਾਣ ਵਾਲੀਆਂ ਇਹ ਚੋਣਾਂ ਆਮ ਤੌਰ 'ਤੇ ਲੋਕਾਂ ਨਾਲ ਸਿੱਧੇ ਸੰਪਰਕ ਅਤੇ ਘਰ-ਘਰ ਜਾ ਕੇ ਪ੍ਰਚਾਰ ਕਰਨ ਲਈ ਜਾਣੀਆਂ ਜਾਂਦੀਆਂ ਹਨ, ਪਰ ਇਸ ਵਾਰ ਵੱਧਦੇ ਤਾਪਮਾਨ ਨੇ ਚੋਣ ਪ੍ਰਚਾਰ ਦਾ ਪੂਰਾ ਢੰਗ ਹੀ ਬਦਲ ਦਿੱਤਾ ਹੈ।

ਪੰਜਾਬ ਦੇ ਕਈ ਸ਼ਹਿਰਾਂ ਵਿੱਚ ਤਾਪਮਾਨ 48 ਡਿਗਰੀ ਸੈਂਟੀਗ੍ਰੇਡ ਦੇ ਨੇੜੇ ਪਹੁੰਚ ਗਿਆ ਹੈ। ਇੰਨੀ ਭਿਆਨਕ ਗਰਮੀ ਕਾਰਨ ਲੋਕ ਆਪਣਾ ਜ਼ਰੂਰੀ ਕੰਮ ਜਲਦੀ ਨਿਪਟਾ ਕੇ ਘਰਾਂ ਵਿੱਚ ਰਹਿਣ ਨੂੰ ਤਰਜੀਹ ਦੇ ਰਹੇ ਹਨ। ਗਰਮੀ ਵਿੱਚ ਬਾਹਰ ਨਿਕਲਣਾ ਸਿਹਤ ਲਈ ਖਤਰਨਾਕ ਸਾਬਤ ਹੋ ਸਕਦਾ ਹੈ, ਜਿਸ ਕਾਰਨ ਆਮ ਜਨਤਾ ਦੇ ਨਾਲ-ਨਾਲ ਚੋਣ ਮੈਦਾਨ ਵਿੱਚ ਉਤਰੇ ਉਮੀਦਵਾਰ ਵੀ ਘਰ-ਘਰ ਜਾ ਕੇ ਪ੍ਰਚਾਰ ਕਰਨ ਤੋਂ ਕਤਰਾਉਂਦੇ ਨਜ਼ਰ ਆ ਰਹੇ ਹਨ।

ਇਸ ਸਥਿਤੀ ਵਿੱਚ ਸੋਸ਼ਲ ਮੀਡੀਆ ਉਮੀਦਵਾਰਾਂ ਲਈ ਸਭ ਤੋਂ ਵੱਡਾ ਹਥਿਆਰ ਬਣ ਕੇ ਸਾਹਮਣੇ ਆਇਆ ਹੈ। ਚਾਹੇ ਕੋਈ ਵੀ ਸਿਆਸੀ ਪਾਰਟੀ ਹੋਵੇ, ਜਿਆਦਾਤਰ ਉਮੀਦਵਾਰ ਹੁਣ ਵਟਸਐਪ, ਫੇਸਬੁੱਕ, ਯੂਟਿਊਬ ਅਤੇ ਹੋਰ ਡਿਜੀਟਲ ਪਲੇਟਫਾਰਮਾਂ ਰਾਹੀਂ ਆਪਣੇ ਵੋਟਰਾਂ ਤੱਕ ਪਹੁੰਚ ਬਣਾਉਣ ਵਿੱਚ ਲੱਗੇ ਹੋਏ ਹਨ। ਉਮੀਦਵਾਰ ਆਪਣੇ ਸੰਦੇਸ਼ ਅਤੇ ਮਨੋਰਥਾਂ ਦੀਆਂ ਵੀਡੀਓਜ਼ ਰਿਕਾਰਡ ਕਰਕੇ ਸਿੱਧੇ ਆਪਣੇ ਵਾਰਡਾਂ ਦੇ ਲੋਕਾਂ ਤੱਕ ਭੇਜ ਰਹੇ ਹਨ।

ਕਈ ਉਮੀਦਵਾਰਾਂ ਦਾ ਮੰਨਣਾ ਹੈ ਕਿ ਸੋਸ਼ਲ ਮੀਡੀਆ ਰਾਹੀਂ ਕੀਤਾ ਗਿਆ ਪ੍ਰਚਾਰ ਸਿਰਫ਼ ਸਸਤਾ ਹੀ ਨਹੀਂ, ਸਗੋਂ ਜ਼ਿਆਦਾ ਪ੍ਰਭਾਵਸ਼ਾਲੀ ਵੀ ਹੈ। ਲੋਕ ਉਮੀਦਵਾਰਾਂ ਦੇ ਸੰਦੇਸ਼ਾਂ ਨੂੰ ਸੇਵ ਕਰਕੇ ਰੱਖ ਲੈਂਦੇ ਹਨ, ਜਿਸ ਨਾਲ ਚੋਣਾਂ ਤੋਂ ਬਾਅਦ ਉਨ੍ਹਾਂ ਵੱਲੋਂ ਕੀਤੇ ਵਾਅਦੇ ਵੀ ਰਿਕਾਰਡ ਵਿੱਚ ਰਹਿੰਦੇ ਹਨ। ਇਸ ਕਾਰਨ ਉਮੀਦਵਾਰਾਂ 'ਤੇ ਆਪਣੇ ਵਾਅਦਿਆਂ ਨੂੰ ਪੂਰਾ ਕਰਨ ਦਾ ਨੈਤਿਕ ਦਬਾਅ ਵੀ ਬਣਦਾ ਹੈ।

ਇਸ ਵਾਰ ਇੱਕ ਹੋਰ ਵੱਡਾ ਬਦਲਾਅ ਇਹ ਵੀ ਵੇਖਣ ਨੂੰ ਮਿਲ ਰਿਹਾ ਹੈ ਕਿ ਪਿਛਲੇ ਸਾਲਾਂ ਦੇ ਮੁਕਾਬਲੇ ਪੋਸਟਰਾਂ ਅਤੇ ਬੈਨਰਾਂ ਦੀ ਗਿਣਤੀ ਕਾਫੀ ਘੱਟ ਹੋ ਗਈ ਹੈ। ਉਮੀਦਵਾਰਾਂ ਦੇ ਪਰਿਵਾਰਕ ਮੈਂਬਰ ਅਤੇ ਬੱਚੇ ਵੀ ਡਿਜੀਟਲ ਪ੍ਰਚਾਰ ਵਿੱਚ ਉਨ੍ਹਾਂ ਦੀ ਮਦਦ ਕਰ ਰਹੇ ਹਨ। ਵਾਰਡਾਂ ਦੇ ਵਟਸਐਪ ਗਰੁੱਪਾਂ ਅਤੇ ਸੋਸ਼ਲ ਮੀਡੀਆ ਪੇਜਾਂ ਰਾਹੀਂ ਸਕਿੰਟਾਂ ਵਿੱਚ ਹਜ਼ਾਰਾਂ ਲੋਕਾਂ ਤੱਕ ਸੰਦੇਸ਼ ਪਹੁੰਚਾਇਆ ਜਾ ਰਿਹਾ ਹੈ।

ਗਰਮੀ ਕਾਰਨ ਲੋਕ ਘਰਾਂ ਵਿੱਚ ਏਸੀ, ਕੂਲਰ ਜਾਂ ਪੱਖਿਆਂ ਹੇਠ ਬੈਠੇ ਹੋਏ ਆਪਣੇ ਮੋਬਾਈਲ ਫੋਨਾਂ ਰਾਹੀਂ ਇਹ ਸੰਦੇਸ਼ ਦੇਖ ਰਹੇ ਹਨ। ਉਮੀਦਵਾਰਾਂ ਨੂੰ ਇਹ ਵੀ ਪਤਾ ਲੱਗ ਜਾਂਦਾ ਹੈ ਕਿ ਉਨ੍ਹਾਂ ਦੇ ਸੰਦੇਸ਼ ਨੂੰ ਕਿੰਨੇ ਲੋਕਾਂ ਨੇ ਵੇਖਿਆ ਅਤੇ ਕਿੰਨੀ ਪ੍ਰਤੀਕਿਰਿਆ ਮਿਲੀ। ਇਸ ਤਰ੍ਹਾਂ ਚੋਣ ਪ੍ਰਚਾਰ ਹੁਣ ਪੂਰੀ ਤਰ੍ਹਾਂ ਡਿਜੀਟਲ ਰੂਪ ਧਾਰਦਾ ਨਜ਼ਰ ਆ ਰਿਹਾ ਹੈ।

ਭਾਵੇਂ ਵੱਧਦੀ ਗਰਮੀ ਨੇ ਇਸ ਵਾਰ ਰਵਾਇਤੀ ਚੋਣ ਪ੍ਰਚਾਰ 'ਤੇ ਗ੍ਰਹਿਣ ਜ਼ਰੂਰ ਲਗਾਇਆ ਹੈ, ਪਰ ਸੋਸ਼ਲ ਮੀਡੀਆ ਰਾਹੀਂ ਵੋਟਰਾਂ ਤੱਕ ਪਹੁੰਚ ਬਣਾਉਣ ਦਾ ਇਹ ਨਵਾਂ ਤਰੀਕਾ ਸਮੇਂ ਦੀ ਬਚਤ ਦੇ ਨਾਲ-ਨਾਲ ਆਧੁਨਿਕ ਸੋਚ ਨੂੰ ਵੀ ਦਰਸਾਉਂਦਾ ਹੈ। ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਪੰਜਾਬ ਦੀਆਂ ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ ਵਿੱਚ ਇਸ ਵਾਰ ਡਿਜੀਟਲ ਪ੍ਰਚਾਰ ਨੇ ਇੱਕ ਨਵਾਂ ਰੁਝਾਨ ਸਥਾਪਤ ਕੀਤਾ ਹੈ, ਜੋ ਆਉਣ ਵਾਲੇ ਸਮੇਂ ਵਿੱਚ ਹੋਰ ਵੱਧ ਮਜ਼ਬੂਤ ਹੋ ਸਕਦਾ ਹੈ।

# ਆਰ.ਟੀ.ਓ. ਦਫ਼ਤਰ ਵੱਲੋਂ ਵੱਡੀ ਕਾਰਵਾਈ ਨੌਰਦਨ ਮੋਟਰਜ਼ 'ਤੇ ਇੱਕ ਲੱਖ ਰੁਪਏ ਜੁਰਮਾਨਾ




ਲੁਧਿਆਣਾ, 20 ਮਈ (ਵਿਸ਼ਾਲ ਸ਼ਰਮਾ) : ਲੁਧਿਆਣਾਦੇ ਆਰ.ਟੀ.ਓ ਮਨਕੰਵਲ ਸਿੰਘ ਚਾਹਲ ਦੇ ਨਿਰਦੇਸ਼ਾਂ ਉਪਰ ਕਾਰਵਾਈ ਕਰਦੀਆਂ ਹੋਈਆਂ ਐਸ.ਓ (ਸੈਕਸ਼ਨ ਅਫਸਰ) ਮੁਨੀਸ਼ ਪਬੰਮਾਂ ਦੇ ਅਗਵਾਈ ਵਿਚ ਆਰਟੀਓ ਦਫਤਰ ਵੱਲੋਂ ਵਾਹਨ ਡੀਲਰਾਂ ਖ਼ਿਲਾਫ਼ ਨਿਯਮਾਂ ਦੀ ਉਲੰਘਣਾ ਕਰਨ ਦੇ ਮਾਮਲੇ ਵਿੱਚ ਸਖ਼ਤ ਰਵੱਈਆ ਅਪਣਾਉਂਦਿਆਂ ਨੌਰਦਨ ਮੋਟਰਜ਼ ਪ੍ਰਾਈਵੇਟ ਲਿਮਟਿਡ ਉੱਤੇ ਇੱਕ ਲੱਖ ਰੁਪਏ ਦਾ ਜੁਰਮਾਨਾ ਲਗਾਇਆ ਗਿਆ ਹੈ। ਇਹ ਕਾਰਵਾਈ ਮੋਟਰ ਵਹੀਕਲ ਐਕਟ ਤਹਿਤ ਕੀਤੀ ਗਈ ਹੈ।

ਜਾਣਕਾਰੀ ਅਨੁਸਾਰ ਆਰਟੀਓ ਦਫਤਰ ਵੱਲੋਂ ਬੀਤੇ ਦਿਨੀਂ ਕੀਤੀ ਗਈ ਸਪੈਸ਼ਲ ਚੈਕਿੰਗ ਦੌਰਾਨ ਸਾਹਮਣੇ ਆਇਆ ਕਿ ਲੁਧਿਆਣਾ ਸਥਿਤ ਨੌਰਦਨ ਮੋਟਰਜ਼ ਪ੍ਰਾਈਵੇਟ ਲਿਮਟਿਡ ਵੱਲੋਂ ਇੱਕ ਕਰੇਟਾ ਕਾਰ ਖਰੀਦਦਾਰ ਵਸੀਮ ਪੁੱਤਰ ਅਸ਼ਰਫ ਨੂੰ ਬਿਨਾਂ ਰਜਿਸਟ੍ਰੇਸ਼ਨ ਕੀਤੇ ਹੀ ਸਪੁਰਦ ਕਰ ਦਿੱਤੀ ਗਈ ਸੀ। ਇੱਥੋਂ ਤੱਕ ਕਿ ਵਾਹਨ ਉੱਤੇ ਸਿਰਫ਼ ਅਪਲਾਈਡ ਫਾਰ ਦਾ ਸਟਿੱਕਰ ਲਗਾਇਆ ਗਿਆ ਸੀ, ਜਦਕਿ ਨਾ ਤਾਂ ਵਾਹਨ ਉੱਤੇ ਐੱਚ.ਐਸ.ਆਰ ਪੀ ਨੰਬਰ ਪਲੇਟ ਲੱਗੀ ਹੋਈ ਸੀ ਅਤੇ ਨਾ ਹੀ ਫਾਸਟ ਟੈਗ ਦੀ ਸੁਵਿਧਾ ਮੁਹੱਈਆ ਕਰਵਾਈ ਗਈ ਸੀ। ਇਸ ਮਾਮਲੇ ਨੂੰ ਪੰਜਾਬ ਸਰਕਾਰ ਦੇ ਹੁਕਮਾਂ ਅਤੇ ਟਰਾਂਸਪੋਰਟ ਨਿਯਮਾਂ ਦੀ ਗੰਭੀਰ ਉਲੰਘਣਾ ਮੰਨਦਿਆਂ ਆਰਟੀਓ ਦਫਤਰ ਵੱਲੋਂ ਏਜੰਸੀ ਮਾਲਕ ਨੂੰ ਸੱਤ ਦਿਨਾਂ ਦੇ ਅੰਦਰ ਨਿੱਜੀ ਤੌਰ 'ਤੇ ਦਫਤਰ ਹਾਜ਼ਰ ਹੋ ਕੇ ਸਪਸ਼ਟੀਕਰਨ ਦੇਣ ਲਈ ਕਿਹਾ ਗਿਆ ਸੀ। ਹਾਲਾਂਕਿ ਨੌਰਦਨ ਮੋਟਰਜ਼ ਪ੍ਰਾਈਵੇਟ ਲਿਮਟਿਡ ਦੇ ਮਾਲਕ ਵੱਲੋਂ ਦਿੱਤਾ ਗਿਆ ਜਵਾਬ ਦਫਤਰ ਨੂੰ ਸੰਤੁਸ਼ਟ ਨਹੀਂ ਕਰ ਸਕਿਆ, ਜਿਸ ਤੋਂ ਬਾਅਦ ਵਿਭਾਗ ਨੇ ਇੱਕ ਲੱਖ ਰੁਪਏ ਦਾ ਜੁਰਮਾਨਾ ਲਗਾ ਦਿੱਤਾ। ਇਸ ਤੋਂ ਇਲਾਵਾ ਆਰਟੀਓ ਦਫਤਰ ਵੱਲੋਂ ਵੱਖ-ਵੱਖ ਕਾਰ ਡੀਲਰਾਂ ਤੋਂ ਲਗਭਗ 13 ਲੱਖ ਰੁਪਏ ਦੀ ਰਿਕਵਰੀ ਵੀ ਕੀਤੀ ਗਈ ਹੈ। ਆਰਟੀਓ ਲੁਧਿਆਣਾ ਮਨਕੰਵਲ ਸਿੰਘ ਵੱਲੋਂ ਸਾਰੇ ਡੀਲਰਾਂ ਨੂੰ ਅਪੀਲ ਕੀਤੀ ਗਈ ਹੈ ਕਿ ਜਿਨ੍ਹਾਂ ਉੱਤੇ ਵਿਭਾਗ ਦਾ ਕੋਈ ਬਕਾਇਆ ਹੈ ਤਾਂ ਉਹ ਤੁਰੰਤ ਜਮ੍ਹਾਂ ਕਰਵਾਇਆ ਜਾਵੇ, ਨਹੀਂ ਤਾਂ ਉਨ੍ਹਾਂ ਖ਼ਿਲਾਫ਼ ਵੀ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ । ਸੈਕਸ਼ਨ ਅਫਸਰ (ਐਸ.ਓ.) ਵੱਲੋਂ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਗਿਆ ਕਿ ਸਰਕਾਰੀ ਖ਼ਜ਼ਾਨੇ ਵਿੱਚ ਮਾਲੀਆ ਇਕੱਠਾ ਕਰਨ ਲਈ ਉਨ੍ਹਾਂ ਵੱਲੋਂ ਸਖ਼ਤ ਕਦਮ ਚੁੱਕੇ ਜਾਣਗੇ ਇਸ ਤੋਂ ਪਹਿਲਾਂ ਵੀ (ਐਸ.ਓ) ਮੁਨੀਸ਼ ਪਬੰਮਾਂ ਵਲੋਂ ਇਸ ਤਰਾਂ ਦੀਆਂ ਕਾਰਵਾਈਆਂ ਕਰਦੀਆਂ ਹੋਇਆ ਸਰਕਾਰ ਦੇ ਖਜ਼ਾਨੇ ਵਿੱਚ ਭਾਰੀ ਮਾਲੀਆ ਜਮਾ ਕਰਵਾਇਆ ਗਿਆ ਹੈ।

# ਗੁ: ਸ੍ਰੀ ਗੁਰੂ ਸਿੰਘ ਸਭਾ ਵਿਖੇ ਕੀਰਤਨ ਸਮਾਗਮ ਕਰਵਾਇਆ



ਲੁਧਿਆਣਾ 20 ਮਈ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਗੁਰ ਦਸ਼ਮੇਸ਼ ਸੇਵਾ ਸੁਸਾਇਟੀ ਵੱਲੋਂ ਹਫ਼ਤਾਵਾਰੀ ਕੀਰਤਨ ਸਮਾਗਮ ਕਰਵਾਇਆ ਗਿਆ। ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਪਲਵਿੰਦਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਦੇ ਕੀਰਤਨੀ ਜੱਥੇ ਨੇ ਸਮਾਗਮ ਵਿੱਚ ਗੁਰਬਾਣੀ ਦਾ ਇਲਾਹੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਸੁਸਾਇਟੀ ਮੈਂਬਰਾਂ ਨੇ ਭਾਈ ਪਲਵਿੰਦਰ ਸਿੰਘ ਦੇ ਕੀਰਤਨੀ ਜੱਥੇ ਦੇ ਮੈਂਬਰਾਂ ਨੂੰ ਸਿਰਪਾਉ ਭੇਟ ਕਰਕੇ ਸਨਮਾਨਿਤ ਵੀ ਕੀਤਾ । ਕੀਰਤਨ ਸਮਾਗਮ ਅੰਦਰ ਇੰਦਰਬੀਰ ਸਿੰਘ ਬੱਤਰਾ, ਹਰਪਾਲ ਸਿੰਘ ਬੱਤਰਾ, ਅੰਮ੍ਰਿਤ ਸਾਗਰ ਕੰਪਨੀ ਦੇ ਮਾਲਕ ਬਲਬੀਰ ਸਿੰਘ ਭਾਟੀਆ, ਰਜਿੰਦਰ ਸਿੰਘ ਡੰਗ, ਸਰਬਜੀਤ ਸਿੰਘ,ਭੁਪਿੰਦਰ ਸਿੰਘ ਅਰੋੜਾ, ਹਰਪਾਲ ਸਿੰਘ ਖਾਲਸਾ, ਭੁਪਿੰਦਰ ਸਿੰਘ ਜੁਨੇਜਾ, ਐਨ. ਪੀ ਸਿੰਘ ਕਥੂਰੀਆਂ, ਤਜਿੰਦਰਪਾਲ ਸਿੰਘ ਰਘਬੀਰ ਸਿੰਘ, ਮਹਿੰਦਰ ਸਿੰਘ ਡੰਗ, ਹਰਮੀਤ ਸਿੰਘ ਡੰਗ, ਗੁਰਬਚਨ ਸਿੰਘ, ਅਤੱਰ ਸਿੰਘ ਮਕੱੜ, ਸੁਰਿੰਦਰਪਾਲ ਸਿੰਘ ਭੁਟੀਆਣੀ, ਅਵਤਾਰ ਸਿੰਘ ਮਿੱਢਾ , ਦਾਨ ਸਿੰਘ, ਹਰਪ੍ਰੀਤ ਸਿੰਘ ਨੀਟਾ, ਦਵਿੰਦਰ ਸਿੰਘ ਬਿੱਟੂ , ਹਰਚਰਨ ਸਿੰਘ ਕਾਲੜਾ, ਕਵੰਲਪ੍ਰੀਤ ਸਿੰਘ ਸੋਢੀ, ਇੰਦਰਜੀਤ ਸਿੰਘ ਛਾਬੜਾ, ਵਿਜੈ ਕੁਮਾਰ ਸੂਦ, ਮਨਮੋਹਨ ਸਿੰਘ ਅਤੇ ਜੋਗਿੰਦਰ ਸਿੰਘ ਸਲੂਜਾ ਵੀ ਹਾਜਰ ਸਨ ।

# ਕਾਂਗਰਸੀ ਕੌਂਸਲਰ ਉੱਪਰ ਲੱਗੇ ਕਰੋੜਾਂ ਰੁਪਏ ਦੀ ਧੋਖਾਧੜੀ ਦੇ ਦੋਸ਼

## ਪ੍ਰਵਾਸੀ ਮਜ਼ਦੂਰਾਂ ਨੇ ਘਰ ਦੇ ਬਾਹਰ ਲਾਇਆ ਧਰਨਾ, ਕੌਂਸਲਰ ਨੇ ਦੋਸ਼ਾਂ ਨੂੰ ਸਿਰੇ ਤੋਂ ਨਕਾਰਿਆ




ਸਾਹਨੇਵਾਲ ਕੁਹਾੜਾ, 20 ਮਈ (ਕੁਲਦੀਪ ਸਿੰਘ ਕੁਹਾੜਾ) : ਅੱਜ ਹਲਕਾ ਸਾਹਨੇਵਾਲ ਅਧੀਨ ਪੈਂਦੇ ਵਾਰਡ ਨੰਬਰ 24 ਦੇ ਕਾਂਗਰਸੀ ਕੌਂਸਲਰ ਗੁਰਮੀਤ ਸਿੰਘ ਮੁੰਡੀਆਂ ਦੇ ਗ੍ਰਹਿ ਵਿਖੇ ਨਿਊ ਸਰਪੰਚ ਕਲੋਨੀ ਤਾਜਪੁਰ ਦੇ ਇਲਾਕਾ ਨਵਾਸੀਆਂ ਦੇ ਵੱਲੋਂ ਧਰਨਾ ਪ੍ਰਦਰਸ਼ਨ ਕੀਤਾ ਗਿਆ। ਧਰਨਾ ਪ੍ਰਦਰਸ਼ਨ ਦੌਰਾਨ ਗੁਰਮੀਤ ਸਿੰਘ ਮੁੰਡੀਆ ਮੁਰਦਾਬਾਦ ਸਾਡੇ ਨਾਲ ਕਿਤੇ ਧੋਖੇ ਦਾ ਦੇਵੋ ਇਨਸਾਫ ਦੇ ਨਾਰੇ ਲਾਏ ਗਏ।ਇਸ ਮੌਕੇ ਧਰਨਾ ਪ੍ਰਦਰਸ਼ਨਕਾਰੀਆਂ ਨੇ ਆਖਿਆ ਕੇ ਉਹ ਨਿਊ ਸਰਪੰਚ ਕਲੋਨੀ ਤਾਜਪੁਰ ਕਲੋਨੀ ਦੇ ਵਾਸੀ ਹਨ 2017 ਵਿੱਚ ਉਨਾਂ ਗੁਰਮੀਤ ਸਿੰਘ ਮੁੰਡੀਆਂ ਦੇ ਕੋਲੋਂ 44 ਗਜ 50 ਗਜ 100 ਗਜ ਦੇ ਵੱਖ-ਵੱਖ ਪਲਾਟ ਖਰੀਦੇ ਸਨ ਜਿਨਾਂ ਦੀ ਉਹ ਪੇਮੈਂਟ ਲਗਭਗ ਕਰ ਚੁੱਕੇ ਹਨ ਅਤੇ ਕਬਜ਼ਾ ਵੀ ਸਾਡੇ ਕੋਲ ਹੈ ਪਰ ਜਿਮੀਦਾਰ ਦੇ ਵੱਲੋਂ ਸਾਡੇ ਮਕਾਨਾਂ ਨੂੰ ਢਾਇਆ ਜਾ ਰਿਹਾ ਹੈ ਅਤੇ ਜਿਮੀਨ ਦਾਰ ਦਾ ਕਹਿਣਾ ਹੈ ਕਿ ਗੁਰਮੀਤ ਸਿੰਘ ਵੱਲੋਂ ਉਹਨਾਂ ਨੂੰ ਜਮੀਨ ਦੀ ਪੇਮੈਂਟ ਅਦਾ ਨਹੀਂ ਕੀਤੀ ਗਈ ਜਿਸ ਕਾਰਨ ਉਹ ਸਾਰੇ ਮਕਾਨ ਢਾਹ ਦੇਣਗੇ। ਉਹਨਾਂ ਕਿਹਾ ਕਿ ਅਸੀਂ ਅੱਜ ਦੁਖੀ ਹੋ ਕੇ ਧਰਨਾ ਪ੍ਰਦਰਸ਼ਨ ਦੇਣ ਦੇ ਲਈ ਆਏ ਹਾਂ ਅਤੇ ਸਾਡੇ ਨਾਲੋਂ ਵੀ ਵੱਧ ਹਲੇ ਹੋਰ ਵੀ ਪ੍ਰਵਾਸੀ ਵੀਰ ਹਨ ਜਿਨਾਂ ਦੇ ਨਾਲ ਉਹਨਾਂ ਨੇ ਧੋਖਾ ਧੜੀ ਕੀਤੀ ਹੈ।ਉਹਨਾਂ ਕਿਹਾ ਕਿ ਲਗਭਗ ਸਾਡੇ ਕੋਲੋਂ 60 ਲੱਖ ਰੁਪਏ ਦੇ ਕਰੀਬ ਲਜਾ ਚੁੱਕੇ ਹਨ। ਜਦੋਂ ਜਿਮੀਨਦਾਰ ਸਾਡੇ ਖੂਨ ਪਸੀਨੇ ਦੀ ਕਮਾਈ ਨਾਲ ਬਣਾਏ ਮਕਾਨ ਢਾਉਣ ਦੇ ਲਈ ਆਉਂਦੇ ਹਨ ਅਤੇ ਅਸੀਂ ਗੁਰਮੀਤ ਸਿੰਘ ਮੁੰਡੀਆਂ ਨੂੰ ਮੌਕੇ ਤੇ ਬੁਲਾਉਂਦੇ ਹਾਂ ਤਾਂ ਇਹ ਫੋਨ ਚੱਕਣਾ ਵੀ ਜਰੂਰੀ ਨਹੀਂ ਸਮਝਦੇ ਉਹਨਾਂ ਕਿਹਾ ਕਿ ਅਜੇ ਦੁਖੀ ਹੋ ਕੇ ਧਰਨਾ ਪ੍ਰਦਰਸ਼ਨ ਕੀਤਾ ਹੈ ਅਤੇ ਉਦੋਂ ਤੱਕ ਇਹ ਧਰਨਾ ਪ੍ਰਦਰਸ਼ਨ ਜਾਰੀ ਰਹੇਗਾ ਜਦੋਂ ਤੱਕ ਸਾਨੂੰ ਇਨਸਾਫ ਨਹੀਂ ਮਿਲ ਜਾਂਦਾ।ਇਸ ਤੋਂ ਬਾਅਦ ਮੌਕੇ ਤੇ ਪੁਲਿਸ ਪ੍ਰਸ਼ਾਸਨ ਪੁੱਜਿਆ ਅਤੇ ਮਾਮਲੇ ਨੂੰ ਸੁਲਝਾਉਣ ਦੀ ਕੋਸ਼ਿਸ਼ ਕੀਤੀ ਜਿਸ ਤੋਂ ਬਾਅਦ ਸਾਰੀਆਂ ਧੀਰਾਂ ਨੂੰ ਥਾਣਾ ਮੇਹਰਬਾਨ ਬੁਲਾਇਆ ਗਿਆ। ਇਸ ਮੌਕੇ ਜਿੱਥੇ ਜਿਮੀਦਾਰ ਵੀ ਆਇਆ ਉੱਥੇ ਹੀ ਇਹ ਦੋਵੇਂ ਧਿਰਾਂ ਵੀ ਆਈਆਂ ਅਤੇ ਆਪੋ ਆਪਣੇ ਪੱਖ ਰੱਖੇ ਜਿਸ ਤੋਂ ਬਾਅਦ ਥਾਣਾ ਮੁਖੀ ਨੇ ਸਾਰੀਆਂ ਧਿਰਾਂ ਨੂੰ ਲੁਧਿਆਣਾ ਪੁਲਿਸ ਕਮਿਸ਼ਨਰ ਸਾਹਿਬ ਕੋਲ ਜਾ ਕੇ ਆਪਣਾ ਪੱਖ ਰੱਖਣ ਦੇ ਲਈ ਆਖਿਆ। ਉਹਨਾਂ ਕਿਹਾ ਕਿ ਜਿਹੜਾ ਵੀ ਗਲਤ ਹੋਵੇਗਾ ਉਸ ਉੱਪਰ ਬਣਦੀ ਕਾਰਵਾਈ ਕੀਤੀ ਜਾਵੇਗੀ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ ਤੇ ਗਰੀਬ ਦੇ ਨਾਲ ਧੱਕਾ ਨਹੀਂ ਹੋਣ ਦਿੱਤਾ ਜਾਵੇਗਾ। ਉੱਥੇ ਹੀ ਕੌਂਸਲਰ ਗੁਰਮੀਤ ਸਿੰਘ ਮੁੰਡੀਆਂ ਨੇ ਆਖਿਆ ਕਿ ਮੇਰੇ ਉੱਪਰ ਲੱਗੇ ਦੋਸ਼ ਝੂਠੇ ਅਤੇ ਬੇਬੁਨਿਆਦ ਹਨ ਮੈਂ ਇਹਨਾਂ ਗਰੀਬ ਪਰਿਵਾਰਾਂ ਦੇ ਨਾਲ ਹਮੇਸ਼ਾ ਖੜਾ ਹਾਂ ਇਹਨਾਂ ਨਾਲ ਧੋਖਾ ਨਹੀਂ ਹੋਣ ਦੇਵਾਂਗਾ ਉਹਨਾਂ ਕਿਹਾ ਕਿ ਇਹਨਾਂ ਨੂੰ ਮੇਰੇ ਵੱਲੋਂ ਪਲਾਟ ਵੀ ਦਿੱਤੇ ਗਏ ਹਨ। ਕਬਜ਼ਾ ਵੀ ਦਿੱਤਾ ਗਿਆ ਹੈ ਪਰ ਜਿਮੀਦਾਰ ਰਜਿਸਟਰੀ ਨਹੀਂ ਕਰਵਾ ਰਿਹਾ ਅਤੇ ਉਸ ਵੱਲੋਂ ਇਹਨਾਂ ਦੇ ਮਕਾਨ ਢਾਏ ਜਾ ਰਹੇ ਹਨ ਜਿਸ ਬਾਬਤ ਕੋਰਟ ਵਿੱਚ ਕੇਸ ਵੀ ਲਾਇਆ ਹੋਇਆ ਹੈ ਇਸ ਦੇ ਉਲਟ ਜਿਮੀਦਾਰ ਦਾ ਕਹਿਣਾ ਹੈ ਕਿ ਇਹ ਗਰੀਬ ਪਰਿਵਾਰਾਂ ਦੇ ਕੋਲੋਂ ਕਰੋੜਾਂ ਰੁਪਏ ਲੈ ਕੇ ਖਾ ਗਿਆ ਇਸ ਨੇ ਸਾਨੂੰ ਤੈਅ ਕੀਤੀ ਰਕਮ ਅਦਾ ਨਹੀਂ ਕੀਤੀ ਜਿਸ ਕਾਰਨ ਸਾਡੇ ਵੱਲੋਂ ਕਬਜ਼ਾ ਵਾਪਸ ਲਿਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਅਸੀਂ ਗਰੀਬ ਪਰਿਵਾਰਾਂ ਨਾਲ ਧੱਕਾ ਨਹੀਂ ਕਰਾਂਗੇ ਗੁਰਮੀਤ ਸਿੰਘ ਨੇ ਧੋਖਾ ਕਰਕੇ ਪਲਾਟ ਸੇਲ ਕੀਤੇ ਹਨ ਉਸ ਉੱਪਰ ਮੁਕਦਮਾ ਦਰਜ ਕਰਵਾਇਆ ਜਾਵੇਗਾ।

# ਚੈਨੀਆ, ਪਰਸ ਖੋਹਣ ਵਾਲੇ ਹੁਣ ਬੱਚੇ ਵੀ ਖੋਹਣ ਲੱਗੇ : ਡਾ ਓਂਕਾਰ ਚੰਦ



ਲੁਧਿਆਣਾ 20 ਮਈ (ਰਵਿੰਦਰ ਸਿੰਘ ਨਿੱਝਰ) ਸੀਨੀਅਰ ਕਾਂਗਰਸੀ ਨੇਤਾ ਡਾ ਓਂਕਾਰ ਚੰਦ ਸ਼ਰਮਾ ਨੇ ਆਖਿਆ ਹੈ ਕਿ ਪੰਜਾਬ ਵਿੱਚ ਅਮਨ ਕਾਨੂੰਨ ਦੀ ਹਾਲਤ ਇੰਨੀ ਜਿਆਦਾ ਨਿੱਘਰ ਗਈ ਹੈ ਜਿੰਨੀ ਪਹਿਲਾਂ ਕਦੇ ਨਹੀਂ ਸੀ ਨਿੱਘਰੀ। ਉਹਨਾਂ ਕਿਹਾ ਕਿ ਪਹਿਲਾਂ ਲੁੱਟਾਂ ਖੋਹਾਂ ਆਦਿ ਦੀਆਂ ਮਾੜੀਆਂ ਮੋਟੀਆਂ ਵਾਰਦਾਤਾਂ ਕਦੇ ਕਦੇ ਹੀ ਵਾਪਰਦੀਆਂ ਹੁੰਦੀਆਂ ਸਨ। ਪਰੰਤੂ ਜਦੋਂ ਤੋਂ ਆਮ ਆਦਮੀ ਪਾਰਟੀ ਨੇ ਸੱਤਾ ਸੰਭਾਲੀ ਹੈ ਇੰਨ੍ਹਾਂ ਘਟਨਾਵਾਂ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ। ਉਹਨਾਂ ਕਿਹਾ ਕਿ ਗੈਂਗਸਟਰਾਂ ਵੱਲੋਂ ਫਿਰੌਤੀਆਂ ਲਈ ਵਪਾਰੀਆਂ ਆਦਿ ਨੂੰ ਧਮਕੀਆਂ ਦੇਣ ਦੀ ਗੱਲ ਤਾਂ ਵੱਖਰੀ ਹੈ ਰਾਹਾਂ ਵਿੱਚ ਤੁਰੇ ਜਾਂਦੇ ਲੋਕਾਂ ਦੀਆਂ ਚੈਨੀਆਂ, ਪਰਸ ਅਤੇ ਕਾਂਟੇ ਆਦਿ ਖੋਹਣ ਦੀਆਂ ਵਾਰਦਾਤਾਂ ਬੇਤਹਾਸ਼ਾ ਵਧ ਗਈਆਂ ਹਨ। ਉਹਨਾਂ ਕਿਹਾ ਕਿ ਲੁਟੇਰਿਆਂ ਦੇ ਹੌਸਲੇ ਇੰਨੇ ਵੱਧ ਗਏ ਹਨ ਕਿ ਉਹ ਹੁਣ ਮੂੰਹ ਢਕਣ ਦੀ ਵੀ ਜਰੂਰਤ ਨਹੀਂ ਸਮਝਦੇ ਅਤੇ ਰਾਹ ਜਾਂਦਿਆਂ ਨਾਲ ਤਾਂ ਲੁੱਟ ਖੋਹ ਦੀ ਵਾਰਦਾਤ ਕਰਨੀ ਹੀ ਹੈ ਉਹ ਘਰਾਂ ਵਿੱਚ ਵੜ ਕੇ ਵੀ ਚੇਨੀਆਂ, ਪਰਸ ਜਾਂ ਹੋਰ ਸਮਾਨ ਖੋਹਣ ਲੱਗੇ ਹਨ। ਇਥੋਂ ਤੱਕ ਕਿ ਚੇਨੀਆਂ ਪਰਸ ਆਦਿ ਸਮਾਨ ਖੋਹਣ ਵਾਲੇ ਹੁਣ ਲੋਕਾਂ ਦੇ ਬੱਚੇ ਵੀ ਖੋਹ ਕੇ ਲਿਜਾਣ ਲੱਗੇ ਹਨ। ਉਹਨਾਂ ਕਿਹਾ ਕਿ ਦਾਦਾ ਦਾਦੀ ਕੋਲੋਂ ਇੱਕ ਬੱਚੇ ਨੂੰ ਖੋਹਣ ਦੀ ਅਜਿਹੀ ਹੀ ਇੱਕ ਵੀਡੀਓ ਸੋਸ਼ਲ ਮੀਡੀਏ ਤੇ ਚਰਚਾ ਦਾ ਵਿਸ਼ਾ ਬਣੀ ਹੋਈ ਹੈ। ਉਹਨਾਂ ਕਿਹਾ ਕਿ ਸੋਸ਼ਲ ਮੀਡੀਏ ਤੇ ਜਦੋਂ ਕਿਸੇ ਕਿਸਮ ਦੀ ਇੱਕ ਵੀ ਵੀਡੀਓ ਆਉਂਦੀ ਹੈ ਉਸ ਤਰ੍ਹਾਂ ਦੀਆਂ ਅਨੇਕਾਂ ਵਾਰਦਾਤਾਂ ਅਜਿਹੀਆਂ ਹੋਰ ਵੀ ਵਾਪਰਦੀਆਂ ਹਨ ਜਿਹੜੀਆਂ ਕਿ ਕਿਸੇ ਕਾਰਣ ਮੀਡੀਆ ਦੇ ਸਾਹਮਣੇ ਨਹੀਂ ਆਉਂਦੀਆਂ। ਉਹਨਾਂ ਆਖਿਆ ਕਿ ਆਪ ਸਰਕਾਰ ਨੂੰ ਖੁਦ ਹੀ ਗੱਦੀ ਛੱਡ ਕੇ ਪੰਜਾਬ ਨੂੰ ਰਾਜਪਾਲ ਦੇ ਹਵਾਲੇ ਕਰ ਦੇਣਾ ਚਾਹੀਦਾ ਹੈ ਤਾਂ ਕਿ ਪੰਜਾਬ ਵਿੱਚ ਹੋ ਰਹੀਆਂ ਇਹਨਾਂ ਲੁੱਟਾਂ ਖੋਹਾਂ ਕਤਲਾਂ ਆਦਿ ਨੂੰ ਨੱਥ ਪਾਈ ਜਾ ਸਕੇ।



# ਪਟਿਆਲਾ-ਆਸ/ਪਾਸ



## ਸ਼ਹੀਦੀ ਜੋੜ ਮੇਲ ਦੇ ਸਬੰਧ 'ਚ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ (ਐਸ.ਐਸ.ਟੀ. ਨਗਰ) ਵਿਖੇ ਅੱਜ ਸਜੇਗਾ ਕੀਰਤਨ ਸਮਾਗਮ

ਪਟਿਆਲਾ, 20 ਮਈ (ਚ.ਨ.ਸ.) : ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਅੱਜ ਤੱਕ ਦੇ ਸਮੂਹ ਸ਼ਹੀਦਾਂ ਦੀ ਨਿੱਘੀ ਯਾਦ ਨੂੰ ਸਮਰਪਿਤ ਪਟਿਆਲਾ ਸ਼ਹਿਰ ਵਿੱਚ ਚੱਲ ਰਹੇ ਸਾਲਾਨਾ ਸ਼ਹੀਦੀ ਜੋੜ ਮੇਲ ਦੇ ਸਬੰਧ ਵਿੱਚ 21 ਮਈ, 2026 ਦਿਨ ਵੀਰਵਾਰ ਨੂੰ ਇੱਕ ਵਿਸ਼ੇਸ਼ ਧਾਰਮਿਕ ਸਮਾਗਮ ਉਲੀਕਿਆ ਗਿਆ ਹੈ। ਇਹ ਸਮਾਗਮ ਗੁਰੂ ਅਰਜਨ ਕੀਰਤਨ ਮੰਡਲ (ਰਜਿ:) ਪਟਿਆਲਾ ਵੱਲੋਂ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਵੱਖ-ਵੱਖ ਸਭਾ ਸੁਸਾਇਟੀਆਂ ਦੇ ਵਿਸ਼ੇਸ਼ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ 21 ਮਈ ਦਾ ਇਹ ਵਿਸ਼ੇਸ਼ ਕੀਰਤਨ ਸਮਾਗਮ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ (ਐਸ.ਐਸ.ਟੀ. ਨਗਰ) ਵਿਖੇ ਸਜਾਇਆ ਜਾਵੇਗਾ। ਸਮਾਗਮ ਦਾ ਸਮਾਂ ਰੋਜ਼ਾਨਾ ਦੀ ਤਰ੍ਹਾਂ ਰਾਤ 7:00 ਵਜੇ ਤੋਂ 9:00 ਵਜੇ ਤੱਕ ਹੋਵੇਗਾ, ਜਿੱਥੇ ਪੰਥ ਪ੍ਰਸਿੱਧ ਰਾਗੀ ਜਥਿਆਂ ਵੱਲੋਂ ਇਲਾਹੀ ਬਾਣੀ ਦੇ ਮਨੋਹਰ ਕੀਰਤਨ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ। ਮੰਡਲ ਦੇ ਮੁੱਖ ਪ੍ਰਬੰਧਕਾਂ, ਜਿਨ੍ਹਾਂ ਵਿੱਚ ਚੇਅਰਮੈਨ ਸ. ਅਮਰੀਕ ਸਿੰਘ ਅਤੇ ਪ੍ਰਧਾਨ ਸ. ਰਾਮ ਸਿੰਘ ਸ਼ਾਮਲ ਹਨ, ਨੇ ਸਮੂਹ ਇਲਾਕਾ ਨਿਵਾਸੀਆਂ ਅਤੇ ਸੰਗਤਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਮਹਾਨ ਕੀਰਤਨ ਸਮਾਗਮ ਵਿੱਚ ਪਰਿਵਾਰਾਂ ਸਮੇਤ ਹਾਜ਼ਰੀ ਭਰ ਕੇ ਗੁਰੂ ਚਰਨਾਂ ਦਾ ਓਟ ਆਸਰਾ ਅਤੇ ਗੁਰੂ ਘਰ ਦੀਆਂ ਬਖਸ਼ਿਸ਼ਾਂ ਪ੍ਰਾਪਤ ਕਰਨ।

## ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਵੱਲੋਂ ਸਟੇਟ ਬੈਂਕ ਆਫ਼ ਇੰਡੀਆ ਨਾਲ ਸਮਝੌਤਾ ਸਹੀਬੰਦ

ਪਟਿਆਲਾ, 20 ਮਈ (ਰੁਪਾਣਾ) : ਕਰਮਚਾਰੀਆਂ ਦੀ ਭਲਾਈ ਅਤੇ ਵਿੱਤੀ ਸੁਰੱਖਿਆ ਨੂੰ ਹੋਰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਇੱਕ ਵੱਡਾ ਕਦਮ ਚੁੱਕਦਿਆਂ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਨੇ ਸਟੇਟ ਬੈਂਕ ਆਫ਼ ਇੰਡੀਆ ਨਾਲ ਇੱਕ ਸਮਝੌਤਾ ਸਹੀਬੰਦ (MoU) ਕੀਤਾ ਹੈ। ਇਸ ਸਮਝੌਤੇ ਤਹਿਤ ਇੱਕ ਅਪਗ੍ਰੇਡਡ ਕਾਰਪੋਰੇਟ ਸੈਲਰੀ ਪੈਕੇਜ (CSP) ਸ਼ੁਰੂ ਕੀਤਾ ਗਿਆ ਹੈ, ਜੋ ਵਿਸ਼ੇਸ਼ ਤੌਰ 'ਤੇ ਉਨ੍ਹਾਂ ਪੀ.ਐਸ.ਪੀ.ਸੀ.ਐਲ. ਕਰਮਚਾਰੀਆਂ ਨੂੰ ਬਿਹਤਰ ਬੈਂਕਿੰਗ ਸਹੂਲਤਾਂ, ਵਿੱਤੀ ਸਹਾਇਤਾ ਅਤੇ ਵੱਡੇ ਬੀਮਾ ਲਾਭ ਪ੍ਰਦਾਨ ਕਰਨ ਲਈ ਤਿਆਰ ਕੀਤਾ ਗਿਆ ਹੈ, ਜਿਨ੍ਹਾਂ ਦੇ ਸੈਲਰੀ ਖਾਤੇ ਐਸ.ਬੀ.ਆਈ. ਵਿੱਚ ਹਨ।ਮੌਜੂਦਾ ਸਮੇਂ ਵਿੱਚ,ਪੀ.ਐਸ.ਪੀ.ਸੀ.ਐਲ.ਦੇ ਲਗਭਗ 80% ਕਰਮਚਾਰੀਆਂ ਦੇ ਸੈਲਰੀ ਖਾਤੇ ਪਹਿਲਾਂ ਹੀ ਐਸ.ਬੀ.ਆਈ. ਵਿੱਚ ਹਨ। ਇਸ ਨਵੇਂ ਸਮਝੌਤੇ ਤਹਿਤ, ਐਸ.ਬੀ.ਆਈ. ਇਨ੍ਹਾਂ ਮੌਜੂਦਾ ਖਾਤਿਆਂ ਨੂੰ ਆਟੋਮੈਟਿਕ ਤੌਰ 'ਤੇ ਅਪਗ੍ਰੇਡਡ ਸੀ.ਐਸ.ਪੀ. ਫਰੇਮਵਰਕ ਨਾਲ ਜੋੜ ਦੇਵੇਗਾ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸਾਰੇ ਵਧੇਰੇ ਲਾਭ ਬਿਨਾਂ ਕਿਸੇ ਪਰੇਸ਼ਾਨੀ ਦੇ ਕਰਮਚਾਰੀਆਂ ਤੱਕ ਪਹੁੰਚ ਸਕਣ। ਮੁਫ਼ਤ ਨਿੱਜੀ ਦੁਰਘਟਨਾ ਬੀਮਾ (ਮੌਤ/ਸੰਪੂਰਨ ਸਥਾਈ ਅਪੰਗਤਾ): ਐਸ.ਬੀ.ਆਈ. ਵੱਲੋਂ ਸੀ.ਐਸ.ਪੀ. ਤਹਿਤ ਐਸ.ਬੀ.ਆਈ. ਰਾਹੀਂ ਤਨਖਾਹ ਲੈਣ ਵਾਲੇ ਪੀ.ਐਸ.ਪੀ.ਸੀ.ਐਲ. ਕਰਮਚਾਰੀਆਂ ਨੂੰ '100 ਲੱਖ ਰੁਪਏ (1 ਕਰੋੜ)' ਦਾ ਵਧੇਰੇ ਮੁਫ਼ਤ ਬੀਮਾ ਕਵਰ ਦਿੱਤਾ ਜਾ ਰਿਹਾ ਹੈ। ਆਂਸ਼ਿਕ ਸਥਾਈ ਅਪੰਗਤਾ ਕਵਰ: ਕਰਮਚਾਰੀ ਦੀ ਆਂਸ਼ਿਕ ਸਥਾਈ ਅਪੰਗਤਾ ਦੀ ਸੂਰਤ ਵਿੱਚ 80 ਲੱਖ ਰੁਪਏ ਤੱਕ ਦਾ ਕਵਰ ਦਿੱਤਾ ਜਾਵੇਗਾ। ਗਰੁੱਪ ਟਰਮ ਲਾਈਫ ਇੰਸ਼ੋਰੈਂਸ: ਇਸ ਪੈਕੇਜ ਦੇ ਤਹਿਤ '10 ਲੱਖ ਰੁਪਏ' ਦੀ ਵਾਧੂ ਵਿੱਤੀ ਸੁਰੱਖਿਆ ਦਾ ਪ੍ਰਬੰਧ ਵੀ ਕੀਤਾ ਗਿਆ ਹੈ। ਜ਼ੀਰੋ ਵਾਧੂ ਦੇਣਦਾਰੀ: ਇਹ ਪੈਕੇਜ ਪੀ.ਐਸ.ਪੀ.ਸੀ.ਐਲ. ਦੇ ਸਾਰੇ ਕਰਮਚਾਰੀਆਂ ਲਈ ਪੂਰੀ ਤਰ੍ਹਾਂ ਸਵੈ-ਇੱਛਤ ਹੈ ਅਤੇ ਖਾਤਾ ਧਾਰਕਾਂ 'ਤੇ ਇਸ ਦਾ ਕੋਈ ਵੀ ਵਾਧੂ ਵਿੱਤੀ ਬੋਝ ਜਾਂ ਦੇਣਦਾਰੀ ਨਹੀਂ ਪਵੇਗੀ। ਇਹ ਰਣਨੀਤਕ ਗੱਠਜੋੜ ਪੀ. ਐਸ. ਪੀ. ਸੀ.ਐਲ. ਵੱਲੋਂ ਆਪਣੇ ਕਰਮਚਾਰੀਆਂ ਨੂੰ ਵਧੀਆ ਬੈਂਕਿੰਗ ਸਹੂਲਤਾਂ ਅਤੇ ਮਜ਼ਬੂਤ ਵਿੱਤੀ ਸੁਰੱਖਿਆ ਪ੍ਰਦਾਨ ਕਰਨ ਦੀ ਲਗਾਤਾਰ ਕੋਸ਼ਿਸ਼ ਨੂੰ ਦਰਸਾਉਂਦਾ ਹੈ। ਆਮ ਬੈਂਕਿੰਗ ਸੇਵਾਵਾਂ ਤੋਂ ਇਲਾਵਾ, ਇਸ ਸਮਝੌਤੇ ਦਾ ਮੁੱਖ ਉਦੇਸ਼ ਪੀ.ਐਸ.ਪੀ.ਸੀ.ਐਲ.ਦੇ ਕਰਮਚਾਰੀਆਂ ਜਾਂ ਉਨ੍ਹਾਂ ਦੇ ਨਿਰਭਰ ਪਰਿਵਾਰਕ ਮੈਂਬਰਾਂ ਨੂੰ ਡਿਊਟੀ ਦੌਰਾਨ ਕਿਸੇ ਮੰਦਭਾਗੀ ਘਾਤਕ ਜਾਂ ਗੰਭੀਰ ਦੁਰਘਟਨਾ ਦਾ ਸ਼ਿਕਾਰ ਹੋਣ ਦੀ ਸੂਰਤ ਵਿੱਚ ਵੱਡੀ ਵਿੱਤੀ ਸਹਾਇਤਾ ਪ੍ਰਦਾਨ ਕਰਨਾ ਹੈ।



## ਡਾ. ਬਲਬੀਰ ਸਿੰਘ ਵੱਲੋਂ ਪਟਿਆਲਾ 'ਚ ਰਾਸ਼ਨ ਕਿੱਟਾਂ ਵੰਡ ਕੇ 'ਮੇਰੀ ਰਸੋਈ' ਸਕੀਮ ਦੀ ਸ਼ੁਰੂਆਤ

ਪਟਿਆਲਾ, 20 ਮਈ (ਚ.ਨ.ਸ) : ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਤਹਿਤ ਅੱਜ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਨੇ ਪਟਿਆਲਾ ਦੇ ਦਸਮੇਸ਼ ਨਗਰ ਵਿਖੇ 'ਮੇਰੀ ਰਸੋਈ' ਸਕੀਮ ਅਧੀਨ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ। ਇਸ ਮੌਕੇ ਕਰੀਬ 500 ਪਰਿਵਾਰਾਂ ਨੂੰ ਰੋਜ਼ਾਨਾ ਦੀ ਵਰਤੋਂ ਵਾਲੀਆਂ ਰਾਸ਼ਨ ਸਮੱਗਰੀ ਨਾਲ ਭਰੀਆਂ ਕਿੱਟਾਂ ਮੁਹੱਈਆ ਕਰਵਾਈਆਂ ਗਈਆਂ। ਇਸ ਮੌਕੇ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਪਰਿਵਾਰ ਆਪਣੇ ਆਪ ਨੂੰ ਇਕੱਲਾ, ਬੇਸਹਾਰਾ ਜਾਂ ਲਾਚਾਰ ਨਾ ਸਮਝੇ। ਪੰਜਾਬ ਸਰਕਾਰ ਸੂਬੇ ਦੇ ਹਰ ਨਾਗਰਿਕ ਦੀਆਂ ਮੁੱਢਲੀਆਂ ਲੋੜਾਂ ਨੂੰ ਪੂਰਾ ਕਰਨ ਲਈ ਵਚਨਬੱਧ ਹੈ। ਸਿਹਤ ਮੰਤਰੀ ਨੇ ਕਿਹਾ ਕਿ ਮੇਰੀ ਰਸੋਈ ਸਕੀਮ ਦਾ ਮਕਸਦ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਲੋੜਵੰਦ ਪਰਿਵਾਰਾਂ ਦੀ ਮਦਦ ਕਰਨਾ ਹੈ ਤਾਂ ਜੋ ਉਹਨਾਂ ਨੂੰ ਰੋਜ਼ਾਨਾ ਦੀ ਜ਼ਿੰਦਗੀ ਵਿੱਚ ਕਿਸੇ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਨੂੰ ਧਿਆਨ ਵਿੱਚ ਰੱਖਦੇ ਹੋਏ ਅਜਿਹੀਆਂ ਹੋਰ ਵੀ ਕਈ ਸਕੀਮਾਂ ਸਫਲਤਾਪੂਰਵਕ ਚਲਾਈਆਂ ਜਾ ਰਹੀਆਂ ਹਨ, ਜਿਨ੍ਹਾਂ ਦਾ ਸਿੱਧਾ ਲਾਭ ਆਮ ਲੋਕਾਂ ਤੱਕ ਪਹੁੰਚ ਰਿਹਾ ਹੈ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਸਿਰਫ਼ ਐਲਾਨਾਂ ਤੱਕ ਸੀਮਿਤ ਨਹੀਂ, ਸਗੋਂ ਜ਼ਮੀਨੀ ਪੱਧਰ 'ਤੇ ਲੋਕਾਂ ਦੀ ਸੇਵਾ ਕਰਨ ਲਈ ਵਚਨਬੱਧ ਹੈ। ਇਸ ਮੌਕੇ ਇਲਾਕਾ ਨਿਵਾਸੀਆਂ ਨੇ ਪੰਜਾਬ ਸਰਕਾਰ ਵੱਲੋਂ ਦਿੱਤੀ ਜਾ ਰਹੀ ਸਹਾਇਤਾ ਲਈ ਧੰਨਵਾਦ ਕਰਦਿਆਂ ਕਿਹਾ ਕਿ ਮੇਰੀ ਰਸੋਈ ਵਰਗੀਆਂ ਯੋਜਨਾਵਾਂ ਲੋੜਵੰਦ ਲੋਕਾਂ ਲਈ ਵੱਡਾ ਸਹਾਰਾ ਸਾਬਤ ਹੋ ਰਹੀਆਂ ਹਨ। ਲੋਕਾਂ ਨੇ ਕਿਹਾ ਕਿ ਸਰਕਾਰ ਵੱਲੋਂ ਕੀਤੇ ਜਾ ਰਹੇ ਇਹ ਉਪਰਾਲੇ ਸਮਾਜ ਵਿੱਚ ਸਾਂਝ ਅਤੇ ਭਰੋਸੇ ਨੂੰ ਹੋਰ ਮਜ਼ਬੂਤ ਕਰ ਰਹੇ ਹਨ। ਇਸ ਮੌਕੇ ਜਸਵੀਰ ਸਿੰਘ ਗਾਂਧੀ, ਚਰਨਜੀਤ ਸਿੰਘ ਐਸ ਕੇ, ਗੱਜਨ ਸਿੰਘ ਤੋਂ ਇਲਾਵਾ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਲਾਭਪਾਤਰੀ ਮੌਜੂਦ ਸਨ।



*ਨਾਜਾਇਜ਼ ਮਾਈਨਿੰਗ ਮਾਮਲਾ*

## ਜੇ.ਸੀ.ਬੀ., ਟਰੈਕਟਰ-ਟਰਾਲੀਆਂ ਤੇ ਜ਼ਮੀਨ ਮਾਲਕ ਖ਼ਿਲਾਫ਼ ਕੇਸ ਦਰਜ

ਸਮਾਣਾ, 20 ਮਈ (ਵਿਜੇ ਕੁਮਾਰ) : ਪਿੰਡ ਢੈਂਠਲ ਵਿਖੇ ਕੀਤੀ ਗਈ ਨਾਜਾਇਜ਼ ਮਾਈਨਿੰਗ ਦੇ ਇੱਕ ਮਾਮਲੇ ਵਿੱਚ ਸਦਰ ਪੁਲਿਸ ਨੇ ਅਣਪਛਾਤੀ ਜੇ.ਸੀ.ਬੀ., ਦੋ ਟਰੈਕਟਰ-ਟਰਾਲੀਆਂ, ਉਨ੍ਹਾਂ ਦੇ ਚਾਲਕਾਂ ਅਤੇ ਅਣਪਛਾਤੇ ਜ਼ਮੀਨ ਮਾਲਕ ਖ਼ਿਲਾਫ਼ ਮਾਈਨਜ਼ ਐਂਡ ਮਿਨਰਲਜ਼ ਐਕਟ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮਾਮਲੇ ਦੇ ਜਾਂਚ ਅਧਿਕਾਰੀ ਸਦਰ ਪੁਲਿਸ ਦੇ ਏ.ਐਸ.ਆਈ. ਨਿਰਮਲ ਸਿੰਘ ਨੇ ਦੱਸਿਆ ਕਿ ਸਬ ਡਿਵੀਜ਼ਨ ਮਿਨਰਲਜ਼ ਐਂਡ ਮਾਈਨਿੰਗ ਇੰਸਪੈਕਟਰ ਹੁਸਨਪ੍ਰੀਤ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਅਨੁਸਾਰ, ਸੁਖਦੇਵ ਸਿੰਘ ਵੱਲੋਂ ਜੇ.ਸੀ.ਬੀ. ਮਸ਼ੀਨ ਅਤੇ ਟਰੈਕਟਰ-ਟਰਾਲੀਆਂ ਲਗਾ ਕੇ ਕੀਤੀ ਜਾ ਰਹੀ ਨਾਜਾਇਜ਼ ਮਾਈਨਿੰਗ ਸਬੰਧੀ ਮਿਲੀ ਸੂਚਨਾ ਦੇ ਆਧਾਰ 'ਤੇ ਜਦੋਂ ਉਨ੍ਹਾਂ ਨੇ ਵਿਭਾਗੀ ਟੀਮ ਸਮੇਤ ਰੇਡ ਕੀਤੀ, ਤਾਂ ਚਾਲਕ ਜੇ.ਸੀ.ਬੀ. ਮਸ਼ੀਨ ਅਤੇ ਟਰੈਕਟਰ-ਟਰਾਲੀਆਂ ਸਮੇਤ ਫ਼ਰਾਰ ਹੋ ਗਏ, ਜਦਕਿ ਮੌਕੇ 'ਤੇ ਬਿਨਾਂ ਕਿਸੇ ਮਨਜ਼ੂਰੀ ਦੇ ਖੇਤ ਵਿੱਚ 2 ਫੁੱਟ ਡੂੰਘੀ ਨਾਜਾਇਜ਼ ਮਾਈਨਿੰਗ ਹੋਈ ਪਾਈ ਗਈ। ਅਧਿਕਾਰੀ ਅਨੁਸਾਰ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਮਾਲ ਵਿਭਾਗ (ਰੈਵੇਨਿਊ ਡਿਪਾਰਟਮੈਂਟ) ਤੋਂ ਜ਼ਮੀਨ ਦੇ ਮਾਲਕ ਸਬੰਧੀ ਜਾਣਕਾਰੀ ਹਾਸਲ ਕਰਕੇ ਤੇ ਅਣਪਛਾਤੇ ਚਾਲਕਾਂ ਦੀ ਪਛਾਣ ਕਰਕੇ ਉਨ੍ਹਾਂ ਦੀ ਭਾਲ ਕੀਤੀ ਜਾ ਰਹੀ ਹੈ।

## ਰਾਜਪਾਲ ਕਟਾਰੀਆਂ ਵੱਲੋਂ ਜੱਸਾ ਸਿੰਘ ਰਾਮਗੜ੍ਹੀਆ ਦੀ ਚੇਅਰ ਸਥਾਪਿਤ ਕਰਨ ਨੂੰ ਹਾਂ-ਪੱਖੀ ਹੁੰਗਾਰਾ ਦੇਣਾ ਸ਼ਲਾਘਾਯੋਗ : ਕੈਂਥ

ਨਾਭਾ, 20 ਮਈ (ਗੁਰਚਰਨ ਸਿੰਘ ਚੌਧਰੀਮਾਜਰਾ) : ਭਾਰਤੀ ਜਨਤਾ ਪਾਰਟੀ ਐਸਸੀ ਮੋਰਚਾ ਪੰਜਾਬ ਦੇ ਸੂਬਾ ਉਪ ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਪੰਜਾਬ ਨੂੰ ਫਿਰ ਤੋਂ ਉਹੀ ਏਕਤਾ, ਨੌਜਵਾਨ ਸ਼ਕਤੀ ਅਤੇ ਸਮਾਜਿਕ ਸਦਭਾਵਨਾ ਦੀ ਲੋੜ ਹੈ, ਜਿਸਦਾ ਸੰਦੇਸ਼ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਜੀ ਨੇ ਆਪਣੇ ਜੀਵਨ ਰਾਹੀਂ ਦਿੱਤਾ ਸੀ। ਉਨ੍ਹਾਂ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆਂ ਕੋਲ ਅਪੀਲ ਕਰਦਿਆਂ ਕਿਹਾ ਕਿ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਜੀ ਦੇ ਨਾਮ 'ਤੇ ਪੰਜਾਬ ਦੀ ਕਿਸੇ ਯੂਨੀਵਰਸਿਟੀ ਵਿੱਚ ਇੱਕ ਵਿਸ਼ੇਸ਼ ਚੇਅਰ ਸਥਾਪਿਤ ਕੀਤੀ ਜਾਵੇ, ਤਾਂ ਜੋ ਉਨ੍ਹਾਂ ਦੇ ਜੀਵਨ, ਇਤਿਹਾਸ ਅਤੇ ਵਿਰਾਸਤ ਨਾਲ ਸੰਬੰਧਿਤ ਖੋਜ ਅਤੇ ਦਸਤਾਵੇਜ਼ੀਕਰਨ ਨੂੰ ਪ੍ਰੋਤਸਾਹਨ ਮਿਲ ਸਕੇ। ਕੈਂਥ ਨੇ ਕਿਹਾ ਕਿ ਇਹ ਉਪਰਾਲਾ ਨਾ ਸਿਰਫ਼ ਰਾਮਗੜ੍ਹੀਆ ਭਾਈਚਾਰੇ ਲਈ, ਸਗੋਂ ਪੰਜਾਬ ਅਤੇ ਦੇਸ਼ ਦੀ ਇਤਿਹਾਸਕ ਚੇਤਨਾ ਨੂੰ ਮਜ਼ਬੂਤ ਕਰਨ ਲਈ ਵੀ ਇੱਕ ਮਹੱਤਵਪੂਰਨ ਕਦਮ ਸਾਬਤ ਹੋਵੇਗਾ।ਭਾਜਪਾ ਆਗੂ ਪਰਮਜੀਤ ਸਿੰਘ ਕੈਂਥ ਨੇ ਕਿਹਾ ਕਿ ਰਾਮਗੜ੍ਹੀਆ ਭਾਈਚਾਰੇ ਵੱਲੋਂ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਜੀ ਦੀ ਯਾਦ ਵਿੱਚ ਕਰਵਾਏ ਗਏ ਸਮਾਗਮ ਦੌਰਾਨ, ਪੰਜਾਬ ਰਾਜਪਾਲ ਗੁਲਾਬ ਚੰਦ ਕਟਾਰੀਆਂ ਨੇ ਉਨ੍ਹਾਂ ਦੀ ਇਹ ਮੰਗ ਗੰਭੀਰਤਾ ਨਾਲ ਸੁਣਦਿਆਂ ਕਿਹਾ ਕਿ ਇਸ ਸਬੰਧੀ ਲੋੜੀਂਦੇ ਦਸਤਾਵੇਜ਼ ਉਨ੍ਹਾਂ ਤੱਕ ਪਹੁੰਚਾਏ ਜਾਣ, ਤਾਂ ਜੋ ਜਲਦ ਹੀ ਪੰਜਾਬ ਦੇ ਕਿਸੇ ਸਿੱਖਿਆ ਸੰਸਥਾਨ ਵਿੱਚ ਜੱਸਾ ਸਿੰਘ ਰਾਮਗੜ੍ਹੀਆ ਜੀ ਦੇ ਨਾਮ 'ਤੇ ਚੇਅਰ ਸਥਾਪਿਤ ਕਰਨ ਦੀ ਪ੍ਰਕਿਰਿਆ ਅੱਗੇ ਵਧਾਈ ਜਾ ਸਕੇ।



## ਕਲਯੁਗੀ ਮਾਂ ਨੇ ਆਪਣੀ ਦੋ ਸਾਲਾਂ ਬੱਚੀ ਦਾ ਚਾਕੂ ਮਾਰ ਕੇ ਕੀਤਾ ਕਤਲ

ਬਲਬੇੜ੍ਹਾ/ਡਕਾਲਾ, 20 ਮਈ (ਗੁਰਸੇਵਕ ਸਿੰਘ ਕਰਹਾਲੀ ਸਾਹਿਬ) : ਵਿਧਾਨ ਸਭਾ ਹਲਕਾ ਸਮਾਣਾ ਤੇ ਥਾਣਾ ਪਸਿਆਣਾ ਦੇ ਪਿੰਡ ਹਰੀ ਨਗਰ ਖੇੜਕੀ ਦੇ ਡੇਰਾ ਜੀਵਾ ਫਾਰਮ ਤੋਂ ਬਹੁਤ ਹੀ ਦੁੱਖਦਾਈ ਖਬਰ ਨਿਕਲ ਕੇ ਸਾਹਮਣੇ ਆਈ ਹੈ, ਜਿੱਥੇ ਕਿ ਇੱਕ ਕਲਯੁਗੀ ਮਾਂ ਵੱਲੋਂ ਆਪਣੀ ਦੋ ਸਾਲਾਂ ਬੱਚੀ ਦਾ ਚਾਕੂ ਮਾਰ ਕੇ ਕਤਲ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ। ਸਥਾਨਕ ਪੁਲਿਸ ਨੇ ਦੋਸ਼ੀ ਔਰਤ ਨੂੰ ਗਿਰਫਤਾਰ ਕਰਕੇ ਵੱਖ-ਵੱਖ ਧਰਾਵਾਂ ਤਹਿਤ ਮੁਕਦਮਾ ਦਰਜ ਕਰਨ ਤੋਂ ਬਾਅਦ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ, ਇਸ ਮੌਕੇ ਐਸਐਚਓ ਪਸਿਆਣਾ ਨੇ ਅਦਾਰਾ ਚੜਦੀਕਲਾ ਟਾਈਮ ਟੀਵੀ ਨਾਲ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਮਾਸੂਮ ਬੱਚੀ ਦਾ ਕਤਲ ਕਰਨ ਵਾਲੀ ਉਸਦੀ ਮਾਂ ਡਿਪਰੈਸ਼ਨ ਦੀ ਮਰੀਜ਼ ਦੱਸੀ ਜਾ ਰਹੀ ਹੈ, ਜਿਸਨੇ ਕੱਲ ਬੀਤੀ ਸ਼ਾਮ ਦੇ ਸਮੇਂ ਘਰ 'ਚ ਮਾਮੂਲੀ ਤਕਰਾਰ ਹੋਣ ਤੋਂ ਬਾਅਦ ਆਪਣੀ ਬੱਚੀ ਨੂੰ ਕਮਰੇ 'ਚ ਲਿਜਾ ਕੇ ਚਾਕੂ ਦਾ ਵਾਰ ਕਰ ਦਿੱਤਾ ਜਿਸ ਤੋਂ ਬਾਅਦ ਮਾਸੂਮ ਬੱਚੀ ਦੀ ਮੌਕੇ 'ਤੇ ਹੀ ਮੌਤ ਹੋ ਗਈ। ਥਾਣਾ ਮੁਖੀ ਨੇ ਦੱਸਿਆ ਕਿ ਪੁਲਿਸ ਨੂੰ ਸੂਚਨਾ ਮਿਲਣ ਤੋਂ ਬਾਅਦ ਤੁਰੰਤ ਕਾਰਵਾਈ ਕਰਦੇ ਹੋਏ ਦੋਸ਼ੀ ਔਰਤ ਨੂੰ ਗ੍ਰਿਫਤਾਰ ਕਰਕੇ ਮਾਮਲੇ ਦੀ ਬਰੀਕੀ ਦੇ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਬੱਚੀ ਦਾ ਪੋਸਟਮਾਰਟਮ ਕਰਾ ਕੇ ਪਰਿਵਾਰ ਨੂੰ ਮ੍ਰਿਤਕ ਦੇਹ ਸੌਂਪ ਦਿੱਤੀ ਗਈ ਹੈ, ਜਿਸ ਦਾ ਅੰਤਿਮ ਸੰਸਕਾਰ ਪਰਿਵਾਰ ਵੱਲੋਂ ਕਰ ਦਿੱਤਾ ਗਿਆ

## ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਵੱਲੋਂ ਐਨ.ਆਈ.ਐਸ. ਦੇ ਸੀਨੀਅਰ ਐਗਜ਼ੈਕਟਿਵ ਡਾਇਰੈਕਟਰ ਵਨੀਤ ਕੁਮਾਰ ਨਾਲ ਮੀਟਿੰਗ

ਪਟਿਆਲਾ, 20 ਮਈ (ਚ.ਨ.ਸ.) : ਪੰਜਾਬ ਵਿੱਚ ਸਾਈਕਲਿੰਗ ਖੇਡ ਨੂੰ ਹੋਰ ਮਜ਼ਬੂਤ ਅਤੇ ਵਿਸ਼ਵ ਪੱਧਰ 'ਤੇ ਮੁਕਾਬਲੇਯੋਗ ਬਣਾਉਣ ਦੇ ਉਦੇਸ਼ ਨਾਲ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਦੇ ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਵੱਲੋਂ ਨੇਤਾ ਜੀ ਸੁਭਾਸ਼ ਨੈਸ਼ਨਲ ਇੰਸਟੀਚਿਊਟ ਆਫ ਸਪੋਰਟਸ (ਐਨ.ਆਈ.ਐਸ.), ਪਟਿਆਲਾ ਦੇ ਸੀਨੀਅਰ ਅਗਜ਼ੈਕਟਿਵ ਡਾਇਰੈਕਟਰ (ਈ.ਡੀ.) ਵਨੀਤ ਕੁਮਾਰ ਨਾਲ ਇੱਕ ਮਹੱਤਵਪੂਰਨ ਮੀਟਿੰਗ ਕੀਤੀ ਗਈ। ਇਸ ਮੌਕੇ ਐਸੋਸੀਏਸ਼ਨ ਦੇ ਮੀਤ ਪ੍ਰਧਾਨ ਐਸ.ਪੀ. ਸਿੰਘ, ਸੰਯੁਕਤ ਸਕੱਤਰ ਸੁਖਜਿੰਦਰ ਸਿੰਘ ਅਤੇ ਕੋਚ ਸੰਦੀਪ ਕੌਰ ਵੀ ਮੌਜੂਦ ਸਨ। ਇਸ ਉੱਚ ਪੱਧਰੀ ਮੀਟਿੰਗ ਦੌਰਾਨ ਸੂਬੇ ਵਿੱਚ ਸਾਈਕਲਿੰਗ ਖੇਡ ਦੇ ਵਿਸਥਾਰ ਲਈ ਰਣਨੀਤਿਕ ਯੋਜਨਾਵਾਂ 'ਤੇ ਗਹਿਰਾਈ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਖ਼ਾਸ ਤੌਰ 'ਤੇ ਨਵੇਂ ਆਧੁਨਿਕ ਵੈਲੋਡਰੋਮ (ਟਰੈਕ) ਬਣਾਉਣ, ਮੌਜੂਦਾ ਟਰੈਕਾਂ ਦੀ ਅਪਗ੍ਰੇਡੇਸ਼ਨ, ਅਤੇ ਖਿਡਾਰੀਆਂ ਲਈ ਵਿਸ਼ਵ-ਪੱਧਰੀ ਟ੍ਰੇਨਿੰਗ ਸਹੂਲਤਾਂ ਪ੍ਰਦਾਨ ਕਰਨ 'ਤੇ ਜ਼ੋਰ ਦਿੱਤਾ ਗਿਆ। ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਵਿੱਚ ਖੇਡਾਂ ਲਈ ਬੇਅੰਤ ਹੁਨਰ ਮੌਜੂਦ ਹੈ, ਪਰ ਢਾਂਚਾਗਤ ਕਮੀ ਕਾਰਨ ਇਹ ਟੈਲੈਂਟ ਅਕਸਰ ਪੂਰੀ ਤਰ੍ਹਾਂ ਨਿਖਰਨ ਤੋਂ ਰਹਿ ਜਾਂਦਾ ਹੈ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਜੇ ਸੂਬੇ ਵਿੱਚ ਜ਼ਿਲ੍ਹਾ ਪੱਧਰ 'ਤੇ ਸਾਈਕਲਿੰਗ ਟਰੈਕ ਬਣਾਏ ਜਾਣ, ਤਾਂ ਨੌਜਵਾਨਾਂ ਨੂੰ ਘਰ ਦੇ ਨੇੜੇ ਹੀ ਉੱਚ ਪੱਧਰੀ ਟ੍ਰੇਨਿੰਗ ਮਿਲ ਸਕਦੀ ਹੈ। ਮੀਟਿੰਗ ਦੌਰਾਨ ਇਹ ਵੀ ਸੁਝਾਅ ਦਿੱਤਾ ਗਿਆ ਕਿ ਸਕੂਲ ਅਤੇ ਕਾਲਜ ਪੱਧਰ 'ਤੇ ਸਾਈਕਲਿੰਗ ਨੂੰ ਪ੍ਰੋਤਸਾਹਿਤ ਕਰਨ ਲਈ ਵਿਸ਼ੇਸ਼ ਪ੍ਰੋਗਰਾਮ ਸ਼ੁਰੂ ਕੀਤੇ ਜਾਣ ਅਤੇ ਖੇਡਾਂ ਦੇ ਬੁਨਿਆਦੀ ਢਾਂਚੇ ਨੂੰ ਸਿੱਖਿਆ ਸੰਸਥਾਵਾਂ ਨਾਲ ਜੋੜਿਆ ਜਾਵੇ। ਇਸ ਨਾਲ ਨੌਜਵਾਨ ਖਿਡਾਰੀਆਂ ਦੀ ਇਕ ਲੜੀ ਤਿਆਰ ਹੋ ਸਕਦੀ ਹੈ। ਨਵੇਂ ਅਤੇ ਛੋਟੀ ਉਮਰ ਦੇ ਖਿਡਾਰੀਆਂ ਨੂੰ ਖੇਡ ਨਾਲ ਜੋੜਨ ਲਈ ਪੇਅ ਐਂਡ ਪਲੇਅ ਸਕੀਮ ਨੂੰ ਬਹੁਤ ਹੀ ਲਾਭਦਾਇਕ ਕਰਾਰ ਦਿੱਤਾ ਗਿਆ। ਇਸ ਸਕੀਮ ਰਾਹੀਂ ਖਿਡਾਰੀਆਂ ਨੂੰ ਘੱਟ ਖਰਚੇ 'ਤੇ ਉੱਚ ਪੱਧਰੀ ਸਹੂਲਤਾਂ ਪ੍ਰਾਪਤ ਹੋਣਗੀਆਂ, ਜਿਸ ਨਾਲ ਉਹ ਸ਼ੁਰੂਆਤੀ ਪੱਧਰ 'ਤੇ ਹੀ ਸਹੀ ਦਿਸ਼ਾ ਵਿੱਚ ਅੱਗੇ ਵੱਧ ਸਕਣਗੇ। ਖਿਡਾਰੀਆਂ ਦੀ ਡਾਇਟ, ਫਿਟਨੈੱਸ ਅਤੇ ਮਾਨਸਿਕ ਤਿਆਰੀ ਨੂੰ ਧਿਆਨ ਵਿੱਚ ਰੱਖਦਿਆਂ ਹੋਲਿਸਟਿਕ ਡਿਵੈਲਪਮੈਂਟ ਮਾਡਲ ਲਾਗੂ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ। ਇਸ ਮੌਕੇ ਐਸੋਸੀਏਸ਼ਨ ਵੱਲੋਂ ਈ.ਡੀ. ਵਨੀਤ ਕੁਮਾਰ ਦਾ ਸਨਮਾਨ ਵੀ ਕੀਤਾ ਗਿਆ। ਵਨੀਤ ਕੁਮਾਰ ਨੇ ਐਸੋਸੀਏਸ਼ਨ ਦੇ ਉਪਰਾਲਿਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਐਨ.ਆਈ.ਐਸ. ਪਟਿਆਲਾ ਹਮੇਸ਼ਾ ਖੇਡਾਂ ਦੇ ਵਿਕਾਸ ਲਈ ਵਚਨਬੱਧ ਹੈ ਅਤੇ ਸਾਈਕਲਿੰਗ ਖੇਡ ਨੂੰ ਉੱਚਾਈਆਂ 'ਤੇ ਲਿਜਾਣ ਲਈ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ। ਮੀਟਿੰਗ ਤੋਂ ਬਾਅਦ ਐਸੋਸੀਏਸ਼ਨ ਦੇ ਅਹੁਦੇਦਾਰਾਂ ਵੱਲੋਂ ਸਾਈਕਲਿੰਗ ਵੈਲੋਡਰੋਮ (ਟਰੈਕ) ਦਾ ਵਿਸਤ੍ਰਿਤ ਦੌਰਾ ਕੀਤਾ ਗਿਆ। ਉਨ੍ਹਾਂ ਨੇ ਉੱਥੇ ਟ੍ਰੇਨਿੰਗ ਕਰ ਰਹੇ ਖਿਡਾਰੀਆਂ ਨਾਲ ਸਿੱਧੀ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਜ਼ਰੂਰਤਾਂ ਅਤੇ ਮੁਸ਼ਕਲਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਅਹੁਦੇਦਾਰਾਂ ਨੇ ਖਿਡਾਰੀਆਂ ਨੂੰ ਯਕੀਨ ਦਿਵਾਇਆ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕਰਨ ਅਤੇ ਸਹੂਲਤਾਂ ਵਿੱਚ ਸੁਧਾਰ ਲਿਆਉਣ ਲਈ ਸੰਬੰਧਤ ਅਧਿਕਾਰੀਆਂ ਨਾਲ ਲਗਾਤਾਰ ਸਹਿਯੋਗ ਕੀਤਾ ਜਾਵੇਗਾ। ਅੰਤ ਵਿੱਚ ਐਸੋਸੀਏਸ਼ਨ ਵੱਲੋਂ ਇਹ ਵੀ ਐਲਾਨ ਕੀਤਾ ਗਿਆ ਕਿ ਆਉਣ ਵਾਲੇ ਸਮੇਂ ਵਿੱਚ ਸੂਬਾ ਪੱਧਰੀ ਕੋਚਿੰਗ ਕੈਂਪ, ਟੈਲੇਂਟ ਹੰਟ ਪ੍ਰੋਗਰਾਮ, ਸਕੂਲ ਲੀਗ ਮੁਕਾਬਲੇ ਅਤੇ ਪਿੰਡ ਪੱਧਰ ਤੱਕ ਸਾਈਕਲਿੰਗ ਨੂੰ ਪ੍ਰਚਾਰਤ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ। ਇਸ ਦੇ ਨਾਲ ਨਾਲ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਵੀ ਇਹ ਯਤਨ ਮਦਦਗਾਰ ਸਾਬਤ ਹੋਣਗੇ।




## ਗੁਰਮਤਿ ਵਿਚਾਰ ਲੈਕਚਰ ਕਰਵਾਇਆ

ਨਾਭਾ, 20 ਮਈ (ਗੁਰਚਰਨ ਸਿੰਘ ਚੌਧਰੀ ਮਾਜਰਾ) : ਗੁਰੂ ਗੋਬਿੰਦ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬਿਨਾਂਹੇੜੀ ਵਿਖੇ ਵਿਸ਼ੇਸ਼ ਗੁਰਮਤਿ ਵਿਚਾਰ ਲੈਕਚਰ ਕਰਵਾਇਆ ਗਿਆ। ਬੀਤੇ ਦਿਨੀਂ ਸਕੂਲ ਵਿੱਚ ਨੈਤਿਕ ਅਦਰਾ ਕੀਮਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਸਕੂਲ ਵਿੱਚ ਬੱਚਿਆਂ ਨੂੰ ਨੈਤਿਕ ਕਦਰਾਂ-ਕੀਮਤਾਂ ਸਬੰਧੀ ਅਤੇ ਉਨ੍ਹਾਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਪਰਮਾਤਮਾ ਦਾ ਨਾਂ ਜਪਣ ਅਤੇ ਚੰਗੇ ਕੰਮ ਕਰਨ ਲਈ ਦਰਸ਼ਨ ਸਿੰਘ ਵੱਲੋਂ ਬੜੇ ਹੀ ਸੋਹਣੇ ਢੰਗ ਨਾਲ ਆਪਣੇ ਵਿਚਾਰਾਂ ਦੁਆਰਾ ਪ੍ਰੇਰਿਤ ਕੀਤਾ ਗਿਆ। ਸਕੂਲ ਡਾਇਰੈਕਟਰ ਭੁਪਿੰਦਰ ਸਿੰਘ ਚੱਢਾ ਤੇ ਪ੍ਰਿੰਸੀਪਲ ਸਤਵਿੰਦਰਪ੍ਰੀਤ ਵੱਲੋਂ ਸਰਦਾਰ ਦਰਸ਼ਨ ਸਿੰਘ ਜੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ ਅਤੇ ਉਹਨਾਂ ਦੁਆਰਾ ਕੀਤੇ ਜਾਂਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਗਈ।



## ਵਪਾਰ ਮੰਡਲ ਵੱਲੋਂ ਸਫਾਈ ਕਰਮਚਾਰੀਆਂ ਦੇ ਸੰਘਰਸ਼ ਨੂੰ ਸਮਰਥਨ

### ➢ਸਰਕਾਰ ਸਫ਼ਾਈ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ 'ਤੇ ਦੇਵੇ ਧਿਆਨ : ਢੀਂਡਸਾ

ਭਾਦਸੋਂ, 20 ਮਈ (ਭਰਪੂਰ ਸਿੰਘ ਮੱਟਰਾਂ) : ਨਗਰ ਪੰਚਾਇਤ ਭਾਦਸੋਂ ਦੇ ਸਮੂਹ ਸਫਾਈ ਸੇਵਕਾਂ ਵੱਲੋਂ ਕੰਮ ਛੋੜ ਹੜਤਾਲ ਤੇ ਧਰਨਾ 15ਵੇਂ ਦਿਨ ਵੀ ਜਾਰੀ ਹੈ । ਧਰਨੇ ਦੇ ਪੰਦਰ੍ਹਵੇਂ ਦਿਨ ਵਪਾਰ ਮੰਡਲ ਭਾਦਸੋਂ ਦੇ ਪ੍ਰਮੁੱਖ ਆਗੂਆਂ ਅਤੇ ਗੁਰਦੁਆਰਾ ਸਿੰਘ ਸਭਾ ਭਾਦਸੋਂ ਦੀ ਮੈਨੇਜਮੈਂਟ ਕਮੇਟੀ ਨੇ ਸਫਾਈ ਕਰਮਚਾਰੀ ਧਰਨੇ ਵਿੱਚ ਸ਼ਿਰਕਤ ਕੀਤੀ ਤੇ ਉਨ੍ਹਾਂ ਦੇ ਸਾਂਤਮਈ ਸੰਘਰਸ਼ ਨੂੰ ਸਮਰਥਨ ਦੇਣ ਦਾ ਐਲਾਨ ਕੀਤਾ । ਵਪਾਰੀ ਤੇ ਧਾਰਮਿਕ ਆਗੂ ਜਥੇਦਾਰ ਰਣਧੀਰ ਸਿੰਘ ਢੀਂਡਸਾ ਨੇ ਸਫਾਈ ਸੇਵਕਾਂ ਅਤੇ ਸਹਿਰ ਦੇ ਪਤਵੰਤਿਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਫਾਈ ਕਰਮਚਾਰੀ ਸਾਡੇ ਸਮਾਜ ਦਾ ਉਹ ਮਹੱਤਵਪੂਰਨ ਅੰਗ ਹਨ, ਜੋ ਬਹੁਤ ਨਿਗੁਣੀਆਂ ਤਨਖਾਹਾਂ ਉੱਤੇ ਸਹਿਰ ਦੀ ਸਵੱਛਤਾ ਨੂੰ ਬਰਕਰਾਰ ਰੱਖਣ ਦਾ ਕੰਮ ਕਰਦੇ ਨੇ । ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਸਫਾਈ ਕਰਮਚਾਰੀਆਂ ਦੀਆਂ ਜਾਇਜ ਮੰਗਾਂ 'ਤੇ ਤੁਰੰਤ ਧਿਆਨ ਦੇ ਕੇ ਸੁਖਾਵੇਂ ਮਾਹੌਲ ਵਿੱਚ ਹੜਤਾਲ ਖਤਮ ਕਰਵਾਈ ਜਾਵੇ । ਇਸ ਮੌਕੇ ਟਰੇਡ ਯੂਨੀਅਨ ਫੈਡਰੇਸ਼ਨ ਦੇ ਸੂਬਾਈ ਆਗੂ ਮੰਗਾ ਸਿੰਘ ਸੁਧੇਵਾਲ, ਨਗਰ ਪੰਚਾਇਤ ਭਾਦਸੋਂ ਸਫਾਈ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਰਾਜ ਕੁਮਾਰ ਤੇ ਹੋਰ ਯੂਨੀਅਨ ਆਗੂਆਂ ਨੇ ਸਹਿਰ ਦੀਆਂ ਵੱਖ -ਵੱਖ ਵਪਾਰੀ ਐਸੋਸ਼ੀਏਸ਼ਨਾਂ ਦੇ ਆਗੂਆਂ ਨਾਲ ਮੀਟਿੰਗ ਕਰਕੇ ਵੱਖ ਵੱਖ ਸਮਾਜਿਕ ਪਹਿਲੂਆਂ 'ਤੇ ਚਰਚਾ ਕੀਤਾ । ਵਪਾਰ ਮੰਡਲ ਦੇ ਮੀਤ ਪ੍ਰਧਾਨ ਡਿੰਪਲ ਅਗਰਵਾਲ , ਜਨਰਲ ਸਕੱਤਰ ਬੱਬੀ ਰੰਘੇੜੀ ਤੇ ਖਜ਼ਾਨਚੀ ਰਜਿੰਦਰ ਖਨੌੜਾ ਨੇ ਯੂਨੀਅਨ ਆਗੂਆਂ ਨੂੰ ਭਰੋਸਾ ਦਿਵਾਇਆ ਕਿ ਵਪਾਰ ਮੰਡਲ ਉਨ੍ਹਾਂ ਦੀ ਕਿਸੇ ਵੀ ਸਥਾਨਕ ਜਾਂ ਸੂਬਾ ਪੱਧਰੀ ਕਾਲ 'ਤੇ ਲੋੜੀਂਦਾ ਐਕਸ਼ਨ ਲਏਗਾ । ਮੀਟਿੰਗ ਦੌਰਾਨ ਪਤਵੰਤੇ ਕਾਰੋਬਾਰੀਆਂ ਭਾਰਤ ਭੂਸ਼ਨ ਬੱਲੀ, ਸ਼ਕਤੀ ਕੁਮਾਰ, ਐਡਵੋਕੇਟ ਮਨੀਸ਼ ਗੁਪਤਾ, ਇਕਓਮਕਾਰ ਸਿੰਘ ਸੰਧੂ ਕਲੋਨੀ ਵੈਲਫੇਅਰ ਸੋਸਾਇਟੀ, ਕੌਂਸਲਰ ਅਰਸ਼ਦ ਅਲੀ,ਅਸ਼ਵਨੀ ਕੁਮਾਰ ਗਰਗ,ਸੁਦੇਸ਼ ਗਰਗ, ਚਰਨਜੀਤ ਸਿੰਘ ਰਿੰਪੀ,ਵਿੱਕੀ ਬਾਂਸਲ,ਰੋਹਿਤ ਬਾਂਸਲ ,ਮਨੋਜ ਗਰਗ, ਧਰਮਿੰਦਰ ਸਿੰਘ ਧੰਨਾ,ਮਾਸਟਰ ਮਨੋਹਰ ਸਿੰਘ ਗੁਰਦੁਆਰਾ ਕਮੇਟੀ, ਪ੍ਰਿੰਸੀਪਲ ਰਾਮ ਸਰੂਪ ਸਿੰਘ ਮੈਨੇਜਰ, ਲਾਲੀ, ਫੋਰਮੈਨ ਸੋਹਣ ਸਿੰਘ ਨੇ ਅਪਣੇ ਵਿਚਾਰ ਸਾਂਝੇ ਕੀਤੇ । ਸਫਾਈ ਕਰਮਚਾਰੀ ਯੂਨੀਅਨ ਆਗੂਆਂ ਮੰਗਾ ਸਿੰਘ, ਰਾਜ ਕੁਮਾਰ, ਰਣਜੀਤ ਸਿੰਘ ਸੈਕਟਰੀ, ਜਸਵਿੰਦਰ ਸਿੰਘ ਚੇਅਰਮੈਨ , ਰਿਸ਼ੀ ਮੀਤ ਪ੍ਰਧਾਨ, ਹਰਬੰਸ ਸਿੰਘ, ਗੁਰਵਿੰਦਰ ਸਿੰਘ, ਨਵੀਨ ਕੁਮਾਰ, ਦੀਪਕ ਕੁਮਾਰ,ਅਨੂ ਰਾਣੀ,ਭਗਵੰਤ ਸਿੰਘ, ਬੇਅੰਤ ਕੌਰ, ਪਰਮਿੰਦਰ ਸਿੰਘ,ਜਸਵੀਰ ਕੌਰ,ਜਗਜੀਤ ਸਿੰਘ, ਸੁਖਪ੍ਰੀਤ ਕੌਰ, ਨਰਿੰਦਰ ਕੁਮਾਰ, ਰਣਦੀਪ ਸਿੰਘ,ਲਖਬੀਰ ਕੌਰ,ਚਰਨਜੀਤ ਸਿੰਘ ਤੇ ਬਲਵੀਰ ਸਿੰਘ ਨੇ ਸਮਾਜਿਕ ਸਾਂਝ ਦੀ ਅਨੋਖੀ ਮਿਸਾਲ ਦਿੰਦਿਆਂ ਐਲਾਨ ਕੀਤਾ ਕਿ ਉਹ ਹੜਤਾਲ ਦੇ ਬਾਵਜੂਦ ਸਰਕਾਰੀ ਸਕੂਲਾਂ, ਹਸਪਤਾਲ ਤੇ ਧਾਰਮਿਕ ਅਸਥਾਨਾਂ ਵਿੱਚ ਗੰਦਗੀ ਜਮਾਂ ਨਹੀਂ ਹੋਣ ਦੇਣਗੇ ।



## ਦਰਗਾਹ 'ਤੇ ਦਸਵਾਂ ਸਾਲਾਨਾ ਭੰਡਾਰਾ ਯਾਦਗਾਰੀ ਹੋ ਨਿੱਬੜਿਆ



ਬਲਬੇੜ੍ਹਾ/ਡਕਾਲਾ, 20 ਮਈ (ਗੁਰਸੇਵਕ ਸਿੰਘ ਕਰਹਾਲੀ ਸਾਹਿਬ) : ਨੇੜਲੇ ਪਿੰਡ ਨੋਗਾਵਾਂ ਵਿਖੇ ਬਾਬਾ ਜਾਮਣ ਵਾਲਾ ਪੀਰ ਜੀ ਦੀ ਦਰਗਾਹ 'ਤੇ ਸੇਵਾਦਾਰ ਤੁਲਸੀ ਰਾਮ ਤੇ ਬਾਬਾ ਜਾਮਣਵਾਲਾ ਪੀਰ ਜੀ ਪ੍ਰਬੰਧਿਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਦਸਵਾਂ ਦੋ ਰੋਜ਼ਾ ਵਿਸ਼ਾਲ ਸਾਲਾਨਾ ਭੰਡਾਰਾ ਸ਼ਰਧਾ ਪੂਰਵਕ ਕਰਵਾਇਆ ਗਿਆ। ਇਸ ਸਮਾਗਮ ਮੌਕੇ ਗਾਇਕ ਰਵੀ ਖਾਨ, ਸੰਦੀਪ ਨਿਮਾਣਾ, ਮੰਗਲ ਮੰਗੀ ਤੇ ਲਖਵਿੰਦਰ ਸਿੰਘ ਦੇ ਕਵਿਸ਼ਰੀ ਜਥੇ ਵੱਲੋਂ ਪੀਰਾਂ ਦੀ ਮਹਿਮਾਂ ਦਾ ਗੁਣਗਾਨ ਕਰਕੇ ਹਾਜ਼ਰੀ ਲਗਵਾਈ ਗਈ। ਇਸ ਸਮਾਗਮ ਮੌਕੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ। ਇਸ ਸਮਾਗਮ ਮੌਕੇ ਵੱਡੀ ਗਿਣਤੀ 'ਚ ਸੰਗਤਾਂ ਨੇ ਪੀਰ ਜੀ ਦੀ ਦਰਗਾਹ ਨੂੰ ਸਜਦਾ ਕਰਕੇ ਹਾਜ਼ਰੀ ਲਗਵਾਈ।ਸੇਵਾਦਾਰ ਤੁਲਸੀ ਰਾਮ ਅਤੇ ਬਾਬਾ ਜਾਮਣਵਾਲਾ ਪੀਰ ਜੀ ਵੈਲਫੇਅਰ ਸੁਸਾਇਟੀ ਵੱਲੋਂ ਪੁੱਜੀਆਂ ਸਖਸ਼ੀਅਤਾਂ ਤੇ ਸਮੁੱਚੀਆਂ ਸੰਗਤਾਂ ਤੇ ਸੇਵਾਦਾਰਾਂ ਦਾ ਧੰਨਵਾਦ ਕੀਤਾ ਗਿਆ ।

## ਪੁਲਿਸ ਵੱਲੋਂ 10 ਬੋਤਲਾਂ ਸ਼ਰਾਬ ਬ੍ਰਾਮਦ

ਪਟਿਆਲਾ, 20 ਮਈ (ਵਿਨੋਦ ਸ਼ਰਮਾ) : ਥਾਣਾ ਬਖਸ਼ੀਵਾਲਾ ਪੁਲਿਸ ਨੇ ਕਥਿਤ ਦੋਸ਼ੀ ਮਹਿਲਾ ਛਿੰਦਰ ਕੌਰ ਵਾਸੀ ਪਿੰਡ ਕਲਿਆਣ ਵਿਰੁੱਧ ਮਾਮਲਾ ਦਰਜ ਕੀਤਾ ਹੈ। ਏਐਸਆਈ ਹਰਪਾਲ ਸਿੰਘ ਸਮੇਤ ਪੁਲਿਸ ਪਾਰਟੀ ਲਕਸ਼ਮੀ ਮੈਰਜ ਪੈਲਿਸ ਪਾਸ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਕਥਿਤ ਦੋਸ਼ੀ ਮਹਿਲਾ ਸ਼ਰਾਬ ਵੇਚਣ ਲਈ ਬੀਬੀਪੁਰ ਮੋੜ ਪਾਸ ਖੜ੍ਹੀ ਹੈ, ਜੋ ਰੇਡ ਕਰਨ ਪਰ 10 ਬੋਤਲਾਂ ਸ਼ਰਾਬ ਠੇਕਾ ਦੇਸੀ ਗੁਲਾਬ ਪੰਜਾਬ ਦੀਆਂ ਬ੍ਰਾਮਦ ਹੋਈਆਂ।

## ਅੰਦੋਲਨ ਦੌਰਾਨ ਸ਼ਹਾਦਤ ਦੇਣ ਵਾਲੇ ਕਿਸਾਨ ਦੇ ਪਰਿਵਾਰ ਨੂੰ 5 ਲੱਖ ਦਾ ਚੈਕ ਸੌਂਪਿਆ



ਸਮਾਣਾ, 20 ਮਈ (ਵਿਜੇ ਕੁਮਾਰ) : ਦਿੱਲੀ ਕਿਸਾਨ ਅੰਦੋਲਨ ਦੌਰਾਨ ਸ਼ਹਾਦਤ ਦੇਣ ਵਾਲੇ ਸਮਾਣਾ ਨੇੜਲੇ ਪਿੰਡ ਧਨੇਠਾ ਦੇ ਕਿਸਾਨ ਬਲਵੰਤ ਸਿੰਘ ਦੇ ਪਰਿਵਾਰ ਨੂੰ ਪੰਜਾਬ ਸਰਕਾਰ ਵੱਲੋਂ ਆਈ ਆਰਥਿਕ ਸਹਾਇਤਾ ਦਿੱਤੀ ਗਈ। ਬੁੱਧਵਾਰ ਨੂੰ ਐਸ.ਡੀ.ਐਮ ਰਿਚਾ ਗੋਇਲ ਵੱਲੋਂ ਆਪਣੇ ਦਫਤਰ ਵਿਚ ਮ੍ਰਿਤਕ ਕਿਸਾਨ ਦੀ ਪਤਨੀ ਚਰਨਜੀਤ ਕੌਰ ਨੂੰ ਕਿਸਾਨ ਆਗੂਆਂ ਦੀ ਹਾਜ਼ਰੀ ਵਿਚ 5 ਲੱਖ ਰੁਪਏ ਦਾ ਚੈੱਕ ਸੌਂਪਿਆ ਗਿਆ। ਇਸ ਮੌਕੇ ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਦੇਰ ਨਾਲ ਕੀਤਾ ਗਿਆ ਇਕ ਚੰਗਾ ਉਪਰਾਲਾ ਹੈ। ਇਸ ਮੌਕੇ ਪਰਿਵਾਰ ਵੱਲੋਂ ਸਰਕਾਰ ਦਾ ਧੰਨਵਾਦ ਕਰਦੇ ਹੋਏ ਆਪਣੇ ਪੁੱਤਰ ਲਈ ਸਰਕਾਰੀ ਨੌਕਰੀ ਦੀ ਮੰਗ ਵੀ ਕੀਤੀ।

## ਪੁਲਿਸ ਵੱਲੋਂ 40 ਨਸ਼ੀਲੀਆਂ ਗੋਲ਼ੀਆਂ ਬ੍ਰਾਮਦ

ਪਟਿਆਲਾ, 20 ਮਈ (ਵਿਨੋਦ ਸ਼ਰਮਾ) : ਥਾਣਾ ਲਾਹੌਰੀ ਗੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਸੰਨੀ ਕੁਮਾਰ ਵਾਸੀ ਗਲੀ ਨੰ. 10 ਤਫੱਜਲਪੁਰਾ ਪਟਿਆਲਾ ਵਿਰੁੱਧ ਮਾਮਲਾ ਦਰਜ ਕੀਤਾ ਹੈ। ਏਐਸਆਈ ਤੇਜਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਬੀਰ ਜੀ ਦੀਆਂ ਮੜ੍ਹੀਆਂ ਪਾਸ ਮੌਜੂਦ ਸੀ, ਜੋ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 40 ਨਸ਼ੀਲੀਆਂ ਗੋਲੀਆਂ ਬ੍ਰਾਮਦ ਹੋਈਆਂ।

## ਪਟਿਆਲਾ ਜੇਲ੍ਹ ਟ੍ਰੇਨਿੰਗ ਸਕੂਲ 'ਚ ਤਿੰਨ ਰੋਜ਼ਾ ਟ੍ਰੇਨਿੰਗ ਪ੍ਰੋਗਰਾਮ

### ਜੇਲ੍ਹਾਂ ਨੂੰ ਸਜ਼ਾ ਕੇਂਦਰ ਨਹੀਂ, ਸੁਧਾਰ ਕੇਂਦਰ ਬਣਾਉਣ ਦੀ ਲੋੜ: ਸਿਹਤ ਮੰਤਰੀ

ਪਟਿਆਲਾ, 20 ਮਈ (ਵਿਨੋਦ ਸ਼ਰਮਾ) : ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪਟਿਆਲਾ ਜੇਲ੍ਹ ਟ੍ਰੇਨਿੰਗ ਸਕੂਲ ਵਿਖੇ ਆਯੋਜਿਤ ਤਿੰਨ ਰੋਜ਼ਾ ਟ੍ਰੇਨਿੰਗ ਪ੍ਰੋਗਰਾਮ 'ਸੋਸ਼ਲ ਵਰਕ ਇੰਟਰਵੇਂਸ਼ਨ ਇੰਨ ਪ੍ਰੀਜ਼ਨਜ਼' ਵਿੱਚ ਵਿਸ਼ੇਸ਼ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨੇ ਜੇਲ੍ਹ ਸੁਧਾਰ, ਕੈਦੀਆਂ ਦੀ ਮਨੋਵਿਗਿਆਨਕ ਸਹਾਇਤਾ, ਨਸ਼ਾ ਮੁਕਤੀ ਉਪਰਾਲਿਆਂ ਅਤੇ ਸਮਾਜਿਕ ਪੁਨਰਵਾਸ ਨਾਲ ਸੰਬੰਧਿਤ ਮਹੱਤਵਪੂਰਨ ਵਿਸ਼ਿਆਂ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਟ੍ਰੇਨਿੰਗ ਪ੍ਰੋਗਰਾਮ ਵਿੱਚ ਲਗਭਗ 40 ਭਾਗੀਦਾਰਾਂ ਨੇ ਹਿੱਸਾ ਲਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਜੇਲ੍ਹ ਅੰਦਰ ਸਮਾਜਿਕ ਕਾਰਜ ਹਸਤਖੇਪਾਂ ਨੂੰ ਮਜ਼ਬੂਤ ਕਰਨਾ ਅਤੇ ਕੈਦੀਆਂ ਦੀ ਮਾਨਸਿਕ, ਭਾਵਨਾਤਮਕ ਅਤੇ ਸਮਾਜਿਕ ਭਲਾਈ ਲਈ ਪ੍ਰਭਾਵਸ਼ਾਲੀ ਰਣਨੀਤੀਆਂ ਤਿਆਰ ਕਰਨਾ ਹੈ। ਡਾ. ਬਲਬੀਰ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਜੇਲ੍ਹਾਂ ਨੂੰ ਸਿਰਫ਼ ਸਜ਼ਾ ਦੇ ਕੇਂਦਰ ਵਜੋਂ ਨਹੀਂ, ਸਗੋਂ ਸੁਧਾਰ ਅਤੇ ਪੁਨਰਵਾਸ ਕੇਂਦਰਾਂ ਵਜੋਂ ਵਿਕਸਿਤ ਕਰਨਾ ਸਮੇਂ ਦੀ ਲੋੜ ਹੈ। ਸਿਹਤ ਮੰਤਰੀ ਨੇ ਇਹ ਵੀ ਜ਼ੋਰ ਦਿੱਤਾ ਕਿ ਜੇਲ੍ਹ ਅੰਦਰ ਗੁਣਵੱਤਾ ਵਾਲੀਆਂ ਨਸ਼ਾ ਮੁਕਤੀ ਅਤੇ ਮਨੋਵਿਗਿਆਨਕ ਭਲਾਈ ਸੇਵਾਵਾਂ ਦੀ ਸ਼ੁਰੂਆਤ ਇੱਕ ਮਹੱਤਵਪੂਰਨ ਕਦਮ ਹੈ, ਜੋ ਕੈਦੀਆਂ ਦੀ ਸਿਹਤ ਅਤੇ ਮਾਨਸਿਕ ਖੁਸ਼ਹਾਲੀ ਨੂੰ ਸੁਧਾਰਨ ਵਿੱਚ ਮਦਦਗਾਰ ਸਾਬਤ ਹੋਵੇਗਾ। ਡਾ. ਬਲਬੀਰ ਸਿੰਘ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਸਮਾਜਿਕ ਕਾਰਜਕਰਤਾ ਜੇਲ੍ਹ ਸੁਧਾਰ ਪ੍ਰਕਿਰਿਆ ਦੀ ਇਕ ਮਹੱਤਵਪੂਰਨ ਕੜੀ ਹਨ ਅਤੇ ਉਨ੍ਹਾਂ ਦੀ ਭੂਮਿਕਾ ਕੈਦੀਆਂ ਦੀ ਸੋਚ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਵਿੱਚ ਅਹਿਮ ਹੈ। ਇਸ ਤਰ੍ਹਾਂ ਦੇ ਟ੍ਰੇਨਿੰਗ ਪ੍ਰੋਗਰਾਮ ਜੇਲ੍ਹ ਪ੍ਰਣਾਲੀ ਵਿੱਚ ਨਵੀਂ ਸੋਚ ਅਤੇ ਮਾਨਵਤਾ-ਕੇਂਦਰਤ ਦ੍ਰਿਸ਼ਟੀਕੋਣ ਨੂੰ ਉਤਸ਼ਾਹਿਤ ਕਰਦੇ ਹਨ। ਇਸ ਮੌਕੇ ਓ ਐਸ ਡੀ ਸ੍ਰੀ ਸ਼ਾਲੀਨ ਮਿੱਤਰਾ, ਸ੍ਰੀ ਹਰਚਰਨ ਗਿੱਲ, ਟਾਟਾ ਇੰਸਟੀਟਿਊਟ ਆਫ ਸੋਸ਼ਲ ਸਾਇੰਸ ਪ੍ਰੋ: ਵਿਜੇ ਰਾਗਵਾਨ, ਪ੍ਰਿੰਸੀਪਲ ਪੀ ਜੇ ਟੀ ਐਸ ਪਟਿਆਲਾ ਵਰੁਣ ਸ਼ਰਮਾ ਪੀ ਪੀ ਐਸ , ਵਾਈਸ ਪ੍ਰਿੰਸੀਪਲ ਪੀ ਜੇ ਟੀ ਐਸ ਮੁਕੇਸ਼ ਸ਼ਰਮਾ, ਚੀਫ਼ ਵੈਲਫੇਅਰ ਅਫ਼ਸਰ ਪ੍ਰਿਸਨ ਐਚ ਕਿਊ ਪੰਜਾਬ ਸ੍ਰੀ ਐਚ ਐਸ ਗਿੱਲ ਪੀ ਪੀ ਐਸ ਤੋਂ ਇਲਾਵਾ ਐਨ ਜੀ ਓਜ਼ ਦੇ ਨੁਮਾਇੰਦੇ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।



## ਤੀਰਥ ਯਾਤਰਾ ਲਈ ਬੱਸ ਨੂੰ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਘੁਮਾਣ ਨੇ ਦਿਖਾਈ ਹਰੀ ਝੰਡੀ

ਭੁਨਰਹੇੜੀ, 20 ਮਈ (ਗੁਰਜੀਤ ਸਿੰਘ ਢੋਟ) : ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਈ ਗਈ 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਤਹਿਤ ਅੱਜ ਹਲਕਾ ਸਨੌਰ ਦੇ ਪਿੰਡ ਨੂਰਖੇੜੀਆਂ ਵਿਖੇ ਉਸ ਸਮੇਂ ਭਾਰੀ ਉਤਸ਼ਾਹ ਤੇ ਸ਼ਰਧਾ ਦਾ ਮਾਹੌਲ ਦੇਖਣ ਨੂੰ ਮਿਲਿਆ, ਜਦੋਂ ਬਜ਼ੁਰਗ ਸ਼ਰਧਾਲੂਆਂ ਦੀ ਇੱਕ ਬੱਸ ਨੂੰ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਘੁਮਾਣ ਵੱਲੋਂ ਹਰੀ ਝੰਡੀ ਦਿਖਾ ਕੇ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਕੀਤਾ ਗਿਆ। ਇਸ ਮੌਕੇ ਸ਼ਰਧਾਲੂਆਂ ਦੇ ਜੱਥੇ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਘੁਮਾਣ ਨੇ ਕਿਹਾ ਕਿ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਦੀ ਯੋਗ ਅਗਵਾਈ ਹੇਠ ਹਲਕੇ ਦੇ ਹਰ ਪਿੰਡ ਦੇ ਨਿਵਾਸੀਆਂ ਤੱਕ ਸਰਕਾਰ ਦੀਆਂ ਲੋਕ-ਭਲਾਈ ਸਕੀਮਾਂ ਦਾ ਲਾਭ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਤੀਰਥ ਯਾਤਰਾ ਸਕੀਮ ਉਨ੍ਹਾਂ ਬਜ਼ੁਰਗਾਂ ਲਈ ਇੱਕ ਸੁਪਨਾ ਸਾਕਾਰ ਹੋਣ ਵਰਗੀ ਹੈ, ਜੋ ਸਾਧਨਾਂ ਦੀ ਘਾਟ ਕਾਰਨ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਤੋਂ ਵਾਂਝੇ ਸਨ। ਦੱਸਣਯੋਗ ਹੈ ਕਿ ਬੱਸ ਰਵਾਨਾ ਹੋਣ ਸਮੇਂ ਬਜ਼ੁਰਗਾਂ ਦੇ ਚਿਹਰਿਆਂ 'ਤੇ ਖ਼ੁਸ਼ੀ ਸਾਫ਼ ਝਲਕ ਰਹੀ ਸੀ ਅਤੇ ਉਨ੍ਹਾਂ ਨੇ ਭਾਵੁਕ ਹੁੰਦਿਆਂ ਜੈਕਾਰਿਆਂ ਦੀ ਗੂੰਜ ਵਿੱਚ ਪੰਜਾਬ ਸਰਕਾਰ ਅਤੇ ਹਲਕਾ ਲੀਡਰਸ਼ਿਪ ਦੀ ਚੜ੍ਹਦੀ ਕਲਾ ਲਈ ਅਸੀਸਾਂ ਦਿੱਤੀਆਂ। ਇਸ ਮੌਕੇ ਪਿੰਡ ਨੂਰਖੇੜੀਆਂ ਹਰਪ੍ਰੀਤ ਸਿੰਘ ਸਰਪੰਚ, ਸੋਮਨਾਥ ਪੰਚ, ਰਾਕੇਸ਼ ਕੁਮਾਰ ਪੰਚ, ਬਾਲੀ ਸਿੰਘ ਪੰਚ, ਪ੍ਰਦੀਪ ਕੌਰ ਪੰਚ, ਗੁਰਜੀਤ ਕੌਰ ਪੰਚ, ਕੌਰ ਸਿੰਘ ਅਤੇ ਇਲਾਕਾ ਨਿਵਾਸੀਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਅਤੇ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਘੁਮਾਣ ਦਾ ਤਹਿ ਦਿਲੋਂ ਧੰਨਵਾਦ ਕੀਤਾ। ਪਿੰਡ ਵਾਸੀਆਂ ਨੇ ਆਗੂਆਂ ਦਾ ਫੁੱਲਾਂ ਦੇ ਹਾਰ ਪਾ ਕੇ ਸਵਾਗਤ ਵੀ ਕੀਤਾ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸਥਾਨਕ ਅਹੁਦੇਦਾਰ, ਮਿਹਨਤੀ ਵਲੰਟੀਅਰ, ਪੰਚ-ਸਰਪੰਚ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

